23-NOV-PAGE-1.qxd 11/22/2023 10:26 PM Page 1


ਵੀਰਵਾਰ, 23 ਨਵੰਬਰ, 2023

8 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080 }

ਜਿਲਦ/VOL. : 72

ਅੰਕ/NO. : 173

# ਨਵਾਂ ਜ਼ਮਾਨਾ

DAILY NAWAN ZAMANA • THURSDAY, 23 NOVEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਅਮਰੀਕਾ ਨੇ ਪਨੂੰ ਖਿਲਾਫ ਸਾਜ਼ਿਸ਼ 'ਚ ਭਾਰਤ ਨੂੰ ਘੜੀਸਿਆ



**ਨਵੀਂ ਦਿੱਲੀ** : ਅਮਰੀਕੀ ਅਖਬਾਰ ਫਾਇਨੈਂਸ਼ੀਅਲ ਟਾਈਮਜ਼ ਨੇ ਖਬਰ ਦਿੱਤੀ ਹੈ ਕਿ ਅਮਰੀਕੀ ਅਧਿਕਾਰੀਆਂ ਨੇ ਨਿਊ ਯਾਰਕ 'ਚ ਵੱਖਵਾਦੀ ਗੁਰਪਤਵੰਤ ਸਿੰਘ ਪਨੂੰ ਨੂੰ ਮਾਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਸੀ ਅਤੇ ਇਸ ਵਿਚ ਭਾਰਤ ਸਰਕਾਰ ਦੀ ਕਥਿਤ ਸ਼ਮੂਲੀਅਤ 'ਤੇ ਚਿਤਾਵਨੀ ਵੀ ਜਾਰੀ ਕੀਤੀ ਸੀ। ਭਾਰਤ ਸਰਕਾਰ ਵੱਲੋਂ ਫੌਰੀ ਤੌਰ 'ਤੇ ਪ੍ਰਤੀਕ੍ਰਿਆ ਨਹੀਂ ਆਈ ਹੈ। ਇਸ ਤੋਂ ਦੋ ਮਹੀਨੇ ਪਹਿਲਾਂ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਦੋਸ਼ ਲਾਇਆ ਸੀ ਕਿ ਉਨ੍ਹਾ ਕੋਲ ਪੁਖਤਾ ਸਬੂਤ ਹਨ ਕਿ ਵੈਨਕੂਵਰ ਵਿਚ ਵੱਖਵਾਦੀ ਆਗੂ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਵਿਚ ਭਾਰਤੀ ਏਜੰਟ ਸ਼ਾਮਲ ਸਨ। ਅਮਰੀਕੀ ਅਖਬਾਰ ਨੇ ਜਾਣਕਾਰਾਂ ਦੇ ਹਵਾਲੇ ਨਾਲ ਕਿਹਾ ਕਿ ਨਿਸ਼ਾਨੇ 'ਤੇ ਅਮਰੀਕਾ ਤੇ ਕੈਨੇਡਾ ਦਾ ਨਾਗਰਿਕ ਅਤੇ ਸਿੱਖਸ ਫਾਰ ਜਸਟਿਸ (ਐੱਸ ਐੱਫ ਜੇ) ਦਾ ਆਗੂ ਗੁਰਪਤਵੰਤ ਪਨੂੰ ਸੀ, ਜਿਹੜਾ ਕਿ ਖਾਲਿਸਤਾਨ ਲਈ ਲਹਿਰ ਚਲਾ ਰਿਹਾ ਹੈ। ਮਾਮਲੇ ਦੇ ਜਾਣਕਾਰਾਂ ਨੇ ਇਹ ਨਹੀਂ ਦੱਸਿਆ ਕਿ ਭਾਰਤ ਨੂੰ ਚਿਤਾਵਨੀ ਦੇਣ ਤੋਂ ਬਾਅਦ ਯੋਜਨਾ ਛੱਡ ਦਿੱਤੀ ਗਈ ਜਾਂ ਅਮਰੀਕਾ ਦੀ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ ਨੇ ਯੋਜਨਾ ਨਾਕਾਮ ਬਣਾ ਦਿੱਤੀ। ਅਖਬਾਰ ਮੁਤਾਬਕ ਇਕ ਬੰਦੇ ਨੇ ਦੱਸਿਆ ਕਿ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੂਨ ਵਿਚ ਵਾਸ਼ਿੰਗਟਨ ਆਏ ਸਨ ਤਾਂ ਅਮਰੀਕਾ ਨੇ ਪਨੂੰ ਖਿਲਾਫ ਸਾਜ਼ਿਸ਼ ਬਾਰੇ ਪ੍ਰੋਟੈੱਸਟ ਦਰਜ ਕਰਾਇਆ ਸੀ। ਡਿਪਲੋਮੈਟਿਕ ਚਿਤਾਵਨੀ ਦੇ ਇਲਾਵਾ ਘੱਟੋਘੱਟ ਇਕ ਕਥਿਤ ਸਾਜ਼ਿਸ਼ੀ ਦੇ ਖਿਲਾਫ ਨਿਊ ਯਾਰਕ ਜ਼ਿਲ੍ਹਾ ਅਦਾਲਤ 'ਚ ਸੀਲਬੰਦ ਰਿਪੋਰਟ ਵੀ ਦਿੱਤੀ ਗਈ। ਇਹ ਬੰਦਾ ਹੁਣ ਅਮਰੀਕਾ ਵਿੱਚੋਂ ਗਾਇਬ ਦੱਸਿਆ ਜਾਂਦਾ ਹੈ। ਅਮਰੀਕੀ ਨਿਆ ਵਿਭਾਗ ਸੋਚ ਰਿਹਾ ਹੈ ਕਿ ਉਹ ਰਿਪੋਰਟ ਨੂੰ ਨਸ਼ਰ ਕਰ ਦੇਵੇ ਜਾਂ ਕੈਨੇਡਾ ਵੱਲੋਂ ਨਿੱਝਰ ਮਾਮਲੇ ਦੀ ਜਾਂਚ ਪੂਰੀ ਕਰ ਲੈਣ ਤੱਕ ਉਡੀਕ ਕਰੇ ਕੌਮੀ ਸੁਰੱਖਿਆ ਕੌਂਸਲ ਨੇ ਕਿਹਾ ਹੈ ਕਿ ਅਮਰੀਕਾ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਤੇ ਆਪਣੇ ਭਾਈਵਾਲਾਂ ਨਾਲ ਨਿੱਜੀ ਡਿਪਲੋਮੈਟਿਕ ਵਿਚਾਰ-ਵਟਾਂਦਰੇ ਬਾਰੇ ਟਿੱਪਣੀ ਨਹੀਂ ਕਰਦਾ, ਪਰ ਉਸ ਲਈ ਆਪਣੇ ਨਾਗਰਿਕਾਂ ਦੀ ਸੁਰੱਖਿਆ ਸਭ ਤੋਂ ਉੱਪਰ ਹੈ।

## ਕੈਨੇਡੀਅਨਾਂ ਲਈ ਈ-ਵੀਜ਼ਾ ਸੇਵਾਵਾਂ ਬਹਾਲ

**ਨਵੀਂ ਦਿੱਲੀ** : ਭਾਰਤ ਨੇ ਬੁੱਧਵਾਰ ਦੋ ਮਹੀਨਿਆਂ ਬਾਅਦ ਕੈਨੇਡੀਅਨ ਨਾਗਰਿਕਾਂ ਲਈ ਈ-ਵੀਜ਼ਾ ਸੇਵਾਵਾਂ ਮੁੜ ਸ਼ੁਰੂ ਕਰ ਦਿੱਤੀਆਂ। ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। 21 ਸਤੰਬਰ ਨੂੰ ਵੀਜ਼ਾ ਸੇਵਾਵਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ, ਕਿਉਂਕਿ ਕੈਨੇਡਾ ਨੇ ਜੂਨ 'ਚ ਖਾਲਿਸਤਾਨੀ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੀ ਹੱਤਿਆ 'ਚ ਭਾਰਤ ਸਰਕਾਰ ਦੇ ਏਜੰਟ ਸ਼ਾਮਲ ਹੋਣ ਦਾ ਦੋਸ਼ ਲਗਾਇਆ ਸੀ, ਜਦ ਕਿ ਭਾਰਤ ਨੇ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੰਦਿਆਂ ਸਬੂਤਾਂ ਦੀ ਮੰਗ ਕੀਤੀ ਸੀ।

# 26 ਤੋਂ ਹਜ਼ਾਰਾਂ ਕਿਸਾਨ ਚੰਡੀਗੜ੍ਹ ਧਰਨੇ 'ਤੇ ਜੁਟਣਗੇ



**ਜਲੰਧਰ, (ਕੇਸਰ)** ਸੰਯੁਕਤ ਕਿਸਾਨ ਮੋਰਚਾ ਪੰਜਾਬ ਵਿੱਚ ਸ਼ਾਮਲ 32 ਕਿਸਾਨ ਜਥੇਬੰਦੀਆਂ ਦੀ ਮੀਟਿੰਗ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਬੁੱਧਵਾਰ ਹਰਿੰਦਰ ਸਿੰਘ ਲੱਖੋਵਾਲ, ਜੁਗਿੰਦਰ ਸਿੰਘ ਉਗਰਾਹਾਂ ਅਤੇ ਬੂਟਾ ਸਿੰਘ ਬੁਰਜ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਨੁਮਾਇੰਦੇ ਵੀ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਸਾਰੇ ਸੂਬਿਆਂ ਦੀਆਂ ਰਾਜਧਾਨੀਆਂ ਵਿੱਚ 26 ਤੋਂ 28 ਨਵੰਬਰ ਤੱਕ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਦੇ ਅੰਗ ਵਜੋਂ ਚੰਡੀਗੜ੍ਹ ਵਿਖੇ ਲੱਗਣ ਵਾਲੇ ਤਿੰਨ ਰੋਜ਼ਾ ਮੋਰਚੇ ਦੀਆਂ ਤਿਆਰੀਆਂ ਅਤੇ ਰੂਟ ਨੂੰ ਅੰਤਮ ਛੋਹਾਂ ਦਿੱਤੀਆਂ ਗਈਆਂ।

ਪ੍ਰਧਾਨਗੀ ਮੰਡਲ ਨੇ ਦੱਸਿਆ ਕਿ ਸਾਰੇ ਪੰਜਾਬ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਾਨ, ਕਿਸਾਨ ਅਤੇ ਬੀਬੀਆਂ ਟਰੈਕਟਰ, ਟਰਾਲੀਆਂ ਅਤੇ ਗੱਡੀਆਂ ਰਾਹੀਂ ਚੰਡੀਗੜ੍ਹ ਪਹੁੰਚਣਗੇ। ਕਿਸਾਨ ਆਈਸ਼ਰ ਚੌਕ ਤੋਂ ਟ੍ਰਿਬਿਊਨ ਚੌਕ ਵਾਲੀ ਸੜਕ ਤੋਂ ਆਉਣਗੇ।

ਆਗੂਆਂ ਦੱਸਿਆ ਕਿ ਸਾਰੀਆਂ ਕਿਸਾਨ ਜਥੇਬੰਦੀਆਂ ਇਸ ਪ੍ਰੋਗਰਾਮ ਦੀ ਤਿਆਰੀ ਲਈ ਪਿੰਡਾਂ ਵਿੱਚ ਮੁਹਿੰਮ ਚਲਾ ਰਹੀਆਂ ਹਨ। ਟਰਾਲੀਆਂ ਸਜਾਈਆਂ ਜਾ ਰਹੀਆਂ ਹਨ ਅਤੇ ਰਾਸ਼ਨ ਇਕੱਠਾ ਕੀਤਾ ਜਾ ਰਿਹਾ ਹੈ। ਲੱਗਭੱਗ ਸਾਰੇ ਪੰਜਾਬ ਦੇ ਟਰੈਕਟਰ-ਟਰਾਲੀਆਂ 25 ਨਵੰਬਰ ਨੂੰ ਹੀ ਚੰਡੀਗੜ੍ਹ ਵੱਲ ਰਵਾਨਾ ਹੋਣਗੇ। ਇਸ ਤਰ੍ਹਾਂ ਇੱਕ ਵਾਰ ਫੇਰ ਦਿੱਲੀ ਅੰਦੋਲਨ ਵਾਲਾ ਮਾਹੌਲ ਬਣਨ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਮੀਟਿੰਗ ਵਿੱਚ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਪ੍ਰੈੱਸ ਕਮੇਟੀ, ਸੰਚਾਲਨ ਕਮੇਟੀ ਅਤੇ ਵੱਖ-ਵੱਖ ਦਿਨਾਂ ਲਈ ਪ੍ਰਧਾਨਗੀ ਮੰਡਲ ਬਣਾਏ ਗਏ।

ਕਿਸਾਨ ਆਗੂਆਂ ਦੱਸਿਆ ਕਿ ਦਿੱਲੀ ਮੋਰਚੇ ਵੇਲੇ ਕੇਂਦਰ ਸਰਕਾਰ ਨੇ ਜੋ ਵਾਅਦੇ ਕੀਤੇ ਸਨ, ਉਹ ਪੂਰੇ ਨਹੀਂ ਕੀਤੇ ਗਏ। ਇਸ ਲਈ ਸੰਯੁਕਤ ਕਿਸਾਨ ਮੋਰਚਾ ਆਪਣੀਆਂ ਮੰਗਾਂ ਨੂੰ ਮਨਵਾਉਣ ਲਈ ਸਾਰੇ ਰਾਜਾਂ ਦੀਆਂ ਰਾਜਧਾਨੀਆਂ ਵਿੱਚ ਇਹ ਪ੍ਰਦਰਸ਼ਨ ਕਰ ਕੇ ਕੇਂਦਰ ਸਰਕਾਰ ਤੋਂ ਮੰਗ ਕਰੇਗਾ ਕਿ ਸਾਰੀਆਂ ਫਸਲਾਂ ਦੀ ਐੱਮ ਐੱਸ ਪੀ ਸਵਾਮੀਨਾਥਨ ਕਮਿਸ਼ਨ ਦੀ ਫਾਰਮੂਲੇ ਅਨੁਸਾਰ ਸੀ-2+50 ਫੀਸਦੀ ਦੇ ਫਾਰਮੂਲੇ ਨਾਲ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਓ, ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਕਿਸਾਨਾਂ ਸਿਰ ਚੜ੍ਹਿਆ ਸਾਰਾ ਕਰਜ਼ਾ ਰੱਦ ਕਰੋ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਓ, ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਮਿਸ਼ਰਾ ਟੈਣੀ ਨੂੰ ਅਹੁਦੇ ਤੋਂ ਬਰਖਾਸਤ ਕਰ ਕੇ ਸਜ਼ਾ ਦਿਓ, ਦਿੱਲੀ ਅੰਦੋਲਨ ਦੌਰਾਨ ਕਿਸਾਨਾਂ 'ਤੇ ਬਣਾਏ ਸਾਰੇ ਕੇਸ ਰੱਦ ਕਰੋ, ਬਿਜਲੀ ਸੋਧ ਬਿੱਲ ਨੂੰ ਚੋਰਮੋਰੀਆਂ ਰਾਹੀਂ

● ਬਾਕੀ ਸਫ਼ਾ 2 'ਤੇ

## ਮਾਨ ਦੀ ਕਿਸਾਨਾਂ ਨੂੰ ਸਲਾਹ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨ ਯੂਨੀਅਨਾਂ ਨੂੰ ਖਬਰਦਾਰ ਕੀਤਾ ਹੈ ਕਿ ਜੇ ਕਿਸਾਨਾਂ ਦਾ ਇਹੀ ਰਵੱਈਆ ਰਿਹਾ ਤਾਂ ਯੂਨੀਅਨ ਵਾਲਿਆਂ ਨੂੰ ਧਰਨੇ ਲਾਉਣ ਲਈ ਬੰਦੇ ਨਹੀਂ ਲੱਭਣੇ। ਮਾਨ ਨੇ ਟਵੀਟ ਕੀਤਾ—ਮੇਰੀ ਕਿਸਾਨ ਯੂਨੀਅਨਾਂ ਨੂੰ ਬੇਨਤੀ ਹੈ ਕਿ ਹਰ ਗੱਲ 'ਤੇ ਸੜਕਾਂ ਰੋਕ ਕੇ ਆਮ ਲੋਕਾਂ ਨੂੰ ਆਪਣੇ ਵਿਰੁੱਧ ਨਾ ਕਰੋ। ਸਰਕਾਰ ਨਾਲ ਗੱਲ ਕਰਨ ਲਈ ਚੰਡੀਗੜ੍ਹ ਦਾ ਪੰਜਾਬ ਭਵਨ, ਸੈਕਟਰੀਏਟ, ਖੇਤੀਬਾੜੀ ਮੰਤਰੀ ਦਾ ਦਫਤਰ ਅਤੇ ਮੇਰਾ ਦਫਤਰ ਤੇ ਘਰ ਹੈ, ਨਾ ਕਿ ਸੜਕਾਂ। ਜੇ ਇਹੀ ਰਵੱਈਆ ਰਿਹਾ ਤਾਂ ਉਹ ਦਿਨ ਦੂਰ ਨਹੀਂ, ਜਦੋਂ ਤੁਹਾਨੂੰ ਧਰਨੇ ਵਾਸਤੇ ਬੰਦੇ ਨਹੀਂ ਲੱਭਣੇ। ਲੋਕਾਂ ਦੀਆਂ ਭਾਵਨਾਵਾਂ ਸਮਝੋ। ਮੁੱਖ ਮੰਤਰੀ ਨੇ ਕਿਹਾ ਕਿ ਯੂਨੀਅਨਾਂ ਨੂੰ ਸੜਕਾਂ ਰੋਕਣ ਨਾਲ ਆਮ ਲੋਕਾਂ ਨੂੰ ਪੇਸ਼ ਆ ਰਹੀਆਂ ਦੁੱਖ-ਤਕਲੀਫਾਂ ਬਾਰੇ ਸੰਵੇਦਨਸ਼ੀਲ ਹੋਣਾ ਚਾਹੀਦਾ ਹੈ। ਸਮਾਜ ਪ੍ਰਤੀ ਕਿਸਾਨ ਯੂਨੀਅਨਾਂ ਦਾ ਇਹ ਗੈਰ-ਜ਼ਿੰਮੇਵਾਰਾਨਾ ਰਵੱਈਆ ਅਣ-ਉਚਿਤ ਹੈ। ਉਨ੍ਹਾ ਦੁਹਰਾਇਆ ਕਿ ਸਮਾਜ ਦੇ ਹਰੇਕ ਵਰਗ ਲਈ ਉਨ੍ਹਾ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ, ਜਿਸ ਕਰਕੇ ਕਿਸਾਨ ਯੂਨੀਅਨਾਂ ਸੜਕਾਂ ਬੰਦ ਕਰਕੇ ਲੋਕਾਂ ਲਈ ਪ੍ਰੇਸ਼ਾਨੀ ਖੜ੍ਹੀ ਕਰਨ ਦੀ ਬਜਾਏ ਸਰਕਾਰ ਨਾਲ ਗੱਲਬਾਤ ਦਾ ਰਾਹ ਫੜ ਸਕਦੀਆਂ ਹਨ।

# ਸਾਂ ਫਰਾਂਸਿਸਕੋ ਹਮਲੇ ਦੇ ਸੰਬੰਧ 'ਚ ਪੰਜਾਬ 'ਚ ਛਾਪੇਮਾਰੀ

**ਨਵੀਂ ਦਿੱਲੀ** : ਅਮਰੀਕਾ ਦੇ ਸਾਂ ਫਰਾਂਸਿਸਕੋ ਸਥਿਤ ਭਾਰਤੀ ਵਣਜ ਦੂਤਘਰ 'ਤੇ ਖਾਲਿਸਤਾਨੀ ਸਮਰਥਕਾਂ ਵੱਲੋਂ ਕੀਤੇ ਹਮਲੇ ਦੀ ਜਾਂਚ ਦੇ ਸੰਬੰਧ 'ਚ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੇ ਪੰਜਾਬ ਅਤੇ ਹਰਿਆਣਾ 'ਚ 14 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਹੈ। ਏਜੰਸੀ ਦੇ ਸੂਤਰਾਂ ਅਨੁਸਾਰ ਜਾਂਚ ਏਜੰਸੀ ਨੇ 14 ਨਵੰਬਰ ਨੂੰ ਆਪਸੀ ਕਾਨੂੰਨੀ ਸਹਾਇਤਾ ਸੰਧੀ ਦੇ ਤਹਿਤ ਅਮਰੀਕੀ ਅਧਿਕਾਰੀਆਂ ਤੋਂ ਸਬੂਤਾਂ ਦੀ ਬੇਨਤੀ ਕੀਤੀ ਸੀ।

ਸੂਤਰਾਂ ਨੇ ਦੱਸਿਆ ਕਿ ਸੀ ਸੀ ਟੀ ਵੀ ਫੁਟੇਜ਼ ਸਕੈਨਿੰਗ ਰਾਹੀਂ 45 ਚਿਹਰਿਆਂ ਦੀ ਪਛਾਣ ਕੀਤੀ ਗਈ ਹੈ। 21 ਸਤੰਬਰ ਨੂੰ ਏਜੰਸੀ ਨੇ ਵਣਜ ਦੂਤਘਰ 'ਤੇ ਹਮਲੇ ਅਤੇ ਭੰਨਤੋੜ ਦੇ ਮਾਰਚ 2023 ਦੇ ਮਾਮਲੇ 'ਚ ਲੋੜੀਂਦੇ 10 ਮੁਲਜ਼ਮਾਂ ਦੀਆਂ ਤਸਵੀਰਾਂ ਜਾਰੀ ਕੀਤੀਆਂ ਸਨ ਅਤੇ ਆਮ ਲੋਕਾਂ ਤੋਂ ਉਨ੍ਹਾਂ ਬਾਰੇ ਜਾਣਕਾਰੀ ਮੰਗੀ ਸੀ।

ਪੰਜਾਬ 'ਚ ਮੋਗਾ, ਲੁਧਿਆਣਾ, ਗੁਰਦਾਸਪੁਰ, ਮੁਹਾਲੀ ਤੇ ਪਟਿਆਲਾ ਅਤੇ ਹਰਿਆਣਾ 'ਚ ਕੁਰਕਸ਼ੇਤਰ ਤੇ ਯਮੁਨਾਨਗਰ ਵਿਚ ਛਾਪੇ ਮਾਰੇ ਗਏ। ਏਜੰਸੀ ਨੇ 'ਆਪ' ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੇ ਕਰੀਬੀ ਦੱਸੇ ਜਾਂਦੇ ਤੇ ਕਿਸੇ ਵੇਲੇ ਲੋਕ ਇਨਸਾਫ ਪਾਰਟੀ ਦੇ ਆਗੂ ਸਿਮਰਜੀਤ ਸਿੰਘ ਬੈਂਸ ਦੇ ਨਜ਼ਦੀਕੀ ਰਹੇ ਸਰਬਜੀਤ ਸਿੰਘ ਕੰਗ ਉਰਫ ਸੀ ਆਰ ਦੇ ਖੰਨਾ ਇਲਾਕੇ 'ਚ ਪੈਂਦੇ ਪਿੰਡ ਬਾਹੋਮਾਜਰਾ ਵਿਚਲੇ ਘਰ ਅਤੇ ਜੀ ਟੀ ਰੋਡ ਭੱਟੀਆਂ ਵਿਖੇ ਨਸ਼ਾ ਛੁਡਾਊ ਕੇਂਦਰ 'ਤੇ ਛਾਪਾ ਮਾਰਿਆ। ਕੰਗ ਨੇ ਦਾਅਵਾ ਕੀਤਾ ਕਿ ਉਸ ਦੇ ਕੋਈ ਵਿਦੇਸ਼ੀ ਸੰਬੰਧ ਸਾਹਮਣੇ ਨਹੀਂ ਆਏ, ਜਿਸ ਤੋਂ ਬਾਅਦ ਟੀਮ ਨੇ ਉਸ ਨੂੰ ਕਲੀਨ ਚਿੱਟ ਦੇ ਦਿੱਤੀ। ਜੇ ਭਵਿੱਖ 'ਚ ਉਸ ਨੂੰ ਬੁਲਾਇਆ ਗਿਆ ਤਾਂ ਉਹ ਸਬੂਤ ਲੈ ਕੇ ਜਾਂਚ 'ਚ ਸ਼ਾਮਲ ਹੋਵੇਗਾ।

ਏਜੰਸੀ ਨੇ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਅਧੀਨ ਪੈਂਦੇ ਪਿੰਡ ਬੋਲੇਵਾਲ 'ਚ ਬਲਜੀਤ ਸਿੰਘ ਦੇ ਘਰ ਪੰਜ ਘੰਟੇ ਛਾਪਾ ਮਾਰਿਆ। ਬਲਜੀਤ ਸਿੰਘ ਅਮਰੀਕਾ 'ਚ ਰਹਿੰਦਾ ਹੈ ਅਤੇ ਦੀਪ ਸਿੱਧੂ ਫਾਊਂਡੇਸ਼ਨ ਤਹਿਤ ਸਮਾਜ ਸੇਵੀ ਕੰਮ ਕਰ ਰਿਹਾ ਹੈ। ਸ਼ੱਕ ਸੀ ਕਿ ਉਹ ਅਮਰੀਕਾ 'ਚ ਰਹਿ ਕੇ ਦੇਸ਼-ਵਿਰੋਧੀ ਅਤੇ ਅੱਤਵਾਦੀ ਗਤੀਵਿਧੀਆਂ 'ਚ ਵੀ ਸ਼ਾਮਲ ਹੈ।

# ਅੱਜ ਖੁਸ਼ਖਬਰੀ ਦੀ ਵੱਡੀ ਆਸ

**ਉੱਤਰਕਾਸ਼ੀ** : ਸਿਲਕਿਆਰਾ ਸੁਰੰਗ ਵਿਚ 10 ਦਿਨਾਂ ਤੋਂ ਫਸੇ 41 ਮਜ਼ਦੂਰਾਂ ਨੂੰ ਕੱਢਣ ਲਈ 32 ਇੰਚ ਦੀ ਪਾਈਪ 45 ਮੀਟਰ ਤੱਕ ਪਾ ਦਿੱਤੀ ਗਈ ਹੈ ਤੇ 12 ਮੀਟਰ ਦਾ ਫਾਸਲਾ ਰਹਿ ਗਿਆ ਹੈ। 40 ਤੋਂ 50 ਮੀਟਰ ਤੱਕ ਦਾ ਇਲਾਕਾ ਬਹੁਤ ਨਾਜ਼ੁਕ ਦੱਸਿਆ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਨੂੰ ਕਰਾਸ ਕਰਨ ਤੋਂ ਬਾਅਦ ਅਸੀਂ ਵਧੇਰੇ ਵਿਸ਼ਵਾਸ ਨਾਲ ਗੱਲ ਕਰ ਸਕਦੇ ਹਾਂ। ਜੇ ਕੋਈ ਅੜਿੱਕਾ ਨਾ ਪਿਆ ਤਾਂ ਬੁੱਧਵਾਰ ਦੇਰ ਰਾਤ ਜਾਂ ਵੀਰਵਾਰ ਸਵੇਰ ਤੱਕ ਖੁਸ਼ਖਬਰੀ ਮਿਲ ਜਾਵੇਗੀ।

## ਡੀਪ ਫੇਕ ਨੂੰ ਲੈ ਕੇ ਅੱਜ ਮੀਟਿੰਗ

**ਨਵੀਂ ਦਿੱਲੀ** : ਕੇਂਦਰੀ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਡੀਪ ਫੇਕ ਦੇ ਮੁੱਦੇ 'ਤੇ ਵੀਰਵਾਰ ਸੋਸ਼ਲ ਮੀਡੀਆ ਪਲੇਟਫਾਰਮਾਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਸੱਦੀ ਹੈ। ਇਹ ਕਦਮ ਟੈਕਨਾਲੋਜੀ ਦੀ ਦੁਰਵਰਤੋਂ ਕਾਰਨ ਪੈਦਾ ਹੋਈ ਚਿੰਤਾ ਅਤੇ ਡੀਪ ਫੇਕ 'ਤੇ ਨਕੇਲ ਕੱਸਣ ਲਈ ਸੱਦੀ ਗਈ ਹੈ।

# ਇਜ਼ਰਾਈਲ ਚਾਰ ਦਿਨਾ ਜੰਗਬੰਦੀ ਲਈ ਰਾਜ਼ੀ

**ਯੇਰੋਸ਼ਲਮ** : ਇਜ਼ਰਾਈਲ ਦੀ ਕੈਬਨਿਟ ਨੇ ਬੁੱਧਵਾਰ ਫਲਸਤੀਨੀ ਕੱਟੜਪੰਥੀ ਸੰਗਠਨ ਹਮਾਸ ਨਾਲ ਆਰਜ਼ੀ ਜੰਗਬੰਦੀ ਨੂੰ ਮਨਜ਼ੂਰੀ ਦੇ ਦਿੱਤੀ, ਜਿਸ ਨਾਲ ਛੇ ਹਫਤਿਆਂ ਤੋਂ ਚੱਲ ਰਹੀ ਭਿਆਨਕ ਜੰਗ ਨੂੰ ਕੁਝ ਦਿਨਾਂ ਲਈ ਰੋਕ ਦਿੱਤਾ ਜਾਵੇਗਾ। ਇਸ ਦੌਰਾਨ ਗਾਜ਼ਾ ਪੱਟੀ 'ਚ ਹਮਾਸ ਵੱਲੋਂ ਬੰਦੀ ਬਣਾਏ ਲੋਕਾਂ ਦੀ ਰਿਹਾਈ ਦੇ ਬਦਲੇ ਇਜ਼ਰਾਈਲ ਦੀਆਂ ਜੇਲ੍ਹਾਂ 'ਚ ਬੰਦ ਫਲਸਤੀਨੀ ਕੈਦੀਆਂ ਨੂੰ ਰਿਹਾਅ ਕੀਤਾ ਜਾਵੇਗਾ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਦਫਤਰ ਨੇ ਕਿਹਾ ਕਿ ਸਮਝੌਤੇ 'ਚ ਚਾਰ ਦਿਨਾਂ ਦੀ ਜੰਗਬੰਦੀ ਦਾ ਸੌਦਾ ਦਿੱਤਾ ਗਿਆ ਹੈ। ਇਸ ਸਮੇਂ ਦੌਰਾਨ ਇਜ਼ਰਾਈਲ ਗਾਜ਼ਾ 'ਚ ਹਮਲੇ ਬੰਦ ਕਰ ਦੇਵੇਗਾ, ਜਦੋਂ ਕਿ ਹਮਾਸ ਬੰਦੀ ਬਣਾਏ 240 ਇਜ਼ਰਾਈਲੀਆਂ ਵਿੱਚੋਂ ਘੱਟੋ-ਘੱਟ 50 ਨੂੰ ਰਿਹਾਅ ਕਰੇਗਾ। ਸਭ ਤੋਂ ਪਹਿਲਾਂ ਬੰਦੀ ਔਰਤਾਂ ਅਤੇ ਬੱਚਿਆਂ ਨੂੰ ਰਿਹਾਅ ਕੀਤਾ ਜਾਵੇਗਾ। ਹਮਾਸ ਨਾਲ ਵਿਚੋਲਗੀ ਕਰ ਰਹੇ ਕਤਰ ਵੱਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਹੈ ਕਿ ਸਮਝੌਤੇ ਵਿਚ ਇਜ਼ਰਾਈਲੀ ਜੇਲ੍ਹਾਂ ਵਿਚ ਬੰਦ ਕਈ ਫਲਸਤੀਨੀ ਔਰਤਾਂ ਅਤੇ ਬੱਚਿਆਂ ਦੀ ਰਿਹਾਈ ਵੀ ਸ਼ਾਮਲ ਹੈ। ਸਮਝੌਤੇ ਨੂੰ ਲਾਗੂ ਕਰਨ ਤੋਂ ਬਾਅਦ ਪੜਾਅਵਾਰ ਰਿਹਾਅ ਕੀਤੇ ਜਾਣ ਵਾਲੇ ਲੋਕਾਂ ਦੀ ਗਿਣਤੀ ਵਧੇਗੀ। ਬਿਆਨ ਦੇ ਅਨੁਸਾਰ ਇਜ਼ਰਾਈਲ ਗਾਜ਼ਾ 'ਚ ਮਾਨਵੀ ਸਹਾਇਤਾ ਦੀ ਆਗਿਆ ਦੇਵੇਗਾ। ਹਾਲਾਂਕਿ ਇਜ਼ਰਾਈਲ ਵੱਲੋਂ ਜਾਰੀ ਬਿਆਨ 'ਚ ਇਨ੍ਹਾਂ ਵਿੱਚੋਂ ਕਿਸੇ ਵੀ ਗੱਲ ਦਾ ਜ਼ਿਕਰ ਨਹੀਂ ਕੀਤਾ ਗਿਆ ਹੈ।

ਟਾਈਮਜ਼ ਆਫ ਇਜ਼ਰਾਈਲ ਦੀ ਰਿਪੋਰਟ ਮੁਤਾਬਕ ਹਮਾਸ 30 ਬੱਚੇ, 12 ਔਰਤਾਂ ਅਤੇ 8 ਮਾਵਾਂ ਛੱਡੇਗਾ। ਹਰ ਰੋਜ਼ 12 ਤੋਂ 13 ਬੰਦੀ ਰਿਹਾਅ ਕਰੇਗਾ।

# ਮੇਜਰ ਤੇ ਜਵਾਨ ਸ਼ਹੀਦ

**ਸ੍ਰੀਨਗਰ** : ਰਾਜੌਰੀ ਜ਼ਿਲ੍ਹੇ ਦੇ ਧਰਮਸਾਲ ਇਲਾਕੇ ਦੇ ਬਾਜੀਮਾਲ 'ਚ ਦਹਿਸ਼ਤਗਰਦਾਂ ਨਾਲ ਮੁਕਾਬਲੇ ਦੌਰਾਨ ਮੇਜਰ ਤੇ ਇੱਕ ਜਵਾਨ ਸ਼ਹੀਦ ਹੋ ਗਏ ਤੇ ਦੋ ਜਵਾਨ ਜ਼ਖਮੀ ਹੋ ਗਏ। ਇੱਕ ਦਹਿਸ਼ਤਗਰਦ ਮਾਰਿਆ ਗਿਆ। ਫੌਜ ਤੇ ਪੁਲਸ ਦਹਿਸ਼ਤਗਰਦਾਂ ਨੂੰ ਐਤਵਾਰ ਤੋਂ ਭਾਲ ਰਹੀ ਸੀ ਤੇ ਬੁੱਧਵਾਰ ਮੁਕਾਬਲਾ ਸ਼ੁਰੂ ਹੋਇਆ। ਪਿੰਡ ਨੇੜਲੇ ਜੰਗਲੀ ਇਲਾਕੇ 'ਚ ਗੋਲੀਬਾਰੀ ਜਾਰੀ ਸੀ।

## ਉੱਤਰੀ ਕੋਰੀਆ ਵੱਲੋਂ ਜਾਸੂਸੀ ਉਪਗ੍ਰਹਿ ਪੁਲਾੜ 'ਚ ਸਥਾਪਤ

**ਸਿਓਲ** : ਉੱਤਰੀ ਕੋਰੀਆ ਨੇ ਕਿਹਾ ਕਿ ਉਸ ਨੇ ਤੀਜੀ ਕੋਸ਼ਿਸ਼ 'ਚ ਜਾਸੂਸੀ ਉਪਗ੍ਰਹਿ ਨੂੰ ਪੁਲਾੜ 'ਚ ਸਥਾਪਤ ਕਰ ਦਿੱਤਾ ਹੈ।

ਇਸ ਦੇ ਨਾਲ ਹੀ ਉੱਤਰੀ ਕੋਰੀਆ ਨੇ ਅਮਰੀਕਾ ਨਾਲ ਤਣਾਅ ਦੇ ਮੱਦੇਨਜ਼ਰ ਪੁਲਾੜ ਆਧਾਰਤ ਨਿਗਰਾਨੀ ਪ੍ਰਣਾਲੀ ਸਥਾਪਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਹਾਲਾਂਕਿ ਉੱਤਰੀ ਕੋਰੀਆ ਦੇ ਇਸ ਦਾਅਵੇ ਦੀ ਪੁਸ਼ਟੀ ਨਹੀਂ ਹੋਈ।




23-NOV-PAGE-1.qxd 11/22/2023 10:28 PM Page 2



## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਬਾਬਾ ਸ਼ਾਮ ਸਿੰਘ ਜੀ ਪਿੰਡ ਨਾਰਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ **ਭਿੱਖੀਵਿੰਡ** ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਲਖਵਿੰਦਰ ਸਿੰਘ ਗੋਲਣ** ਨਾਲ ਮੋਬਾਇਲ ਨੰਬਰ 98147-70122 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*

## ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਅਸ਼ੋਕ ਸ਼ਰਮਾ
ਫਿਰੋਜ਼ਪੁਰ
81468-22544



ਅਮਰਜੀਤ ਬੱਬਰੀ
ਮੋਗਾ
94630-83363



ਦਰਸ਼ਨ ਜਿੰਦਲ
ਰਾਮਪੁਰਾ ਫੂਲ
94172-27460



ਜਸਬੀਰ ਕੰਬੋਜ
ਮਮਦੋਟ
98550-12590



ਮਨਦੀਪ ਕੁਮਾਰ ਕੋਹਲੀ
ਕਲਾਨੌਰ
98154-22070



ਦਵਿੰਦਰ ਸੈਣੀ
ਪਠਾਨਕੋਟ
95305-91456



ਸੁਖਤਿੰਦਰ ਸਿੰਘ
ਅਜਨਾਲਾ
99145-08940



ਮਨਜੀਤ ਮਾਨ
ਕਪੂਰਥਲਾ
98728-88995

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*

# ਬਾਬਾ ਅਮਰ ਸਿੰਘ ਸੰਧਵਾਂ ਦੇ ਪਰਵਾਰ ਦਾ ਦੇਸ਼ ਭਗਤ ਯਾਦਗਾਰ ਹਾਲ ਪਹੁੰਚਣ 'ਤੇ ਸਨਮਾਨ

**ਜਲੰਧਰ, (ਕੇਸਰ)**-ਆਪਣੇ ਵੱਲੋਂ ਅਥਾਹ ਆਰਥਕ ਮਦਦ ਕਰਕੇ ਦੇਸ਼ ਭਗਤ ਯਾਦਗਾਰ ਹਾਲ ਲਈ ਜ਼ਮੀਨ ਖਰੀਦਣ 'ਚ ਪ੍ਰਮੁੱਖ ਭੂਮਿਕਾ ਅਦਾ ਕਰਨ ਵਾਲੇ 1959 ਵਿੱਚ ਦੇਸ਼ ਭਗਤ ਯਾਦਗਾਰ ਹਾਲ ਦਾ ਨੀਂਹ ਪੱਥਰ ਰੱਖਣ ਵਾਲੇ, ਗ਼ਦਰ ਪਾਰਟੀ ਪਨਾਮਾ ਦੇ ਪ੍ਰਧਾਨ ਵਜੋਂ ਸੇਵਾਵਾਂ ਅਦਾ ਕਰਨ ਵਾਲੇ ਅਤੇ ਜ਼ਿੰਦਗੀ ਦੇ ਆਖ਼ਰੀ ਦਮ ਤੱਕ ਦੇਸ਼ ਭਗਤ ਯਾਦਗਾਰ ਹਾਲ ਦੇ ਪ੍ਰਧਾਨ ਰਹੇ ਗ਼ਦਰੀ ਬਾਬਾ ਅਮਰ ਸਿੰਘ ਸੰਧਵਾਂ ਦੇ ਖ਼ਾਨਦਾਨ ਦੀ ਧੀ ਰਾਣੀ ਧਾਲੀਵਾਲ, ਬਲਦੇਵ ਧਾਲੀਵਾਲ, ਬਲਦੇਵ ਰਹਿਪਾ, ਉਹਨਾ ਦੀ ਜੀਵਨ ਸਾਥਣ ਅਮਰਜੀਤ ਕੌਰ ਢੀਂਡਸਾ, ਰਵਿੰਦਰ ਰਹਿਪਾ ਅਤੇ ਹਰਦਿਆਲ ਸਿੰਘ ਰਹਿਪਾ ਦਾ ਬੁੱਧਵਾਰ ਦੇਸ਼ ਭਗਤ ਯਾਦਗਾਰ ਹਾਲ ਆਉਣ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਹਾਰਦਿਕ ਸੁਆਗਤ ਕਰਦਿਆਂ ਸਨਮਾਨ ਕੀਤਾ ਗਿਆ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਮੰਗਤ ਰਾਮ ਪਾਸਲਾ, ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ, ਪ੍ਰੋ. ਤੇਜਿੰਦਰ ਵਿਰਲੀ ਤੋਂ ਇਲਾਵਾ ਪਰਮਜੀਤ ਸਮਰਾਏ ਹਾਜ਼ਰ ਸਨ। ਇਹਨਾਂ ਸਭਨਾਂ ਨੇ ਦੇਸ਼ ਭਗਤ ਯਾਦਗਾਰ ਕਮੇਟੀ ਦੀ ਤਰਫ਼ੋਂ ਕਿਤਾਬਾਂ ਦਾ ਸੈੱਟ ਦੇ ਕੇ ਗ਼ਦਰੀ ਬਾਬਿਆਂ ਦੇ ਵਾਰਸਾਂ ਦਾ ਸਨਮਾਨ ਕੀਤਾ।



ਇਸ ਮਿਲਣੀ ਮੌਕੇ ਮਾੜੀਮੇਘਾ, ਚਰੰਜੀ ਲਾਲ ਕੰਗਣੀਵਾਲ, ਅਮੋਲਕ ਸਿੰਘ, ਮੰਗਤ ਰਾਮ ਪਾਸਲਾ ਦੇ ਵਫ਼ਦ ਦੀ ਤਰਫ਼ੋਂ ਰਾਣੀ ਧਾਲੀਵਾਲ, ਬਲਦੇਵ ਧਾਲੀਵਾਲ, ਬਲਦੇਵ ਰਹਿਪਾ ਨੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦਿਆਂ ਬਾਬਾ ਅਮਰ ਸਿੰਘ ਸੰਧਵਾਂ ਦੀ ਜੀਵਨ ਭਰ ਅਦੁੱਤੀ ਦੇਣ ਨੂੰ ਸਿਜਦਾ ਕੀਤਾ।

ਕਮੇਟੀ ਨੇ ਵਿਸ਼ੇਸ਼ ਕਰਕੇ ਅਮਰ ਸਿੰਘ ਸੰਧਵਾਂ ਦੇ ਜੀਵਨ ਸੰਗਰਾਮ 'ਤੇ ਜੋਗਿੰਦਰ ਕਲਸੀ ਦੀ ਨਿਰਦੇਸ਼ਨਾ 'ਚ ਅਥਾਹ ਮਿਹਨਤ ਨਾਲ ਬਣੀ ਦਸਤਾਵੇਜ਼ੀ ਫ਼ਿਲਮ 'ਗ਼ਦਰੀ ਬਾਬਾ ਅਮਰ ਸਿੰਘ ਸੰਧਵਾਂ-ਏ ਬਾਇਓਗ੍ਰਾਫ਼ੀ' ਪ੍ਰਾਪਤ ਕਰਦਿਆਂ ਪਰਵਾਰ ਦੇ ਸ਼ਲਾਘਾਯੋਗ ਉੱਦਮ 'ਤੇ ਮੁਬਾਰਕਬਾਦ ਦਿੱਤੀ। ਕਮੇਟੀ ਦੇ ਪ੍ਰਤੀਨਿਧਾਂ ਨੇ ਕਿਹਾ ਕਿ ਅਜਿਹੇ ਉਪਰਾਲੇ ਜੁਟਾਉਣ ਲਈ ਗ਼ਦਰੀ ਬਾਬਿਆਂ ਦੀਆਂ ਵਾਰਸ ਸੰਸਥਾਵਾਂ, ਪਰਵਾਰਾਂ ਅਤੇ ਵਿਅਕਤੀਆਂ ਨੂੰ ਅੱਗੇ ਆਉਣਾ ਚਾਹੀਦਾ ਹੈ।

## ਅੱਜ-ਨਾਮਾ

ਜਨੂੰਨੀ ਬੰਦੇ ਕਈ ਧਰਮ ਦੇ ਨਾਂਅ ਉੱਪਰ,
ਕਰਦੇ ਨਿੱਤ ਕੋਈ ਗਲਤ ਆ ਗੱਲ ਮੀਆਂ।
ਉੱਠਦੇ ਸਾਰ ਹੀ ਸੁਬ੍ਹਾ ਹੈ ਖੁਰਕ ਛਿੜਦੀ,
ਜਿਹੜੀ ਹੋਵੇ ਨਹੀਂ ਉਨ੍ਹਾਂ ਤੋਂ ਝੱਲ ਮੀਆਂ।
ਮੁੱਦਾ ਹੋਇਆ-ਅਣਹੋਇਆ ਨੇ ਲੱਭ ਲੈਂਦੇ,
ਲੱਗਦੇ ਉਹਦਾ ਖੜਕਾਉਣ ਨੇ ਟੱਲ ਮੀਆਂ।
ਸਾਊ ਲੋਕੀਂ ਤਾਂ ਕਹਿੰਦੇ ਆ ਨਿੱਤ ਰਹਿੰਦੇ,
ਲੱਭਣਾ ਲੋੜੀਦਾ ਇਹਦਾ ਕੁਝ ਹੱਲ ਮੀਆਂ।
ਕਦੇ ਨਹੀਂ ਲੱਭਿਆ ਹੱਲ, ਨਾ ਲੱਭ ਸਕਣਾ,
ਜਨੂੰਨ ਦੀ ਮਾਰ ਦਾ ਬੜਾ ਨੁਕਸਾਨ ਮੀਆਂ।
ਚਿੰਗਾੜੀ ਸੁੱਟ ਕੇ ਜਾਂਦੇ ਈ ਖਿਸਕ ਸ਼ੋਹਦੇ,
ਭੁਗਤਦੇ ਰਹਿਣਗੇ ਆਮ ਇਨਸਾਨ ਮੀਆਂ।

*-ਤੀਸ ਮਾਰ ਖਾਂ*

# ਟਾਰਗੇਟ ਕਿਲਿੰਗ ਟਲੀ, ਤਿੰਨ ਗ੍ਰਿਫਤਾਰ

**ਬਠਿੰਡਾ, (ਪਰਵਿੰਦਰ ਜੀਤ ਸਿੰਘ)**-ਪੰਜਾਬ ਪੁਲਸ ਨੇ ਆਈ ਐੱਸ ਆਈ-ਨਿਯੰਤਰਿਤ ਪਾਕਿ ਅਧਾਰਤ ਅੱਤਵਾਦੀ ਮਡਿਊਲ ਨਾਲ ਸੰਬੰਧਤ 3 ਕਾਰਕੁਨਾਂ ਨੂੰ ਗ੍ਰਿਫਤਾਰ ਕਰਕੇ ਸੂਬੇ 'ਚ ਮਿੱਥ ਕੇ ਕਤਲ (ਟਾਰਗੇਟ ਕਿਲਿੰਗ) ਕਰਨ ਦੀਆਂ ਵਾਰਦਾਤਾਂ ਨੂੰ ਟਾਲ ਦੇਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਰਾਜਭੁਪਿੰਦਰ ਸਿੰਘ ਉਰਫ ਭਿੰਦਾ ਵਾਸੀ ਪਿੰਡ ਦਿੱਖ, ਬਠਿੰਡਾ, ਰਮਨ ਕੁਮਾਰ ਵਾਸੀ ਪਿੰਡ ਗੁਰੂ ਹਰਸਹਾਏ, ਫਾਜ਼ਿਲਕਾ ਅਤੇ ਜਗਜੀਤ ਸਿੰਘ ਵਾਸੀ ਢਿਲਵਾ ਕਲਾਂ, ਕੋਟਕਪੂਰਾ ਵਜੋਂ ਹੋਈ ਹੈ।

ਪੁਲਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ 8 ਪਿਸਤੌਲ ਤਿੰਨ .30 ਬੋਰ ਦੇ ਪਿਸਤੌਲ ਅਤੇ ਪੰਜ.32 ਬੋਰ ਦੇ ਪਿਸਤੌਲ ਸਮੇਤ 9 ਮੈਗਜ਼ੀਨ ਅਤੇ 30 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਇੱਕ ਚੋਰੀ ਦੀ ਆਲਟੋ ਕਾਰ ਨੂੰ ਵੀ ਜ਼ਬਤ ਕੀਤਾ ਗਿਆ ਹੈ, ਜਿਸ ਵਿੱਚ ਉਹ ਸਫ਼ਰ ਕਰ ਰਹੇ ਸਨ।

ਯਾਦਵ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪ੍ਰਾਪਤ ਇਤਲਾਹ ਦੇ ਆਧਾਰ 'ਤੇ ਕਾਊਂਟਰ ਇੰਟੈਲੀਜੈਂਸ ਬਠਿੰਡਾ ਦੀ ਟੀਮ ਨੇ ਬਠਿੰਡਾ ਦੇ ਪਿੰਡ ਗੋਬਿੰਦਪੁਰਾ ਵਿਖੇ ਪੁਲ ਨੇੜੇ ਵਿਸ਼ੇਸ਼ ਨਾਕਾ ਲਗਾਇਆ ਅਤੇ ਤਿੰਨਾਂ ਮੁਲਜ਼ਮਾਂ ਨੂੰ ਕਾਬੂ ਕੀਤਾ। ਉਨ੍ਹਾ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਤਹਿਤ ਸੰਗਰੂਰ ਜੇਲ੍ਹ ਵਿੱਚ ਬੰਦ ਵਿਅਕਤੀਆਂ ਦੇ ਸੰਪਰਕ ਵਿੱਚ ਸਨ।

ਇਸ ਸੰਬੰਧੀ ਹੋਰ ਵੇਰਵੇ ਸਾਂਝੇ ਕਰਦੇ ਹੋਏ ਏ ਆਈ ਜੀ ਕਾਊਂਟਰ ਇੰਟੈਲੀਜੈਂਸ ਅਵਨੀਤ ਕੌਰ ਸਿੱਧੂ ਨੇ ਦੱਸਿਆ ਕਿ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਫੜੇ ਗਏ ਮੁਲਜ਼ਮਾਂ ਨੇ ਮੱਧ ਪ੍ਰਦੇਸ਼ ਤੋਂ ਹਥਿਆਰ ਲਿਆਂਦੇ ਸਨ ਤਾਂ ਜੋ ਰਾਜ ਵਿੱਚ ਟਾਰਗੇਟ ਕਿਲਿੰਗ ਨੂੰ ਅੰਜਾਮ ਦੇ ਕੇ ਸਮਾਜ ਵਿੱਚ ਦਹਿਸ਼ਤ ਪੈਦਾ ਕੀਤੀ ਜਾ ਸਕੇ । ਉਨ੍ਹਾ ਦੱਸਿਆ ਕਿ ਇਸ ਸੰਬੰਧ ਵਿੱਚ ਅਗਲੀਆਂ-ਪਿਛਲੀਆਂ ਕੜੀਆਂ ਦਾ ਪਰਦਾ ਫਾਸ਼ ਕਰਨ ਲਈ ਹੋਰ ਜਾਂਚ ਜਾਰੀ ਹੈ ਅਤੇ ਹੋਰ ਹਥਿਆਰਾਂ ਦੀ ਬਰਾਮਦਗੀ ਦੀ ਆਸ ਹੈ। ਇਸ ਸੰਬੰਧ ਵਿਚ ਕੇਸ ਥਾਣਾ ਕੈਂਟ ਬਠਿੰਡਾ ਵਿਖੇ ਦਰਜ ਕੀਤਾ ਗਿਆ ਹੈ।

# ਜੰਮੂ-ਕਸ਼ਮੀਰ 'ਚ ਡਾਕਟਰ ਸਣੇ ਚਾਰ ਬਰਖਾਸਤ

**ਜੰਮੂ** : ਜੰਮੂ-ਕਸ਼ਮੀਰ ਪ੍ਰਸ਼ਾਸਨ ਨੇ ਅੱਤਵਾਦੀਆਂ ਨਾਲ ਸੰਬੰਧਾਂ ਦੇ ਦੋਸ਼ਾਂ 'ਚ ਡਾਕਟਰ ਅਤੇ ਪੁਲਸ ਕਰਮਚਾਰੀ ਸਮੇਤ ਚਾਰ ਸਰਕਾਰੀ ਕਰਮਚਾਰੀਆਂ ਨੂੰ ਬਰਖਾਸਤ ਕਰ ਦਿੱਤਾ ਹੈ।

ਸ੍ਰੀਨਗਰ ਦੇ ਐੱਸ ਐੱਮ ਐੱਚ ਐੱਸ ਹਸਪਤਾਲ ਦੇ ਅਸਿਸਟੈਂਟ ਪ੍ਰੋਫੈਸਰ (ਮੈਡੀਸਨ) ਨਿਸਾਰ-ਉਲ-ਹਸਨ, ਕਾਂਸਟੇਬਲ ਅਬਦੁਲ ਮਜੀਦ ਭੱਟ, ਉੱਚ ਸਿੱਖਿਆ ਵਿਭਾਗ 'ਚ ਪ੍ਰਯੋਗਸ਼ਾਲਾ ਕਰਮਚਾਰੀ ਅਬਦੁਲ ਸਲਾਮ ਅਤੇ ਸਿੱਖਿਆ ਵਿਭਾਗ 'ਚ ਅਧਿਆਪਕ ਫਾਰੂਕ ਅਹਿਮਦ ਮੀਰ ਨੂੰ ਭਾਰਤ ਦੇ ਸੰਵਿਧਾਨ ਦੀ ਧਾਰਾ 11 ਦੇ ਉਪਬੰਧਾਂ ਦੇ ਤਹਿਤ ਬਰਖਾਸਤ ਕੀਤਾ ਗਿਆ। ਤਿੰਨ ਸਾਲਾਂ 'ਚ ਪ੍ਰਸ਼ਾਸਨ 50 ਮੁਲਾਜ਼ਮਾਂ ਨੂੰ ਬਰਖਾਸਤ ਕਰ ਚੁੱਕਿਆ ਹੈ।

# ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ

**ਲੋਹੀਆਂ ਖਾਸ (ਯੋਗੇਸਵਰ, ਰੀਨਾ ਸ਼ਰਮਾ)** : ਪੰਜਾਬ ਸਰਕਾਰ ਦੀਆਂ ਸਖਤ ਹਦਾਇਤਾਂ 'ਤੇ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਨੂੰ ਲਾਈ ਜਾਂਦੀ ਅੱਗ ਰੋਕਣ ਲਈ ਜਿਥੇ ਜ਼ਿਲ੍ਹਾ ਪ੍ਰਸ਼ਾਸਨ ਸਰਗਰਮ ਹੈ ਉਥੇ ਬਲਾਕ ਪੱਧਰੀ ਪ੍ਰਸ਼ਾਸਨਿਕ ਅਧਿਕਾਰੀ ਵੀ ਆਪਣੀਆਂ ਸੇਵਾਵਾਂ ਲਗਾਤਾਰ ਨਿਭਾਉਂਦੇ ਹੋਏ ਖੇਤਾਂ 'ਚ ਦੌਰੇ ਤੇ ਦੌਰਾ ਰੱਖ ਰਹੇ ਹਨ। ਇਸ ਸੰਬੰਧੀ ਲੋਹੀਆਂ ਦੇ ਪਿੰਡ ਨਸੀਰਪੁਰ, ਮਾਣਕ, ਨੱਲ੍ਹ, ਜਲਾਲਪੁਰ ਸਮੇਤ ਹੋਰ ਵੱਖ ਵੱਖ ਪਿੰਡਾਂ 'ਚ ਕਿਸਾਨਾਂ ਨੂੰ ਅੱਗ ਲਾਉਣ ਤੋਂ ਰੋਕਣ ਅਤੇ ਪ੍ਰੇਰਣ ਲਈ ਨਾਇਬ ਤਹਿਸੀਲਦਾਰ ਰਾਮ ਚੰਦ, ਕਾਨੂੰਗੋ ਦਵਿੰਦਰ ਸਿੰਘ ਮਾਨ, ਪਟਵਾਰੀ ਮਲਕੀਤ ਸਿੰਘ ਸਮੇਤ ਹੋਰਾਂ ਨੇ ਕਿਸਾਨਾਂ ਨਾਲ ਖੇਤਾਂ 'ਚ ਜਾ ਕੇ ਮੀਟਿੰਗਾਂ ਕੀਤੀਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਸਖਤ ਹਨ, ਇਸ ਲਈ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ, ਨਹੀਂ ਤਾਂ ਸਖਤ ਕਾਨੂੰਨੀ ਕਾਰਵਾਈ ਹੋਵੇਗੀ। ਉਨ੍ਹਾਂ ਪ੍ਰੈੱਸ ਨੂੰ ਦੱਸਿਆ ਕਿ ਸਖਤ ਹਦਾਇਤਾਂ ਦੇ ਚਲਦੇ ਕਿਸਾਨ ਵੀ ਸਹਿਯੋਗ ਕਰਨ ਲੱਗੇ ਹਨ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਤੋਂ ਤੌਬਾ ਕਰ ਰਹੇ ਹਨ।




**AXIS BANK LTD.**

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਐੱਸ ਸੀ ਓ 367-368, ਸੈਕਟਰ-34 ਏ, ਚੰਡੀਗੜ੍ਹ, 160022,ਕਾਰਪੋਰੇਟ ਦਫਤਰ : 'ਐਕਸਿਸ ਹਾਊਸ'' , ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਗਹਿਣੇ ਰੱਖੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| 1. ਮੈਸ. ਮੁਹੰਮਦ ਮੁਸਲਿਮ ਐਂਬਰਾਇਡਰੀ ਵਰਕਸ, ਪਤਾ : ਮਕਾਨ ਨੰ. 1202/5ਏ, ਗਲੀ ਨੰ. 0, ਢੋਕਾ ਮੁਹੱਲਾ, ਲੁਧਿਆਣਾ, ਪੰਜਾਬ-141001 (2) ਸ੍ਰੀ ਮੁਹੰਮਦ ਮੁਸਲਿਮ ਪੁੱਤਰ ਮੁਹੰਮਦ ਰਮਜ਼ਾਨ, ਪਤਾ : ਮਕਾਨ ਨੰ. 1202/5ਏ, ਗਲੀ ਨੰ. 1, ਢੋਕਾ ਮੁਹੱਲਾ, ਬਾਬਾ ਥਾਨ ਸਿੰਘ ਨਗਰ ਲੁਧਿਆਣਾ, ਪੰਜਾਬ-141008 (3) ਸ੍ਰੀ ਮੁਹੰਮਦ ਸ਼ਮੀਮ ਪੁੱਤਰ ਮੁਹੰਮਦ ਹਨੀਫ ਪਤਾ : ਮਕਾਨ ਨੰ. 1202/5ਏ, ਗਲੀ ਨੰ. 1, ਢੋਕਾ ਮੁਹੱਲਾ, ਬਾਬਾ ਥਾਨ ਸਿੰਘ ਨਗਰ ਲੁਧਿਆਣਾ, ਪੰਜਾਬ-141008 (4) ਸ੍ਰੀਮਤੀ ਹੁਸਨਆਰਾ ਮੁਸਲਿਮ ਪਤਨੀ ਮੁਹੰਮਦ ਮੁਸਲਿਮ ਪਤਾ : ਮਕਾਨ ਨੰ. 1202/5ਏ, ਗਲੀ ਨੰ. 1, ਢੋਕਾ ਮੁਹੱਲਾ, ਬਾਬਾ ਥਾਨ ਸਿੰਘ ਨਗਰ ਲੁਧਿਆਣਾ, ਪੰਜਾਬ-141008 | ਬੈਨਾਮਾ ਵਸੀਕਾ ਨੰ. 6830 ਮਿਤੀ 25.05.1995 ਅਨੁਸਾਰ ਮੁਹੰਮਦ ਮੁਸਲਿਮ ਪੁੱਤਰ ਮੁਹੰਮਦ ਰਮਜ਼ਾਨ ਅਤੇ ਹੁਸਨਆਰਾ ਮੁਸਲਿਮ ਪਤਨੀ ਮੁਹੰਮਦ ਮੁਸਲਿਮ ਦੀ ਮਲਕੀਅਤ ਗੈਰ ਖੇਤੀਬਾੜੀ ਵਾਲੀ ਜਾਇਦਾਦ/ਮਕਾਨ ਬੀ-VI-ਨੰ. 1202/5 ਏ, ਖਸਰਾ ਨੰ. 2765/1169, 2766/1169, 4763/3466/1170, ਖੇਤਾ ਨੰ. 556/590,557/591,1289/1421 ਜਮ੍ਹਾਂਬੰਦੀ ਸਾਲ 1987-88, ਗਲੀ ਨੰ. 0, ਢੋਕਾ ਮੁਹੱਲਾ, ਬਾਬਾ ਥਾਨ ਸਿੰਘ ਚੌਕ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਰਮਜੀਤ ਸਾਈਡ 38', ਪੱਛਮ : ਗੁਆਂਢ ਸਾਈਡ 38', ਉੱਤਰ : ਚਤਰ ਸਿੰਘ ਸਾਈਡ 12', ਦੱਖਣ : ਗਲੀ ਸਾਈਡ 12' | 28 ਅਪਰੈਲ 2023 | 17 ਨਵੰਬਰ 2023 ਢਕੌਲੀ ਵਿਖੇ | ਰੁਪਏ 5,35,685/- (ਪੰਜ ਲੱਖ ਪੈਂਤੀ ਹਜ਼ਾਰ ਛੇ ਸੌ ਪਚਾਸੀ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 23.11.2023 ਸਥਾਨ : ਪੰਜਾਬ — ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ


# ਪੀ ਆਰ ਟੀ ਸੀ ਦਾ ਨਵਾਂ ਐੱਮ ਡੀ ਤੁਰੰਤ ਨਿਯੁਕਤ ਕਰਨ ਦੀ ਮੰਗ

**ਪਟਿਆਲਾ** : ਬਿਆਨ ਜਾਰੀ ਕਰਦਿਆਂ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਵੱਖ-ਵੱਖ ਜਥੇਬੰਦੀਆਂ 'ਤੇ ਆਧਾਰਤ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਬਿਕਰਮਜੀਤ ਸ਼ਰਮਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਨੇ ਕਿਹਾ ਕਿ ਪੀ ਆਰ ਟੀ ਸੀ ਵਰਗਾ ਪੰਜਾਬ ਪੱਧਰੀ ਅਦਾਰਾ ਇਸ ਸਮੇਂ ਮੁੱਖ ਕਾਰਜਕਾਰੀ ਅਫਸਰ ਭਾਵ ਮੈਨੇਜਿੰਗ ਡਾਇਰੈਕਟਰ ਤੋਂ ਬਿਨਾਂ ਹੀ ਚੱਲ ਰਿਹਾ ਹੈ, ਕਿਉਂਕਿ ਅਰਸਾ 2 ਮਹੀਨੇ ਪਹਿਲਾਂ ਐੱਮ ਡੀ ਨੂੰ ਸਰਕਾਰ ਵੱਲੋਂ ਬਦਲ ਦਿੱਤਾ ਗਿਆ ਸੀ, ਹੁਣ ਉਹਨਾ ਨੂੰ 15 ਦਿਨ ਪਹਿਲਾਂ ਰਲੀਵ ਕਰ ਦਿੱਤਾ ਗਿਆ ਸੀ, ਜਿਸ ਕਰਕੇ ਹੁਣ ਮਹਿਕਮਾ ਬਿਨਾਂ ਐੱਮ ਡੀ ਤੋਂ ਹੀ ਚੱਲ ਰਿਹਾ ਹੈ, ਜਿਹੜਾ ਕਿ ਇਸ ਮਹੱਤਵਪੂਰਨ ਅਹੁਦੇ ਵਾਲੇ ਅਧਿਕਾਰੀ ਤੋਂ ਬਿਨਾਂ ਇੱਕ ਦਿਨ ਵੀ ਵਾਂਝਾ ਨਹੀਂ ਰਹਿਣਾ ਚਾਹੀਦਾ ਸੀ। ਇਸ ਸੂਰਤ ਵਿੱਚ ਅਦਾਰੇ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਹਰ ਕਿਸਮ ਦੇ ਕੰਮ ਰੁਕੇ ਪਏ ਹਨ। ਪ੍ਰਾਈਵੇਟਾਂ ਨਾਲ ਮੁਕਾਬਲੇਬਾਜ਼ੀ ਵਾਲਾ ਮਹਿਕਮਾ ਹੈ। ਸਰਕਾਰ ਪ੍ਰਾਈਵੇਟ ਮਾਫੀਏ ਸੰਬੰਧੀ ਵੀ ਬੜੀ ਚਰਚਾ ਕਰਦੀ ਰਹਿੰਦੀ ਹੈ, ਪਰ ਇਹ ਗੱਲ ਸਮਝ ਤੋਂ ਬਾਹਰ ਹੈ ਕਿ ਕਿਉਂ ਐੱਮ ਡੀ ਦੀ ਤਾਇਨਾਤੀ ਨਹੀਂ ਕੀਤੀ ਜਾ ਰਹੀ। ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਕਿਸੇ ਅਧਿਕਾਰੀ ਨੂੰ ਵਾਧੂ ਚਾਰਜ ਵੀ ਵਕਤੀ ਤੌਰ 'ਤੇ ਨਹੀਂ ਦਿੱਤਾ ਗਿਆ।

ਐਕਸ਼ਨ ਕਮੇਟੀ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਕਿਸੇ ਉੱਚ ਨਾਮਣੇ ਵਾਲੇ ਆਈ ਏ ਐੱਸ ਅਧਿਕਾਰੀ ਨੂੰ ਇਕੱਲੇ ਪੀ ਆਰ ਟੀ ਸੀ ਲਈ ਹੀ ਬਿਨਾਂ ਹੋਰ ਦੇਰੀ ਕੀਤੇ ਤਾਇਨਾਤ ਕੀਤਾ ਜਾਵੇ। ਐਕਸ਼ਨ ਕਮੇਟੀ ਨੇ ਚੇਅਰਮੈਨ ਪੀ ਆਰ ਟੀ ਸੀ ਨੂੰ ਵੀ ਜ਼ੋਰ ਦੇ ਕੇ ਕਿਹਾ ਕਿ ਉਹ ਸਰਕਾਰ ਨੂੰ ਤੁਰੰਤ ਨੋਟ ਬਣਾ ਕੇ ਭੇਜਣ ਅਤੇ ਆਪਣੀ ਬਣਦੀ ਭੂਮਿਕਾ ਨਿਭਾਉਂਦੇ ਹੋਏ ਐੱਮ ਡੀ ਦੀ ਖਾਲੀ ਪਈ ਅਹਿਮ ਸੀਟ 'ਤੇ ਜਲਦੀ ਤਾਇਨਾਤੀ ਕਰਵਾਉਣ ਦੀ ਕੋਸ਼ਿਸ਼ ਕਰਨ, ਤਾਂ ਕਿ ਅਦਾਰੇ ਦਾ ਕੰਮ ਸੁਚਾਰੂ ਰੂਪ ਵਿੱਚ ਚੱਲ ਸਕੇ।

# ਗੁਰਦੁਆਰਾ ਯਾਦਗਾਰ ਸ਼ਹੀਦਾਂ ਵਿਖੇ ਪਹਿਲੀ ਪਾਤਸ਼ਾਹੀ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ

**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** : ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਅਤੇ ਨਗਰ ਦੀਆਂ ਸੰਗਤਾਂ ਵੱਲੋਂ 27, 28 ਅਤੇ 29 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ ਅਤੇ ਜਨਮ ਦਿਹਾੜੇ ਸਬੰਧੀ ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਲੌਂਗੋਵਾਲ ਤੋਂ ਸਵੇਰੇ 4 ਵਜੇ ਪ੍ਰਭਾਤ ਫੇਰੀਆਂ ਚੱਲ ਰਹੀਆਂ ਹਨ। ਇਨ੍ਹਾਂ ਪ੍ਰਭਾਤ ਫੇਰੀਆਂ ਦੌਰਾਨ ਕਾ. ਬੀਬੀ ਸ਼ਮਿੰਦਰ ਕੌਰ ਗਿੱਲ ਪੱਤੀ ਦੁੱਲਟ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਮੀਤ ਸਿੰਘ ਲੱਲੀ ਕੌਂਸਲਰ ਦੇ ਸਥਾਨ 'ਤੇ ਪ੍ਰਭਾਤ ਫੇਰੀਆਂ ਦੀ ਸਮੂਹ ਸੰਗਤ ਨੇ ਚਰਨ ਪਾਏ। ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਜਨਮ ਦਿਹਾੜਾ ਸੰਗਤਾਂ ਵੱਲੋਂ ਸ਼ਰਧਾ ਨਾਲ ਮਨਾਇਆ ਜਾਵੇਗਾ। ਉਨ੍ਹਾਂ ਸਮੂਹ ਸੰਗਤਾਂ ਨੂੰ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਰੁਪਿੰਦਰ ਸਿੰਘ ਨੰਬਰਦਾਰ, ਸੁਰਜੀਤ ਸਿੰਘ ਦੁੱਲਟ, ਜਗਸੀਰ ਸਿੰਘ ਠੇਕੇਦਾਰ, ਜਗਸੀਰ ਸਿੰਘ ਸਾਬਕਾ ਕੌਂਸਲਰ, ਜਸਵੀਰ ਸਿੰਘ ਜੱਸੀ, ਅੰਮ੍ਰਿਤਪਾਲ ਸਿੰਘ ਸਿੱਧੂ, ਬਲਵਿੰਦਰ ਸਿੰਘ ਢਿੱਲੋਂ,



ਦਰਸ਼ਨ ਸਿੰਘ ਸਦਿਓੜਾ, ਪਾਲ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਅਵਤਾਰ ਸਿੰਘ ਸਾਬਕਾ ਕੌਂਸਲਰ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਗੁਰੂਘਰ ਵਿੱਚ ਸੇਵਾ ਕਰ ਰਹੇ ਬੱਚਿਆਂ ਨੂੰ ਕਾ. ਬੀਬੀ ਸ਼ਮਿੰਦਰ ਕੌਰ ਗਿੱਲ ਦੇ ਪਰਵਾਰ ਨੂੰ ਸਿਰੋਪੇ ਪਾ ਕੇ ਸਨਮਾਨਿਤ ਕੀਤਾ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ 27 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਸਬੰਧੀ ਸ੍ਰੀ ਅਖੰਡ ਪਾਠ ਆਰੰਭ ਹੋਣਗੇ ਅਤੇ 29 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।


**AXIS BANK LTD.**

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਐੱਸ ਸੀ ਓ 367-368, ਸੈਕਟਰ-34 ਏ, ਚੰਡੀਗੜ੍ਹ, 160022,ਕਾਰਪੋਰੇਟ ਦਫਤਰ : 'ਐਕਸਿਸ ਹਾਊਸ'' , ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਗਹਿਣੇ ਰੱਖੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| (1) ਸ੍ਰੀ ਅਰੁਣ ਗੌਤਮ ਪੁੱਤਰ ਬਾਲ ਮੁਕੰਦ ਸ਼ਰਮਾ #343, ਦੂਜੀ ਮੰਜ਼ਲ, ਸੈਕਟਰ-11, ਪੰਚਕੂਲਾ, 134109 ਹਰਿਆਣਾ, ਨਾਲ ਹੀ: ਸ੍ਰੀ ਅਰੁਣ ਗੌਤਮ ਪੁੱਤਰ ਸ੍ਰੀ ਬਾਲ ਮੁਕੰਦ ਸ਼ਰਮਾ, ਫਲੈਟ ਨੰ: 100, ਤੀਜੀ ਮੰਜ਼ਲ, ਗੁਰੂ ਨਾਨਕ ਇਨਕਲੇਵ ਗੇਟ ਨੰ: 1, ਢਕੋਲੀ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ 140603, ਨਾਲ ਹੀ, ਸ੍ਰੀ ਅਰੁਣ ਗੌਤਮ ਪੁੱਤਰ ਸ੍ਰੀ ਬਾਲ ਮੁਕੰਦ ਸ਼ਰਮਾ, ਪਿੰਡ ਪੁੰਜਗੇਨ, ਤਹਿਸੀਲ ਸਦਰ, ਪੁੰਜਗੇਨ (126) ਬਿਲਾਸਪੁਰ, ਹਿਮਾਚਲ ਪ੍ਰਦੇਸ਼ 174012 (2) ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਸ੍ਰੀ ਅਰੁਣ ਗੌਮਤ#343, ਦੂਜੀ ਮੰਜ਼ਲ, ਸੈਕਟਰ-11, ਪੰਚਕੂਲਾ 134109, ਹਰਿਆਣਾ, ਨਾਲ ਹੀ: ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਅਰੁਣ ਗੌਤਮ, ਫਲੈਟ ਨੰ: 100, ਤੀਜੀ ਮੰਜ਼ਲ, ਗੁਰੂ ਨਾਨਕ ਇਨਕਲੇਵ, ਗੇਟ ਨੰ: 1, ਢਕੋਲੀ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ 140603, ਨਾਲ ਹੀ: ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਸ੍ਰੀ ਅਰੁਣ ਗੌਤਮ, ਪਿੰਡ ਪੁੰਜਗੇਨ, ਤਹਿਸੀਲ ਸਦਰ, ਪੁੰਜਗੇਨ (126) ਬਿਲਾਸਪੁਰ, ਹਿਮਾਚਲ ਪ੍ਰਦੇਸ਼ 174012 | ਬੈਨਾਮਾ ਨੰ: 2020-21/13/1/3134 ਮਿਤੀ 03 ਸਤੰਬਰ 2020 ਅਨੁਸਾਰ ਸੋਨੀਆ ਸ਼ਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ ਨਿਰਮਤ ਖੇਤਰੀ ਫਲੈਟ ਨੰ: 100-ਸੀ, ਤੀਜੀ ਮੰਜ਼ਲ ਪਲਾਟ ਨੰ: 100, ਕਵਰਡ ਖੇਤਰ 600 ਵਰਗ ਫੁੱਟ, ਉਪਰੋਕਤ ਫਲੈਟ ਦਾ ਹਿੱਸਾ 0 ਵਿਘਾ 0 ਵਿਸਵਾ 13 ਵਿਸਵਾਸੀ ਜੋ ਕਿ ਕੁਲ ਜ਼ਮੀਨ 5 ਵਿਘਾ 15 ਵਿਸਵਾ ਦਾ 13/2300 ਹਿੱਸਾ 98.22 ਵਰਗ ਗਜ਼ ਦਾ 1/3 ਹਿੱਸਾ 32.74 ਵਰਗ ਗਜ਼, ਖਸਰਾ ਨੰ: 528/2 (3-0), 529/2 (2-15), ਕਿੱਤੇ 2, ਖੇਵਟ/ਖਤੌਨੀ ਨੰ: 24/24, 142/150, ਜਮ੍ਹਾਂਬੰਦੀ ਸਾਲ 2014-2015, ਗੁਰੂ ਨਾਨਕ ਇਨਕਲੇਵ, ਪਿੰਡ ਢਕੋਲੀ, ਹਦਬਸਤ ਨੰ: 48 ਐੱਮ ਸੀ ਅਤੇ ਸਬ ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾ ਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ ਨਾਲ ਸੰਬੰਧਤ ਸਭ ਕੁਝ। | 30 ਦਸੰਬਰ 2022 | 17 ਨਵੰਬਰ 2023 ਢਕੋਲੀ ਵਿਖੇ | ਰੁਪਏ 26,12,572/- (ਛੱਬੀ ਲੱਖ ਬਾਰਾਂ ਹਜ਼ਾਰ ਪੰਜ ਸੌ ਬਹੱਤਰ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 23.11.2023 ਸਥਾਨ : ਬਿਲਾਸਪੁਰ ਹਿਮਾਚਲ ਪ੍ਰਦੇਸ਼ — ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ


# ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਦਾ ਵਫਦ ਸੀਨੀਅਰ ਮੈਡੀਕਲ ਅਫਸਰ ਨੂੰ ਮਿਲਿਆ



**ਅਮਲੋਹ (ਲਖਵੀਰ ਸਿੰਘ, ਹਰਚਰਨ ਉਪਲ)**- -ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਸੀ ਐਚ ਸੀ ਚਨਾਰਥਲ ਕਲਾਂ ਦਾ ਇੱਕ ਵਫਦ ਮੁਲਾਜ਼ਮ ਮੰਗਾਂ ਸਬੰਧੀ ਪ੍ਰਧਾਨ ਗੁਰਪ੍ਰੀਤ ਸਿੰਘ ਨਲੀਨੀ ਦੀ ਅਗਵਾਈ ਹੇਠ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਚਨਾਰਥਲ ਕਲਾਂ ਡਾ. ਸੁਰਿੰਦਰ ਸਿੰਘ ਨੂੰ ਮਿਲਿਆ। ਜਿਨ੍ਹਾਂ ਵਲੋਂ ਜ਼ਿਆਦਾਤਾਰ ਮੁਲਾਜਮ ਮੰਗਾਂ ਦਾ ਨਿਪਟਾਰਾ ਮੌਕੇ 'ਤੇ ਹੀ ਕਰ ਦਿੱਤਾ ਗਿਆ ਅਤੇ ਰਹਿਦੀਆਂ ਮੰਗਾਂ ਦਾ ਨਿਪਟਾਰਾ ਜਲਦ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਵਫਦ ਵਿੱਚ ਸੀਨੀਅਰ ਮੀਤ ਪ੍ਰਧਾਨ ਹਰਮਿੰਦਰਪਾਲ, ਜਨਰਲ ਸਕੱਤਰ ਰਵੀਇੰਦਰ ਸਿੰਘ, ਪ੍ਰੈਸ ਸਕੱਤਰ ਸੰਜੇ ਕੁਮਾਰ ਬੈਂਸ, ਵਿੱਤ ਸਕੱਤਰ ਜਸਵਿੰਦਰ ਸਿੰਘ ਧਤੌਂਦਾ, ਮੁੱਖ ਸਲਾਹਕਾਰ ਦਾਰਪਾਲ ਬੈਂਸ, ਤਰਸੇਮ ਸਿੰਘ ਸਹੋਤਾ, ਸਹਾਇਕ ਸਕੱਤਰ ਤੇਜਾ ਸਿੰਘ, ਸਹਾਇਕ ਪ੍ਰੈਸ ਸਕੱਤਰ ਰਾਜਵਿੰਦਰ ਕੌਰ, ਜੱਥੇਬੰਧਕ ਸਕੱਤਰ ਜਸਵੀਰ ਕੌਰ, ਦਫਤਰ ਸਕੱਤਰ ਤੇਤਰ ਲਾਲ, ਜਗਜੀਤ ਸਿੰਘ, ਜਸਪ੍ਰੀਤ ਸਿੰਘ, ਨਰਿੰਦਰ ਸਿੰਘ, ਨਰਪਿੰਦਰ ਸਿੰਘ, ਗੁਰਿੰਦਰ ਸਿੰਘ, ਨਰਿੰਦਰ ਸਿੰਘ ਛਲੇੜੀ,ਰਮਾ ਰਾਣੀ, ਰੁਪਿੰਦਰ ਕੌਰ ਮਛਰਾਏ ਕਲਾਂ , ਹਰਦੀਪ ਕੌਰ, ਬਿੰਦਰ ਕੌਰ, ਹਰਜੀਤ ਕੌਰ, ਗੁਰਮੀਤ ਕੌਰ, ਭੁਪਿੰਦਰ ਕੌਰ,ਐਲ ਐਚ ਵੀ ਵਿਜੇ ਕੁਮਾਰੀ, ਰਵਨੀਤ ਕੌਰ, ਕੰਵਲਰੂਪ ਮੋਦਗਿੱਲ ਅਤੇ ਮੀਨੂੰ ਧਤੌਂਦਾ ਆਦਿ ਸ਼ਾਮਲ ਸਨ।

# ਬਿਨਾਂ ਪ੍ਰਿੰਸੀਪਲ ਤੇ ਲੈਕਚਰਾਰਾਂ ਤੋਂ ਚੱਲ ਰਿਹਾ ਸਰਕਾਰੀ ਸੀਨੀਅਰ ਸਕੂਲ ਝੰਗੜ ਭੈਣੀ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐਸ ਐਫ) ਜ਼ਿਲ੍ਹਾ ਕੌਂਸਲ ਫਾਜ਼ਿਲਕਾ ਦੇ ਆਗੂਆਂ ਵੱਲੋਂ ਸਰਹੱਦੀ ਖੇਤਰ ਦੇ ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਵਿੱਚ ਪ੍ਰਿੰਸੀਪਲ ਸਮੇਤ 7 ਲੈਕਚਰਾਰ ਦੀਆਂ ਖਾਲੀ ਪਈਆਂ ਅਸਾਮੀਆਂ ਭਰਨ ਅਤੇ ਸਕੂਲ ਦੇ ਵਿਚਕਾਰ ਬਣੀ ਖਸਤਾ ਹਾਲਤ 'ਚ ਪਹੁੰਚ ਚੁੱਕੀ ਇਮਾਰਤ ਨੂੰ ਉਥੋਂ ਹਟਾਉਣ ਦੀ ਮੰਗ ਨੂੰ ਲੈ ਕੇ ਸੂਬੇ ਦੇ ਸਿੱਖਿਆ ਮੰਤਰੀ ਦੇ ਨਾਮ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਰਾਹੀਂ ਇੱਕ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਸਬੰਧੀ ਜਾਣਕਾਰੀ ਦਿੰਦਿਆਂ ਏਆਈਐਸਐਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਸਰਵ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਜ਼ਿਲ੍ਹਾ ਸਕੱਤਰ ਸੁਬੇਗ ਝੰਗੜ ਭੈਣੀ ਅਤੇ ਗੁਰਦਿਆਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਕ ਪਾਸੇ ਪੰਜਾਬ ਸਰਕਾਰ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਦੀਆਂ ਟਾਹਰਾਂ ਮਾਰ ਰਹੀ ਹੈ, ਜਦੋਂ ਕਿ ਦੂਜੇ ਪਾਸੇ ਸਰਹੱਦੀ ਖੇਤਰ ਦਾ ਸਕੂਲ ਬਿਨਾਂ ਪ੍ਰਿੰਸੀਪਲ ਅਤੇ ਸੱਤ ਲੈਕਚਰਾਂ ਤੋਂ ਚੱਲ ਰਿਹਾ ਹੈ, ਜਿਸ ਕਾਰਨ ਵੱਡੇ ਪੱਧਰ 'ਤੇ ਸਰਹੱਦੀ ਖੇਤਰ ਦੇ ਵਿਦਿਆਰਥੀਆਂ ਦਾ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ। ਆਗੂਆਂ ਕਿਹਾ ਕਿ ਸਕੂਲ ਵਿੱਚ ਪੁਰਾਣੀ ਬਣੀ ਖਸਤਾ ਹੋ ਚੁੱਕੀ ਬਿਲਡਿੰਗ ਨੂੰ ਹਟਾਉਣ ਲਈ ਸਕੂਲ ਪ੍ਰਸ਼ਾਸਨ ਵੱਲੋਂ ਕਈ ਵਾਰੀ ਲਿਖਤੀ ਵਿਭਾਗ ਨੂੰ ਭੇਜਿਆ ਜਾ ਚੁੱਕਿਆ ਹੈ, ਪ੍ਰੰਤੂ ਸਕੂਲ ਦੀ ਬੇਹਤਰੀ ਲਈ ਕੋਈ ਵੀ ਕਦਮ ਨਹੀਂ ਚੁੱਕਿਆ ਜਾ ਰਿਹਾ। ਸਾਥੀ ਧਰਮੂ ਵਾਲਾ ਅਤੇ ਐਡਵੋਕੇਟ ਢਾਬਾਂ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਸਕੂਲ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਭਰਿਆ ਜਾਵੇ ਅਤੇ ਨਕਾਰਾ ਹੋ ਚੁੱਕੀ ਬਿਲਡਿੰਗ ਨੂੰ ਤੁਰੰਤ ਹਟਾਇਆ ਜਾਵੇ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 10 ਦਿਨਾਂ 'ਚ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕੋਈ ਅਮਲ ਵਿਚ ਕਾਰਵਾਈ ਨਾ ਲਿਆਂਦੀ ਗਈ, ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਮੰਗ ਪੱਤਰ ਪ੍ਰਾਪਤ ਕਰਨ ਵਾਲੇ ਫਾਜ਼ਿਲਕਾ ਦੇ ਵਧੀਕ ਡਿਪਟੀ ਕਮਿਸ਼ਨਰ ਸੰਜੀਵ ਕੁਮਾਰ ਨੇ ਕਿਹਾ ਕਿ ਇਸ ਮੰਗ ਪੱਤਰ 'ਤੇ ਤੁਰੰਤ ਅਮਲੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਹੋਰਾਂ ਤੋਂ ਇਲਾਵਾ ਆਈ ਟੀ ਆਈ ਦੇ ਪ੍ਰਧਾਨ ਆਸੀਸ ਕੁਮਾਰ, ਵਿਦਿਆਰਥੀ ਕੁਲਵਿੰਦਰ ਸਿੰਘ, ਦਵਿੰਦਰ ਸਿੰਘ, ਰਾਜਵਿੰਦਰ ਸਿੰਘ ਨਿਓਲਾ, ਗੁਰਜੀਤ ਸਿੰਘ ਅਤੇ ਸਤਪਾਲ ਸਿੰਘ ਵੀ ਹਾਜ਼ਰ ਸਨ।

# ਵੱਖ-ਵੱਖ ਪਿੰਡਾਂ 'ਚ ਲਗਾਏ ਸਿਹਤ ਕੈਂਪ

**ਮੁਕਤਸਰ (ਸ਼ਮਿੰਦਰਪਾਲ /ਪੂਜਾ)**-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਸੈਣੀ ਅਤੇ ਸਿਵਲ ਸਰਜਨ ਡਾ. ਗੀਟਾ ਬਾਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀ.ਐਚ.ਸੀ ਚੱਕ ਸ਼ੇਰੇ ਵਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਬਲਾਕ ਅਧੀਨ ਆਉਂਦੇ ਪਿੰਡਾਂ ਵਿਖੇ ਸਿਹਤ ਕੈਂਪ ਆਯੋਜਿਤ ਕੀਤੇ ਜਾ ਰਹੇ ਹਨ। ਐਸ.ਐਮ.ਓ ਡਾ. ਕੁਲਤਾਰ ਸਿੰਘ ਨੇ ਦੱਸਿਆ ਕਿ ਸਿਹਤ ਸਕੀਮਾਂ ਅਤੇ ਪ੍ਰੋਗਰਾਮਾਂ ਦਾ ਲਾਭ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦੇ ਮੰਤਵ ਨਾਲ ਇਹ ਕੈਂਪ ਲਗਾਏ ਜਾ ਰਹੇ ਹਨ, ਜਿਨ੍ਹਾਂ ਵਿਚ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਨਾਲ ਹੀ ਉਨ੍ਹਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਇਸ ਲੜੀ ਤਹਿਤ ਪਿੰਡ ਸੀਰਵਾਲੀ, ਸ਼ਿਵਪੁਰ ਕੋਕਰੀਆਂ, ਚਿੱਬੜਾਂਵਾਲੀ, ਜਸੇਆਣਾ, ਰੁਪਾਣਾ, ਉਦੇਕਰਨ, ਬਲੱਮਗੜ੍ਹ ਆਦਿ ਵਿਖੇ ਕੈਂਪ ਲਗਾਏ ਗਏ ਜਿਨ੍ਹਾਂ ਵਿਚ ਜਨਰਲ ਓ.ਪੀ.ਡੀ, ਗੈਰ-ਸੰਚਾਰੀ ਰੋਗਾਂ ਦੀ ਜਾਂਚ, ਆਯੂਸ਼ਮਾਨ ਕਾਰਡ ਅਤੇ ਆਭਾ ਆਈ.ਡੀ ਬਣਾਈਆਂ ਗਈਆਂ। ਇਸ ਦੌਰਾਨ ਕੈਂਪ ਵਿਚ ਮੌਜੂਦ ਸਿਹਤ ਕਰਮੀਆਂ ਨੇ ਵਿਭਾਗ ਵਲੋਂ ਚਲਾਏ ਜਾ ਰਹੇ ਸਿਹਤ ਪ੍ਰੋਗਰਾਮਾਂ ਨਵਜਾਤ ਸ਼ਿਸ਼ੂ ਸੰਭਾਲ ਪ੍ਰੋਗਰਾਮ, ਟੀਕਾਕਰਨ ਮੁਹਿੰਮ, ਮਿਸ਼ਨ ਇੰਦਰਧਨੁਸ਼, ਪਰਵਾਰ ਨਿਯੋਜਨ ਸੰਬੰਧੀ ਨਸਬੰਦੀ ਪਖਵਾੜਾ, ਆਯੂਸ਼ਮਾਨ ਭਾਰਤ ਸਰਬਤ ਸਿਹਤ ਬੀਮਾ ਯੋਜਨਾ ਅਤੇ ਆਭਾ ਆਈ.ਡੀ ਬਣਾਉਣ ਦੇ ਮਹੱਤਵ ਅਤੇ ਹੋਰ ਸਿਹਤ ਸਹੂਲਤਾਂ ਬਾਰੇ ਜਾਗਰੂਕ ਕੀਤਾ। ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ ਦਾ ਸਟਾਫ, ਸੀ.ਐਚ.ਓ, (ਮੇਲ ਤੇ ਫੀਮੇਲ), ਆਸ਼ਾ ਸੁਪਰਵਾਈਜ਼ਰ ਤੇ ਆਸ਼ਾ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।


**ਉੱਤਰ ਰੇਲਵੇ**

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

ਮੁੱਖ ਇੰਜੀਨੀਅਰ/ਪੁਲ/ਕਾਰਜਸ਼ਾਲਾ, ਉਤਰ ਰੇਲਵੇ, ਜਲੰਧਰ ਛਾਊਣੀ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਓਪਨ ਈ-ਟੈਂਡਰ ਨੂੰ ਏਕਲ ਤੇ ਦੋ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| | | | |
|---|---|---|---|
| ਲੜੀ ਨੰ. 1 | ਨਿਵਿਦਾ ਨੰ. | OT-13-2023-JRC | |
| ਕੰਮ ਦਾ ਵੇਰਵਾ : AXEN/BL-I/JRC ਦੇ ਤਹਿਤ, ਆਰ.ਡੀ.ਐਸ.ਓ, ਡ੍ਰਾਇੰਗ ਕ੍ਰਮਾਂਕ RDSO/B-1485/4R1 (ਅਪਨਾਇਆ ਜਾਣ ਵਾਲਾ ਨਵੀਨਤਮ ਸੰਸਕਰਨ) ਦੇ ਅਨੁਸਾਰ 1000 ਸੀ.ਸੀ. ਕ੍ਰਿਬ ਦਾ ਨਿਰਮਾਣ ਅਤੇ ਸਪਲਾਈ ਕਰਨਾ। | | | |
| ਅੰਦਾਜਨ ਲਾਗਤ (ਰੁਪਏ) | 2,75,08,568.90 | ਬਿਆਨਾ ਰਾਸ਼ੀ (ਰੁਪਏ) | 2,87,600.00 |
| ਖੁਲਣ ਦੀ ਮਿਤੀ | 08.12.2023 | ਟੈਂਡਰ ਫਾਰਮ ਦੀ ਲਾਗਤ (ਰੁਪਏ) | 0 |
| IREPS 'ਤੇ ਬੋਲੀ ਲਗਾਉਣ ਦੀ ਮਿਤੀ | 24.11.2023 ਤੋਂ 08.12.2023 | | |
| ਕੰਮ ਸਮਾਪਤੀ ਦਾ ਸਮਾਂ | 06 ਮਹੀਨੇ | | |
| ਲੜੀ ਨੰ. 2 | ਨਿਵਿਦਾ ਨੰ. | OT-14-JRC-2023 | |
| ਕੰਮ ਦਾ ਵੇਰਵਾ : ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ ਉਪ ਮੁੱਖ ਇੰਜੀਨੀਅਰ/ਪੁਲ/ਕਰਮਸ਼ਾਲਾ ਉਤਰ ਰੇਲਵੇ, ਜਲੰਧਰ ਛਾਊਣੀ ਦੇ ਤਹਿਤ ਫਿਰੋਜਪੁਰ, ਅੰਬਾਲਾ ਕੈਂਟ ਅਤੇ ਦਿੱਲੀ ਡਵੀਜਨਾਂ ਦੇ 44 FOB's ਵਿਚ ਨਿਰਮਿਤ ਮੈਂਬਰਾਂ ਦੀ ਸਥਲ ਤੇ ਅਲਯੂਮਿਨਿਯਮ ਪੇਟਿੰਗ ਕਰਨਾ। | | | |
| ਅੰਦਾਜਨ ਲਾਗਤ (ਰੁਪਏ) | 2,64,21,759.36 | ਬਿਆਨਾ ਰਾਸ਼ੀ (ਰੁਪਏ) | 2,82,100.00 |
| ਖੁਲਣ ਦੀ ਮਿਤੀ | 12.12.2023 | ਟੈਂਡਰ ਫਾਰਮ ਦੀ ਲਾਗਤ (ਰੁਪਏ) | 0 |
| IREPS 'ਤੇ ਬੋਲੀ ਲਗਾਉਣ ਦੀ ਮਿਤੀ | 28.11.2023 ਤੋਂ 12.12.2023 | | |
| ਕੰਮ ਸਮਾਪਤੀ ਦਾ ਸਮਾਂ | 09 ਮਹੀਨੇ | | |
| ਲੜੀ ਨੰ. 3 | ਨਿਵਿਦਾ ਨੰ. | OT-15-JRC-2023 | |
| ਕੰਮ ਦਾ ਵੇਰਵਾ : ਉਤਰ ਰੇਲਵੇ, ਬ੍ਰਿਜ ਵਰਕਸ਼ਾਪ, ਜਲੰਧਰ, ਕੈਂਟ ਦੇ ਆਧੁਨਿਕੀਕਰਨ ਦੇ ਸਬੰਧ ਵਿਚ ਕਾਰਜਸ਼ਾਲਾ ਦੇ ਅੰਦਰ ਨਿਰਧਾਰਿਤ ਸਥਾਨ ਤੇ ਪਾਣੀ ਨਿਕਾਸੀ, ਮਾਰਗ ਅਤੇ ਸਬੰਧਤ ਕੰਮਾਂ ਸਮੇਤ ਪ੍ਰੀ ਫੈਬ੍ਰਿਕੇਟੈਡ ਸ਼ੇਡ ਦਾ ਡਿਜਾਈਨ ਦਾ ਨਿਰਮਾਣ। | | | |
| ਅੰਦਾਜਨ ਲਾਗਤ (ਰੁਪਏ) | 12,62,82,704.48 | ਬਿਆਨਾ ਰਾਸ਼ੀ (ਰੁਪਏ) | 781400.00 |
| ਖੁਲਣ ਦੀ ਮਿਤੀ | 12.12.2023 | ਟੈਂਡਰ ਫਾਰਮ ਦੀ ਲਾਗਤ (ਰੁਪਏ) | 0 |
| IREPS 'ਤੇ ਬੋਲੀ ਲਗਾਉਣ ਦੀ ਮਿਤੀ | 28.11.2023 ਤੋਂ 12.12.2023 | | |
| ਕੰਮ ਸਮਾਪਤੀ ਦਾ ਸਮਾਂ | 09 ਮਹੀਨੇ | | |

ਨਿਵਿਦਾ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ : ਹਰੇਕ ਦੇ ਖਿਲਾਫ ਦਿਖਾਈਆਂ ਗਈਆਂ ਮਿਤੀਆਂ ਤੇ 15:00 ਵਜੇ ਤਕ ਅਤੇ ਉਸੇ ਸਮੇਂ 15:00 ਵਜੇ ਦੇ ਬਾਅਦ।

ਵੈਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ: ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰੀ ਰੇਲਵੇ ਵੈਬ ਸਾਈਟ www.nr.indianrailways.gov.in ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ www.ireps.gov.in ਤੇ ਉਪਲਬਧ ਹੈ।

No. 80-W/30/Bridges/ Invitation Dated: 20.11.2023 — 3654/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**AXIS BANK LTD.**

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ ਐੱਸ ਸੀ ਓ 367-368 ਸੈਕਟਰ 34-ਏ, ਚੰਡੀਗੜ੍ਹ-160022 ਕਾਰਪੋਰੇਟ ਦਫਤਰ : 'ਐਕਸਿਸ ਹਾਊਸ'' , ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਗਹਿਣੇ ਰੱਖੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | ਸ੍ਰੀ ਅਜੈ ਕੁਮਾਰ ਪੁੱਤਰ ਚੰਦਰ ਭਾਨ ਸਿੰਘ, ਮਕਾਨ ਨੰ. 174 ਵਾਰਡ ਨੰ. 8, ਸੈਕਟਰ-17, ਰਾਜੀਵ ਕਾਲੋਨੀ, ਪੰਚਕੂਲਾ, ਹਰਿਆਣਾ-134109, ਨਾਲ ਹੀ : ਸ੍ਰੀ ਅਜੈ ਕੁਮਾਰ ਪੁੱਤਰ ਚੰਦਰ ਭਾਨ ਸਿੰਘ ਮਕਾਨ ਨੰ. 604 ਸੈਣੀ ਵਿਹਾਰ, ਫੇਸ-2, ਬਲਟਾਣਾ, ਮੋਹਾਲੀ, ਪੰਜਾਬ-140601, ਸ੍ਰੀਮਤੀ ਆਰਤੀ ਪਤਨੀ ਚੰਦਰ ਭਾਨ ਸਿੰਘ ਵਾਸੀ ਮਕਾਨ ਨੰ. 174, ਵਾਰਡ ਨੰ. 8, ਸੈਕਟਰ-17, ਰਾਜੀਵ ਕਾਲੋਨੀ, ਪੰਚਕੂਲਾ, ਹਰਿਆਣਾ-134109 ਸ੍ਰੀਮਤੀ ਆਰਤੀ ਪਤਨੀ ਚੰਦਰ ਭਾਨ ਸਿੰਘ ਮਕਾਨ ਨੰ. 604 ਸੈਣੀ ਵਿਹਾਰ, ਫੇਸ-2, ਬਲਟਾਣਾ, ਮੋਹਾਲੀ, ਪੰਜਾਬ-140601 | ਬੈਨਾਮਾ ਦਸਤਾਵੇਜ਼ ਨੰ. 13/2017-18/1/1396 ਮਿਤੀ 11 ਜਨਵਰੀ 2018 ਅਨੁਸਾਰ ਸ੍ਰੀਮਤੀ ਆਰਤੀ ਪਤਨੀ ਸ੍ਰੀ ਚੰਦਰ ਭਾਨ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਨੰ. 409, ਰਕਬਾ 2 ਵਿਸਵੇ 4 ਬਿਸਵਾਸੀ, ਖੇਤਾ ਨੰ. 217/327, ਖਸਰਾ ਨੰ. 1353/180 (2-0), 1356/182 (1-0), 183 (4-0), 184 (4-0), 1928/185 (1-4), 1930/190 (2-11), 1932/191 (2-16), 1934/192 (2-0), 193 (4-0), 1218/194 (4-0), 1221/195 (2-4), 1282/198 (3-14), 1280/195 (0-14) ਸੈਣੀ ਵਿਹਾਰ, ਫੇਸ-1, ਪਿੰਡ ਬਲਟਾਣਾ, ਐੱਸ ਏ ਐੱਸ ਨਗਰ, ਪੰਜਾਬ-140301 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਮਕਾਨ ਨੰ. 410, ਪੱਛਮ : ਮਕਾਨ ਨੰ. 408, ਉੱਤਰ : ਐੱਨ/ਏ, ਦੱਖਣ : ਗਲੀ | 3 ਅਪ੍ਰੈਲ 2023 | 17 ਨਵੰਬਰ 2023 ਢਕੋਲੀ ਵਿਖੇ | ਰੁਪਏ 28,24,972/- (ਅਠਾਈ ਲੱਖ ਚੌਵੀ ਹਜ਼ਾਰ ਨੌਂ ਸੌ ਬਹੱਤਰ ਰੁਪਏ ਕੇਵਲ) |
| 2. | ਸ੍ਰੀ ਵਿਜੇ ਕੁਮਾਰ ਸ਼ਰਮਾ ਪੁੱਤਰ ਦਰਸ਼ਨ ਕੁਮਾਰ ਮਕਾਨ ਨੰ. 3, ਦੂਜੀ ਮੰਜ਼ਲ ਲੋਹਗੜ੍ਹ, ਜ਼ੀਰਕਪੁਰ, ਨੇੜੇ ਸਕਾਈ ਲਿੰਟ ਇਨਕਲੇਵ ਜ਼ੀਰਕਪੁਰ, ਐੱਸ ਏ ਐੱਸ ਨਗਰ (ਮੋਹਾਲੀ) ਪੰਜਾਬ-140603, ਨਾਲ ਹੀ : ਸ੍ਰੀ ਵਿਜੇ ਕੁਮਾਰ ਸ਼ਰਮਾ ਪੁੱਤਰ ਦਰਸ਼ਨ ਕੁਮਾਰ ਮਕਾਨ, ਜਿਸ ਦਾ ਪਲਾਟ ਨੰ. 32 ਜ਼ਿਮੀਦਾਰਾ ਇਨਕਲੇਵ ਪਿੰਡ ਭਾਬਟ, ਐੱਨ ਸੀ ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)-140603 ਸ੍ਰੀਮਤੀ ਪੂਜਾ ਸ਼ਰਮਾ ਪਤਨੀ ਵਿਜੇ ਕੁਮਾਰ ਸ਼ਰਮਾ ਮਕਾਨ ਨੰ. 3, ਦੂਜੀ ਮੰਜ਼ਲ ਲੋਹਗੜ੍ਹ, ਜ਼ੀਰਕਪੁਰ, ਨੇੜੇ ਸਕਾਈ ਲਿੰਟ ਇਨਕਲੇਵ ਜ਼ੀਰਕਪੁਰ, ਐੱਸ ਏ ਐੱਸ ਨਗਰ (ਮੋਹਾਲੀ) ਪੰਜਾਬ-140603, ਨਾਲ ਹੀ : ਸ੍ਰੀਮਤੀ ਪੂਜਾ ਸ਼ਰਮਾ ਪਤਨੀ ਵਿਜੇ ਕੁਮਾਰ ਸ਼ਰਮਾ ਮਕਾਨ, ਜਿਸ ਦਾ ਪਲਾਟ ਨੰ. 32 ਜ਼ਿਮੀਦਾਰਾ ਇਨਕਲੇਵ ਪਿੰਡ ਭਾਬਟ, ਐੱਨ ਸੀ ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)-03 | ਬੈਨਾਮਾ ਦਸਤਾਵੇਜ਼ ਨੰ. 3131 ਮਿਤੀ 02-08-2016 ਅਨੁਸਾਰ ਸ੍ਰੀ ਵਿਜੇ ਕੁਮਾਰ ਸ਼ਰਮਾ ਪੁੱਤਰ ਦਰਸ਼ਨ ਕੁਮਾਰ ਅਤੇ ਸ੍ਰੀਮਤੀ ਪੂਜਾ ਸ਼ਰਮਾ ਪਤਨੀ ਵਿਜੇ ਕੁਮਾਰ ਸ਼ਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਪਲਾਟ ਨੰ. 32, ਰਕਬਾ 03 ਮਰਲੇ 4-1/4 ਸਰਸਾਈ (105 ਵਰਗ ਗਜ਼) ਖੇਵਟ/ਖਾਤੌਨੀ ਨੰ. 247/250, ਖਸਰਾ ਨੰ. 54//13/1 (4-11) ਕਿੱਤੇ-01, ਜ਼ਿਮੀਦਾਰਾ ਇਨਕਲੇਵ, ਪਿੰਡ ਭਾਬਤ, ਹਦਬਸਤ ਨੰ. 234, ਐੱਮ ਸੀ ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ. 33 ਸਾਈਡ 45', ਪੱਛਮ : ਪਲਾਟ ਨੰ. 31, ਸਾਈਡ 45', ਉੱਤਰ : ਸੜਕ ਸਾਈਡ 21', ਦੱਖਣ : ਪਲਾਟ ਨੰ. 39 ਸਾਈਡ 21' | 30 ਜੂਨ 2022 | 17 ਨਵੰਬਰ 2023 ਜ਼ੀਰਕਪੁਰ ਵਿਖੇ | ਰੁਪਏ 13,92,236/- (ਤੇਰਾਂ ਲੱਖ ਬਾਨਵੇਂ ਹਜ਼ਾਰ ਦੋ ਸੌ ਛੱਤੀ ਰੁਪਏ ਕੇਵਲ) |
| 3. | ਸ੍ਰੀ ਰਾਮ ਅੱਚਲ ਪੁੱਤਰ ਸਤਿਆ ਰਾਮ # 14 ਏ, ਸੈਕਟਰ-21, ਮਹੇਸ਼ਪੁਰ, ਪੰਚਕੂਲਾ ਹਰਿਆਣਾ-134115, ਨਾਲ ਹੀ : ਸ੍ਰੀ ਰਾਮ ਅੱਚਲ ਪੁੱਤਰ ਸੱਤਿਆ ਰਾਮ ਮਕਾਨ ਨੰ. 59, ਦੂਜੀ ਮੰਜ਼ਲ, ਕ੍ਰਿਸ਼ਨਾ ਇਨਕਲੇਵ ਕਾਲੋਨੀ, ਪਿੰਡ ਸੱਦੇ ਮਜ਼ਾਰਾ ਐੱਮ ਸੀ ਅਤੇ ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ-140507, ਸ੍ਰੀਮਤੀ ਦੁਲਾਰੀ ਪਤਨੀ ਰਾਮ ਅੱਚਲ # 14 ਏ, ਸੈਕਟਰ-21, ਮਹੇਸ਼ਪੁਰ, ਪੰਚਕੂਲਾ ਹਰਿਆਣਾ-134115, ਨਾਲ ਹੀ : ਸ੍ਰੀਮਤੀ ਦੁਲਾਰੀ ਪਤਨੀ ਰਾਮ ਅੱਚਲ ਮਕਾਨ ਨੰ. 59, ਦੂਜੀ ਮੰਜ਼ਲ, ਕ੍ਰਿਸ਼ਨਾ ਇਨਕਲੇਵ ਕਾਲੋਨੀ, ਪਿੰਡ ਸੱਦੇ ਮਜ਼ਾਰਾ ਐੱਮ ਸੀ ਅਤੇ ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ ਏ ਐੱਸ ਨਗਰ-140507, ਨਾਲ ਹੀ : ਸ੍ਰੀਮਤੀ ਦੁਲਾਰੀ ਪਤਨੀ ਰਾਮ ਅੱਚਲ ਕਿਸ਼ਨਪੁਰ, ਡਾਕਖਾਨਾ ਕੁਕਾ ਜ਼ੋਨਪੁਰ, ਉੱਤਰ ਪ੍ਰਦੇਸ਼ 222001 | ਬੈਨਾਮਾ ਨੰ. 2020-21/14/1/4793 ਮਿਤੀ 27-1-2021 ਅਨੁਸਾਰ ਸ੍ਰੀਮਤੀ ਦੁਲਾਰੀ ਪਤਨੀ ਰਾਮ ਅਚਲ ਦੇ ਨਾਂਅ ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 59, ਦੂਜੀ ਮੰਜ਼ਲ ( ਛੱਤ ਦੇ ਅਧਿਕਾਰ ਨਾਲ) ਰਕਬਾ 0 ਵਿਘਾ 0 ਵਿਸਵਾ 13-1/3 ਬਿਸਵਾਸੀ (100 ਵਰਗ ਗਜ਼ ਦਾ 1/3 ਹਿੱਸਾ) ਖੇਤਾ ਨੰ. 51/102, ਖਸਰਾ ਨੰ. 173 (4-0), 174 (4-0), 177 (4-0), 178 (3-19), 414/160 (2-10), 416/161 (2-18), 587/172 (0-18), ਕਿੱਤੇ 07, ਕੁਲ ਜ਼ਮੀਨ 22 ਵਿਘੇ 05 ਵਿਸਵੇ 13-1/3/8900 ਤੱਕ ਦਾ ਹਿੱਸਾ ਜੋ ਕਿ 0 ਵਿਘਾ 0 ਵਿਸਵਾ 13-1/3 ਬਿਸਵਾਸੀ ਹੈ, ਕ੍ਰਿਸ਼ਨਾ ਇਨਕਲੇਵ ਕਾਲੋਨੀ, ਪਿੰਡ ਸਾਧੋਮਾਜਰਾ, ਹਦਬਸਤ ਨੰ. 12, ਐੱਮ ਸੀ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ. 88/ਖਾਲੀ ਪਲਾਟ, ਪੱਛਮ : ਸੜਕ 35 ਫੁੱਟ ਚੌੜੀ/ਮਕਾਨ ਨੰ. 58, ਉੱਤਰ : ਮਕਾਨ ਨੰ. 60, ਦੱਖਣ : ਹੋਰ ਜਾਇਦਾਦ। | 30 ਦਸੰਬਰ 2022 | 16 ਨਵੰਬਰ 2023 ਡੇਰਾਬਸੀ ਵਿਖੇ | ਰੁਪਏ 15,02,151.00/- (ਪੰਦਰਾਂ ਲੱਖ ਦੋ ਹਜ਼ਾਰ ਇੱਕ ਸੌ ਇਕਵੰਜਾ ਰੁਪਏ ਕੇਵਲ) |
| 4. | 1. ਸ੍ਰੀ ਦੀਪਕ ਕੁਮਾਰ ਪੁੱਤਰ ਰਘੂਨੰਦਨ # 826 ਹਲੋ ਮਾਜ਼ਰਾ ਚੰਡੀਗੜ੍ਹ -160002, ਨਾਲ ਹੀ : ਸ੍ਰੀ ਦੀਪਕ ਕੁਮਾਰ ਪੁੱਤਰ ਸ੍ਰੀ ਰਘੂਨੰਦਨ ਸਿੰਘ ਵਿਸ਼ਲੇਸ਼ਕ ਮੈਸਰਜ਼ ਐਕਲੈਕਸ ਸਰਵਿਸ ਲਿਮਟਿਡ ਪਹਿਲੀ ਮੰਜ਼ਲ ਟਾਵਰ ਬੀ ਰਾਜੀਵ ਗਾਂਧੀ ਚੰਡੀਗੜ੍ਹ ਟੈਕਨਾਲੋਜੀ ਪਾਰਕ, ਚੰਡੀਗੜ੍ਹ-160101, ਨਾਲ ਹੀ : ਸ੍ਰੀ ਦੀਪਕ ਕੁਮਾਰ ਪੁੱਤਰ ਰਘੂਨੰਦਨ ਸਿੰਘ # 826 ਹਲੋ ਮਾਜ਼ਰਾ ਚੰਡੀਗੜ੍ਹ -160002, ਬਣਿਆ ਮਕਾਨ ਜਿਸ ਦਾ ਨੰ. 10, ਜੋ ਕਿ ਗੁਰੂ ਗੋਬਿੰਦ ਸਿੰਘ ਇਨਕਲੇਵ ਪਿੰਡ ਦੁਪਾਰ ਤਹਿਸੀਲ ਡੇਰਾਬਸੀ ਜ਼ਿਲ੍ਹਾ ਐੱਸ ਏ ਐੱਸ ਨਗਰ ਵਿਖੇ ਸਥਿਤ ਹੈ। 2. ਸ੍ਰੀ ਪੰਕਜ ਕੁਮਾਰ ਪੁੱਤਰ ਰਘੂਨੰਦਨ ਸਿੰਘ # 826 ਹਲੋ ਮਾਜ਼ਰਾ ਚੰਡੀਗੜ੍ਹ -160002 ਨਾਲ ਹੀ : ਸ੍ਰੀ ਪੰਕਜ ਕੁਮਾਰ ਪੁੱਤਰ ਰਘੂਨੰਦਨ ਸਿੰਘ ਸਹਾਇਕ ਕਲਰਕ ਮੈਸਰਜ਼ ਵਿਸ਼ਾਲ ਇੰਟਰਪ੍ਰਾਈਜ਼ਿਜ਼ ਐੱਸ ਸੀ ਓ 265, ਦੂਜੀ ਮੰਜ਼ਲ, ਸੈਕਟਰ 32 ਬੀ ਚੰਡੀਗੜ੍ਹ-160030, ਨਾਲ ਹੀ : ਸ੍ਰੀ ਪੰਕਜ ਕੁਮਾਰ ਪੁੱਤਰ ਰਘੂਨੰਦਨ ਸਿੰਘ ਬਣਿਆ ਮਕਾਨ ਜਿਸ ਦਾ ਨੰ. 10, ਜੋ ਕਿ ਗੁਰੂ ਗੋਬਿੰਦ ਸਿੰਘ ਇਨਕਲੇਵ ਪਿੰਡ ਦੁਪਾਰ ਤਹਿਸੀਲ ਡੇਰਾਬਸੀ ਜ਼ਿਲ੍ਹਾ ਐੱਸ ਏ ਐੱਸ ਨਗਰ ਵਿਖੇ ਸਥਿਤ ਹੈ। 2. ਸ੍ਰੀਮਤੀ ਸੁਨੈਨਾ ਦੇਵੀ ਪਤਨੀ ਰਘੂਨੰਦਨ ਸਿੰਘ # 826 ਹਲੋ ਮਾਜ਼ਰਾ ਚੰਡੀਗੜ੍ਹ -160002 , ਨਾਲ ਹੀ : ਸ੍ਰੀਮਤੀ ਸੁਨੈਨਾ ਦੇਵੀ ਪਤਨੀ ਰਘੂਨੰਦਨ ਸਿੰਘ ਬਣਿਆ ਮਕਾਨ ਜਿਸ ਦਾ ਨੰ. 10, ਜੋ ਕਿ ਗੁਰੂ ਗੋਬਿੰਦ ਸਿੰਘ ਇਨਕਲੇਵ ਪਿੰਡ ਦੁਪਾਰ ਤਹਿਸੀਲ ਡੇਰਾਬਸੀ ਜ਼ਿਲ੍ਹਾ ਐੱਸ ਏ ਐੱਸ ਨਗਰ ਵਿਖੇ ਸਥਿਤ ਹੈ। | ਬੈਨਾਮਾ ਵਸੀਕਾ ਨੰ. 1498, ਮਿਤੀ 07-07-2017 ਅਨੁਸਾਰ ਸ੍ਰੀਮਤੀ ਸੁਨੈਨਾ ਦੇਵੀ ਪਤਨੀ ਰਘੂਨੰਦਨ ਸਿੰਘ, ਸ੍ਰੀ ਪੰਕਜ ਕੁਮਾਰ ਪੁੱਤਰ ਰਘੂਨੰਦਨ ਸਿੰਘ ਅਤੇ ਸ੍ਰੀ ਦੀਪਕ ਕੁਮਾਰ ਪੁੱਤਰ ਰਘੂਨੰਦਨ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਨੰ. 10 'ਤੇ ਨਿਰਮਤ ਮਕਾਨ, ਰਕਬਾ 2 ਵਿਸਵੇ-16 ਵਿਸਵਾਸੀ (140.97 ਵਰਗ ਗਜ਼) ਕੁਲ ਜ਼ਮੀਨ ਖੇਤਰ 41 ਵਿਘੇ-15 ਵਿਸਵੇ ਦਾ 56/16700 ਹਿੱਸਾ, ਖੇਵਟ/ਖਾਤੌਨੀ ਨੰ. 26/61-62, ਖਸਰਾ ਨੰ. 283 (4-0) 284 (4-0), 285 (4-0), 286 (4-0) 287 (4-0), 288 (3-12), 289 (3-7), 290 (3-14), 291 (3-14), 292 (3-14), 293 (3-14) ਹਦਬਸਤ ਨੰ. 20, ਗੁਰੂ ਗੋਬਿੰਦ ਸਿੰਘ ਇਨਕਲੇਵ, ਪਿੰਡ ਦੱਪਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਉੱਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ : ਐੱਨ ਏ। | 2 ਮਾਰਚ 2023 | 16 ਨਵੰਬਰ 2023 ਡੇਰਾਬਸੀ ਵਿਖੇ | ਰੁਪਏ 12,26,150/- (ਬਾਰਾਂ ਲੱਖ ਛੱਬੀ ਹਜ਼ਾਰ ਇੱਕ ਸੌ ਪੰਜਾਹ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 23.11.2023, ਸਥਾਨ : ਪੰਜਾਬ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ


## ...ਸਫ਼ਾ 1 ਦੇ ਬਾਕੀ

### 26 ਤੋਂ ਹਜ਼ਾਰਾਂ...

ਲਾਗੂ ਕਰਨਾ ਬੰਦ ਕਰੋ, 60 ਸਾਲ ਤੋਂ ਵੱਧ ਉਮਰ ਦੇ ਸਾਰੇ ਕਿਸਾਨਾਂ ਨੂੰ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦਿਓ, ਨਿਊਜ਼ਕਲਿੱਕ ਖਿਲਾਫ ਦਰਜ ਕੀਤੀ ਐੱਫ ਆਈ ਆਰ ਰੱਦ ਕਰੋ ਅਤੇ ਕਿਸਾਨ ਘੋਲ ਨੂੰ ਦੇਸ਼ ਵਿਰੋਧੀ ਕਹਿਣਾ ਬੰਦ ਕਰੋ, ਖੇਤੀ ਨੂੰ ਕਾਰਪੋਰੇਟਾਂ ਕੋਲ ਵੇਚਣ ਦੀਆਂ ਸਾਰੀਆਂ ਨੀਤੀਆਂ ਰੱਦ ਕਰੋ, ਪਬਲਿਕ ਸੈਕਟਰ ਬਹਾਲ ਕਰੋ ਅਤੇ ਨਿੱਜੀਕਰਨ ਦੀਆਂ ਨੀਤੀਆਂ ਬੰਦ ਕਰੋ।

ਇਸ ਤੋਂ ਇਲਾਵਾ ਪੰਜਾਬ ਸਰਕਾਰ ਤੋਂ ਮੋਰਚੇ ਨੇ ਪੰਜਾਬ ਵਿੱਚ ਹੜ੍ਹਾਂ ਨਾਲ ਅਤੇ ਗੜੇਮਾਰੀ ਨਾਲ ਤਬਾਹ ਹੋਈਆਂ ਫਸਲਾਂ ਦਾ ਮੁਆਵਜ਼ਾ ਦਿੱਤੇ ਜਾਣ, ਝੋਨੇ ਤੋਂ ਖਹਿੜਾ ਛੁਡਵਾਉਣ ਲਈ ਸਬਜ਼ੀਆਂ, ਮੱਕੀ, ਮੂੰਗੀ, ਗੰਨਾ ਅਤੇ ਹੋਰ ਫਸਲਾਂ ਦੀ ਐੱਮ ਐੱਸ ਪੀ ਤੇ ਖਰੀਦ ਦੀ ਗਾਰੰਟੀ ਦੇਣ, ਕਿਸਾਨਾਂ ਦਾ ਸਾਰਾ ਕਰਜ਼ਾ ਰੱਦ ਕਰਨ, ਗੰਨੇ ਦਾ ਭਾਅ 450 ਰੁਪਏ ਪ੍ਰਤੀ ਕੁਇੰਟਲ ਦੇਣ, ਗੰਨਾ ਕਿਸਾਨਾਂ ਦਾ ਰਹਿੰਦਾ ਬਕਾਇਆ ਜਾਰੀ ਕਰਨ, ਆਬਾਦਕਾਰ ਕਿਸਾਨਾਂ ਤੋਂ ਜ਼ਮੀਨਾਂ ਖੋਹਣੀਆਂ ਬੰਦ ਕਰ ਕੇ ਉਹਨਾਂ ਨੂੰ ਮਾਲਕੀ ਦੇ ਹੱਕ ਦਿੱਤੇ ਜਾਣ, ਚਿਪ ਵਾਲੇ ਮੀਟਰ ਲਾਉਣੇ ਬੰਦ ਕੀਤੇ ਜਾਣ, ਪਰਾਲੀ ਸਾੜਨ ਕਰਕੇ ਕਿਸਾਨਾਂ ਖਿਲਾਫ ਦਰਜ ਕੀਤੇ ਕੇਸ, ਰੈੱਡ ਐਂਟਰੀਆਂ ਅਤੇ ਹੋਰ ਸਾਰੀਆਂ ਕਾਰਵਾਈਆਂ ਰੱਦ ਕਰਨ, ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਅਤੇ ਨੌਕਰੀਆਂ ਦੇਣ ਦੀ ਮੰਗ ਕੀਤੀ ਹੈ।

ਪ੍ਰਧਾਨਗੀ ਮੰਡਲ ਨੇ ਦੱਸਿਆ ਕਿ ਕੇਂਦਰ ਸਰਕਾਰ ਨਾਲ ਸੰਬੰਧਤ ਮੰਗਾਂ ਦਾ ਮੰਗ ਪੱਤਰ ਗਵਰਨਰ ਪੰਜਾਬ ਨੂੰ ਦੇਣ ਲਈ ਕਿਸਾਨ ਚੰਡੀਗੜ੍ਹ ਆ ਰਹੇ ਹਨ ਅਤੇ ਪੰਜਾਬ ਸਰਕਾਰ ਤੋਂ ਉਪਰੋਕਤ ਮੰਗਾਂ ਮਨਵਾਉਣ ਲਈ ਵੀ ਜ਼ੋਰ ਪਾਉਣਗੇ। ਜੇਕਰ ਕਿਸਾਨਾਂ ਨੂੰ ਪਿੰਡਾਂ ਤੋਂ ਚੱਲਣ ਸਮੇਂ ਰੋਕਣ ਦੀ ਕੋਸ਼ਿਸ਼ ਕੀਤੀ ਗਈ ਜਾਂ ਕੋਈ ਹੋਰ ਜਬਰ ਜਿਵੇਂ ਗ੍ਰਿਫਤਾਰੀਆਂ ਵਗੈਰਾ ਦੀ ਕੋਸ਼ਿਸ਼ ਕੀਤੀ ਗਈ ਤਾਂ ਸਰਕਾਰ ਨੂੰ ਕਿਸਾਨਾਂ ਦੇ ਭਾਰੀ ਰੋਹ ਦਾ ਸਾਹਮਣਾ ਕਰਨਾ ਪਵੇਗਾ।

ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਦੁਆਬਾ ਤੋਂ ਸਤਨਾਮ ਸਿੰਘ ਸਾਹਨੀ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਤੋਂ ਮਨਜੀਤ ਸਿੰਘ ਧਨੇਰ, ਬੀ ਕੇ ਯੂ ਏਕਤਾ ਮਾਲਵਾ ਤੋਂ ਗੁਰਵਿੰਦਰ ਸਿੰਘ ਬੱਲ੍ਹੋ, ਬੀ ਕੇ ਯੂ ਪੰਜਾਬ ਤੋਂ ਸੁੱਖ ਗਿੱਲ ਮੋਗਾ, ਕਿਰਤੀ ਕਿਸਾਨ ਯੂਨੀਅਨ ਤੋਂ ਰਾਮਿੰਦਰ ਸਿੰਘ ਪਟਿਆਲਾ, ਕੌਮੀ ਕਿਸਾਨ ਯੂਨੀਅਨ ਤੋਂ ਬਿੰਦਰ ਸਿੰਘ ਗੋਲੇਵਾਲਾ, ਜਮਹੂਰੀ ਕਿਸਾਨ ਸਭਾ ਤੋਂ ਸਤਨਾਮ ਸਿੰਘ ਅਜਨਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਤੋਂ ਗੁਰਮੀਤ ਸਿੰਘ ਮਹਿਮਾ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਤੋਂ ਕਿਰਨਜੀਤ ਸੇਖੋਂ, ਪੰਜਾਬ ਕਿਸਾਨ ਯੂਨੀਅਨ ਤੋਂ ਰੁਲਦੂ ਸਿੰਘ ਮਾਨਸਾ, ਬੀ ਕੇ ਯੂ ਡਕੌਂਦਾ ਤੋਂ ਬੂਟਾ ਸਿੰਘ ਬੁਰਜ ਗਿੱਲ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਤੋਂ ਬਲਦੇਵ ਸਿੰਘ ਨਿਹਾਲਗੜ੍ਹ, ਬੀ ਕੇ ਯੂ ਲੱਖੋਵਾਲ ਤੋਂ ਹਰਿੰਦਰ ਸਿੰਘ ਲੱਖੋਵਾਲ, ਮਹਿਲਾ ਕਿਸਾਨ ਯੂਨੀਅਨ ਤੋਂ ਰਾਜਵਿੰਦਰ ਕੌਰ, ਕਿਸਾਨ ਮਾਝਾ ਸੰਘਰਸ਼ ਕਮੇਟੀ ਗੁਰਪ੍ਰੀਤ ਸਿੰਘ ਬੋਪਾਰਾਏ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਤੋਂ ਅਮੋਲਕ ਸਿੰਘ ਤਰਨ ਤਾਰਨ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਤੋਂ ਹਰਮੀਤ ਸਿੰਘ ਕਾਦੀਆਂ, ਕੁਲ ਹਿੰਦ ਕਿਸਾਨ ਸਭਾ ਦੇ ਰੂਪ ਬਸੰਤ ਸਿੰਘ ਅਤੇ ਕਿਰਤੀ ਕਿਸਾਨ ਮੋਰਚਾ ਦੇ ਜਗਮਨਦੀਪ ਸਿੰਘ ਸਮੇਤ ਹੋਰ ਵੀ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।


**ਨਵਾਂ ਜ਼ਮਾਨਾ**
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

23-Nov-PAGE-4.qxd 11/22/2023 10:52 PM Page 1

ਨਵਾਂ ਜ਼ਮਾਨਾ
ਵੀਰਵਾਰ, 23 ਨਵੰਬਰ 2023

# ਡੇਰਾ ਮੁਖੀ ਦੀ ਫਰਲੋ

*ਮੌਜੂਦਾ ਹਾਕਮ ਸੱਤਾ ਹਾਸਲ ਕਰਨ ਲਈ ਹਰ ਨੀਵਾਣਾਂ ਛੋਹ ਸਕਦੇ ਹਨ। ਕੱਲ੍ਹ ਜਿਹੜਾ ਮੋਦੀ ਵਿਰੋਧੀ ਧਿਰਾਂ ਦੀਆਂ ਚੋਣ ਗਰੰਟੀਆਂ ਨੂੰ ਰਿਓੜੀਆਂ ਵੰਡਣ ਦਾ ਤਨਜ਼ ਕੱਸਦਾ ਸੀ, ਹੁਣ ਖੁਦ ਗਰੰਟੀਆਂ ਦਿੰਦਾ ਫਿਰਦਾ ਹੈ। ਚੰਗੀ ਗੱਲ ਇਹ ਹੈ ਕਿ ਵੱਖ-ਵੱਖ ਪਾਰਟੀਆਂ ਦੀਆਂ ਗਰੰਟੀਆਂ ਨੇ ਸੰਘ ਤੇ ਭਾਜਪਾ ਦੀ ਨਫ਼ਰਤੀ ਮੁਹਿੰਮ ਦਾ ਧੂੰਆਂ ਕੱਢ ਦਿੱਤਾ ਹੈ। ਇਸ ਵੇਲੇ ਭਾਜਪਾ ਨੂੰ ਆਪਣੀ ਹਾਰ ਦਾ ਡਰ ਏਨਾ ਸਤਾ ਰਿਹਾ ਹੈ ਕਿ ਹੁਣ ਉਸ ਨੂੰ ਬਲਾਤਕਾਰੀਆਂ ਦੀ ਵੀ ਸ਼ਰਨ ਵਿੱਚ ਜਾਣਾ ਪੈ ਰਿਹਾ ਹੈ।*

*ਰਾਜਸਥਾਨ ਦੀਆਂ ਹਰਿਆਣਾ ਨਾਲ ਲਗਦੀਆਂ ਵਿਧਾਨ ਸਭਾ ਸੀਟਾਂ ਵਿੱਚ ਮਦਦ ਲਈ ਦੋਹਰੇ ਬਲਾਤਕਾਰ ਤੇ ਕਤਲ ਦੇ ਦੋਸ਼ੀ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਨੂੰ 21 ਦਿਨ ਦੀ ਫਰਲੋ 'ਤੇ ਜੇਲ੍ਹੋਂ ਬਾਹਰ ਕੱਢ ਲਿਆ ਗਿਆ ਹੈ। ਬੀਤੇ ਮੰਗਲਵਾਰ ਗੁਰਮੀਤ ਰਾਮ ਰਹੀਮ ਰੋਹਤਕ ਦੀ ਸੁਨਾਰਿਆ ਜੇਲ੍ਹ ਵਿੱਚੋਂ ਬਾਹਰ ਆ ਕੇ ਆਪਣੇ ਬਾਗਪਤ ਵਾਲੇ ਡੇਰੇ ਵਿੱਚ ਚਲਾ ਗਿਆ ਹੈ। ਰਾਜਸਥਾਨ ਵਿੱਚ 25 ਨਵੰਬਰ ਨੂੰ ਵੋਟਾਂ ਪੈਣੀਆਂ ਹਨ। ਇਨ੍ਹਾਂ ਦਿਨਾਂ ਵਿੱਚ ਉਹ ਆਪਣੇ ਪ੍ਰਭਾਵ ਵਾਲੇ ਇਲਾਕਿਆਂ ਵਿੱਚ ਆਪਣੇ ਸ਼ਰਧਾਲੂਆਂ ਨੂੰ ਭਾਜਪਾ ਦੀ ਮਦਦ ਕਰਨ ਲਈ ਕਹੇਗਾ।*

*ਇਹ ਪਹਿਲੀ ਵਾਰ ਨਹੀਂ ਜਦੋਂ ਗੁਰਮੀਤ ਰਾਮ ਰਹੀਮ ਨੂੰ ਜੇਲ੍ਹੋਂ ਬਾਹਰ ਲਿਆਂਦਾ ਗਿਆ ਹੋਵੇ। ਪਿਛਲੇ ਤਿੰਨ ਸਾਲਾਂ ਵਿੱਚ ਉਹ 6 ਵਾਰ ਜੇਲ੍ਹੋਂ ਬਾਹਰ ਆ ਚੁੱਕਾ ਹੈ। ਇਸ ਤੋਂ ਇਲਾਵਾ ਦੋ ਵਾਰ ਮਾਂ ਦੀ ਬਿਮਾਰੀ ਦਾ ਕਹਿ ਕੇ ਵੀ ਉਸ ਨੂੰ ਦੋ ਦਿਨ ਦੀ ਛੁੱਟੀ ਦਿੱਤੀ ਗਈ ਸੀ। ਫਰਵਰੀ 2022 ਵਿੱਚ 21 ਦਿਨ, ਜੂਨ 22 ਵਿੱਚ 30 ਦਿਨ, ਅਕਤੂਬਰ 2023 ਵਿੱਚ 40 ਦਿਨ, ਜਨਵਰੀ 2023 ਵਿੱਚ ਫਿਰ 40 ਦਿਨ, ਜੁਲਾਈ 23 ਵਿੱਚ 30 ਦਿਨ ਤੇ ਹੁਣ ਨਵੰਬਰ ਵਿੱਚ 21 ਦਿਨ ਲਈ ਉਸ ਨੂੰ ਬਾਹਰ ਲਿਆਂਦਾ ਗਿਆ ਹੈ। ਇਸ ਤਰ੍ਹਾਂ ਉਹ ਕੁੱਲ 184 ਦਿਨ ਜੇਲ੍ਹੋਂ ਬਾਹਰ ਰਿਹਾ ਹੈ।*

*ਇਹ ਪਹਿਲੀ ਵਾਰ ਨਹੀਂ ਜਦੋਂ ਉਸ ਨੂੰ ਵਿਸ਼ੇਸ਼ ਮਨੋਰਥ ਲਈ ਬਾਹਰ ਲਿਆਂਦਾ ਗਿਆ ਹੋਵੇ। ਫਰਵਰੀ 22 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਹੋਈਆਂ ਸਨ। ਉਸ ਮੌਕੇ ਵੀ ਭਾਜਪਾ ਉਮੀਦਵਾਰਾਂ ਦੀ ਮਦਦ ਲਈ ਡੇਰਾ ਮੁਖੀ ਨੂੰ 21 ਦਿਨ ਦੀ ਛੁੱਟੀ ਦਿੱਤੀ ਗਈ ਸੀ। ਇਹ ਵੱਖਰੀ ਗੱਲ ਹੈ ਕਿ ਉਹ ਭਾਜਪਾਈਆਂ ਨੂੰ ਜਿਤਾ ਨਹੀਂ ਸਕਿਆ ਸੀ। ਅਕਤੂਬਰ 22 ਵਿੱਚ ਉਸ ਨੂੰ ਫਿਰ 40 ਦਿਨਾਂ ਲਈ ਬਾਹਰ ਲਿਆਂਦਾ ਗਿਆ ਤਾਂ ਜੋ ਹਰਿਆਣਾ ਦੀਆਂ ਪੰਚਾਇਤ ਚੋਣਾਂ ਤੇ ਆਦਮਪੁਰ ਦੀ ਜ਼ਿਮਨੀ ਚੋਣ ਵਿੱਚ ਉਸ ਦੀ ਮਦਦ ਲਈ ਜਾ ਸਕੇ।*

*ਯਾਦ ਰਹੇ ਕਿ ਗੁਰਮੀਤ ਰਾਮ ਰਹੀਮ ਨੂੰ ਅਗਸਤ 2017 ਵਿੱਚ ਆਪਣੀਆਂ ਦੋ ਚੇਲੀਆਂ ਨਾਲ ਬਲਾਤਕਾਰ ਦੇ ਦੋਸ਼ ਵਿੱਚ 20 ਸਾਲ ਦੀ ਸਜ਼ਾ ਸੁਣਾਈ ਗਈ ਸੀ। ਇਸ ਤੋਂ ਇਲਾਵਾ ਡੇਰਾ ਮੁਖੀ ਨੂੰ 2019 ਵਿੱਚ ਇੱਕ ਪੱਤਰਕਾਰ ਦੇ ਕਤਲ ਦੇ ਦੋਸ਼ ਹੇਠ ਉਮਰ ਕੈਦ ਦੀ ਸਜ਼ਾ ਹੋਈ ਸੀ। ਸਭ ਤੋਂ ਵੱਡਾ ਸਵਾਲ ਇਹ ਹੈ ਡੇਰਾ ਮੁਖੀ 'ਤੇ ਆਪਣੇ ਚੇਲਿਆਂ ਨੂੰ ਨਿਪੁੰਸਕ ਬਣਾਉਣ ਤੇ ਪੰਜਾਬ ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਵਿੱਚ ਵੀ ਕੇਸ ਦਰਜ ਹਨ। ਆਮ ਲੋਕਾਂ ਦੇ ਕੇਸਾਂ ਵਿੱਚ ਸੁਰੱਖਿਆ ਏਜੰਸੀਆਂ ਚੱਲ ਰਹੇ ਕੇਸਾਂ ਦੌਰਾਨ ਦੋਸ਼ੀਆਂ ਦੀ ਜ਼ਮਾਨਤ ਦਾ ਇਹ ਕਹਿ ਕੇ ਵਿਰੋਧ ਕਰਦੀਆਂ ਹਨ ਕਿ ਮੁਲਜ਼ਮ ਗਵਾਹਾਂ ਨੂੰ ਪ੍ਰਭਾਵਤ ਕਰ ਸਕਦਾ ਹੈ। ਗੁਰਮੀਤ ਰਾਮ ਰਹੀਮ ਬਾਰੇ ਇਹ ਦਲੀਲ ਕੰਮ ਨਹੀਂ ਕਰਦੀ, ਕਿਉਂਕਿ ਉਹ ਹਾਕਮਾਂ ਦਾ ਬੰਦਾ ਹੈ। ਮੌਜੂਦਾ ਹਾਕਮ ਸੱਤਾ ਲਈ ਨੀਵੇਂ ਤੋਂ ਨੀਵਾਂ ਡਿਗ ਜਾਣ ਦਾ ਰਿਕਾਰਡ ਬਣਾ ਰਹੇ ਹਨ।*

# ਭਾਰਤ ਲਈ ਉੱਚ ਸਿੱਖਿਆ : ਵਧਦੀਆਂ ਚੁਣੌਤੀਆਂ


ਗੁਰਮੀਤ ਸਿੰਘ ਪਲਾਹੀ

ਸਮੇਂ-ਸਮੇਂ 'ਤੇ ਦੇਸ਼ ਭਾਰਤ ਵਿਚ ਸਿੱਖਿਆ ਨੀਤੀ ਬਣਾਉਣ ਅਤੇ ਲਾਗੂ ਕਰਨ ਦਾ ਯਤਨ ਹੋਇਆ। ਇਹਨਾਂ ਵਿਚ ਉੱਚ ਸਿੱਖਿਆ ਲਈ ਵੱਡੇ ਦਾਈਏ ਸਿਰਜੇ ਗਏ, ਪਰ ਉੱਚ ਸਿੱਖਿਆ ਕਦੇ ਵੀ ਨੌਜਵਾਨਾਂ ਦੇ ਹਾਣ ਦੀ ਨਾ ਹੋ ਸਕੀ। ਇਹ ਸਿੱਖਿਆ ਬੁਨਿਆਦੀ ਢਾਂਚੇ ਤੇ ਅਧਿਆਪਕਾਂ ਦੀ ਕਮੀ, ਸਿੱਖਿਆ ਦੇ ਅਸਲ ਸੰਕਲਪ ਤੋਂ ਦੂਰੀ ਕਾਰਨ ਸਮੇਂ ਦੀ ਭੇਟ ਚੜ੍ਹਦੀ ਰਹੀ ਅਤੇ ਹੁਣ ਨਵੀਂ ਸਿੱਖਿਆ ਨੀਤੀ ਵੀ ਹਾਲੋਂ-ਬੇਹਾਲ ਹੈ।

ਦੇਸ਼ ਭਰ ਦੇ 31ਫੀਸਦੀ ਵਿਦਿਆਰਥੀਆਂ ਦੇ ਨਾਲ-ਨਾਲ ਸੂਬਿਆਂ ਦੀਆਂ ਉੱਚ ਸਿੱਖਿਆ ਸੰਸਥਾਵਾਂ ਗੁਣਵੱਤਾ ਤੇ ਬੁਨਿਆਦੀ ਸੁਵਿਧਾਵਾਂ ਦੀ ਘਾਟ ਨਾਲ ਦਸਤਪੰਜਾ ਲੈ ਰਹੀਆਂ ਹਨ।

ਕੀ ਇਹੋ ਜਿਹੇ ਹਾਲਤਾਂ ਵਿਚ ਬਦਹਾਲ ਯੂਨੀਵਰਸਿਟੀਆਂ, ਕਾਲਜਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਵਿਚ ਉਦੋਂ ਤੱਕ ਬੁਨਿਆਦੀ ਤਬਦੀਲੀ ਲਿਆਉਣੀ ਸੋਚੀ ਜਾ ਸਕਦੀ ਹੈ, ਜਦੋਂ ਤੱਕ ਸਰਕਾਰਾਂ ਸਿੱਖਿਆ ਦੇ ਵਪਾਰੀਕਰਨ, ਨਿੱਜੀਕਰਨ ਨਾਲ ਉਤਪੋਤ ਹੋ ਕੇ ਸਭ ਲਈ ਬਰਾਬਰ ਦੀ ਸਿੱਖਿਆ ਦਾ ਫ਼ਰਜ਼ ਨਿਭਾਉਣ ਲਈ ਅੱਗੇ ਨਹੀਂ ਆਉਂਦੀਆਂ।

ਆਲ ਇੰਡੀਆ ਹਾਇਰ ਐਜੂਕੇਸ਼ਨ ਸਰਵੇਖਣ 2020-21 ਅਨੁਸਾਰ ਦੇਸ਼ ਵਿਚ ਕੁਲ 1113 ਯੂਨੀਵਰਸਿਟੀਆਂ ਹਨ, ਜਿਹਨਾਂ ਵਿਚੋਂ 235 ਕੇਂਦਰੀ ਅਤੇ 422 ਸੂਬਾ ਸੰਚਾਲਿਤ ਯੂਨੀਵਰਸਿਟੀਆਂ ਸਹਿਤ 657 ਸਰਕਾਰੀ ਯੂਨੀਵਰਸਿਟੀਆਂ ਹਨ, 10 ਨਿੱਜੀ ਡੀਮਡ ਯੂਨੀਵਰਸਿਟੀਆਂ ਅਤੇ 446 ਪ੍ਰਾਈਵੇਟ ਯੂਨੀਵਰਸਿਟੀਆਂ ਹਨ। ਦੇਸ਼ ਵਿਚ 43796 ਕਾਲਜ ਅਤੇ 11296 'ਸਟੈਂਡ ਅਲੋਨ' ਸਿੱਖਿਆ ਸੰਸਥਾਵਾਂ ਹਨ।

ਉੱਚ ਸਿੱਖਿਆ ਦੇ ਹਾਲਾਤ ਵੇਖੋ : ਭਾਰਤ ਵਿਚ 18 ਤੋਂ 23 ਸਾਲ ਉਮਰ ਵਰਗ ਦੀ ਇਕ ਲੱਖ ਅਬਾਦੀ ਉੱਤੇ ਇੱਕੀ ਕਾਲਜ ਹਨ। ਇਹਨਾਂ ਵਿਚੋਂ 21.4 ਫੀਸਦੀ ਸਰਕਾਰੀ ਕਾਲਜ, 13.6 ਫੀਸਦੀ ਨਿੱਜੀ ਸਹਾਇਤਾ ਪ੍ਰਾਪਤ ਕਾਲਜ ਅਤੇ 65 ਫੀਸਦੀ ਗੈਰ ਸਹਾਇਤਾ ਪ੍ਰਾਪਤ ਕਾਲਜ ਹਨ। ਲਗਭਗ 61.4 ਫੀਸਦੀ ਕਾਲਜ ਪੇਂਡੂ ਖੇਤਰ ਵਿਚ ਅਤੇ 10.5 ਫੀਸਦੀ ਔਰਤਾਂ ਦੇ ਕਾਲਜ ਹਨ।

ਉੱਤਰ ਪ੍ਰਦੇਸ਼, ਮਹਾਰਾਸ਼ਟਰ, ਆਂਧਰਾ ਪ੍ਰਦੇਸ਼, ਕਰਨਾਟਕ, ਰਾਜਸਥਾਨ, ਤਾਮਿਲਨਾਡੂ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿਚ ਦੇਸ਼ ਦੇ ਕੁਲ ਜੀ ਈ ਆਰ. (ਗਰੋਸ ਇਨਰੋਲਮੈਂਟ ਰੇਸ਼ੋ) 53.17 ਫੀਸਦੀ ਹੈ, ਬਾਕੀ ਸਭ ਥੱਲੇ ਹਨ।

ਹਰ ਵੇਰ ਜਦੋਂ ਨਵੀਂ ਸਿੱਖਿਆ ਨੀਤੀ ਬਣਦੀ ਹੈ, ਭਾਵੇਂ ਉਹ ਅਜ਼ਾਦੀ ਤੋਂ ਬਾਅਦ ਪਹਿਲੋਂ-ਪਹਿਲ 1968 ਵਿਚ ਬਣੀ ਜਾਂ ਮੁੜ ਕੇ 1986 ਵਿਚ ਤਿਆਰ ਕੀਤੀ ਗਈ ਅਤੇ ਹੁਣ ਫਿਰ ਰਾਸ਼ਟਰੀ ਸਿੱਖਿਆ ਨੀਤੀ ਬਣੀ ਹੈ, ਉਸ ਦਾ ਜੋ ਬੁਨਿਆਦੀ ਢਾਂਚੇ 'ਚ ਬਦਲਾਅ, ਪਾਠਕ੍ਰਮ 'ਚ ਤਬਦੀਲੀ, ਮੁਲਾਂਕਣ, ਅਧਿਐਨ ਅਤੇ ਅਧਿਆਪਨ ਉੱਤੇ ਜ਼ੋਰ ਦੇਣਾ ਰਿਹਾ ਹੈ। ਕਦੇ ਵੋਕੇਸ਼ਨਲ ਸਿੱਖਿਆ, ਕਦੇ ਸਿੱਖਿਆ ਨੂੰ ਉਦਯੋਗ ਨਾਲ ਜੋੜਨ, ਵਿਅਕਤੀਗਤ ਪ੍ਰਤਿਭਾ ਵਧਾਉਣ ਦੀ ਗੱਲ ਵੀ ਲਗਾਤਾਰ ਹੋਈ ਹੈ। ਨਵੀਂ ਸਿੱਖਿਆ ਨੀਤੀ, ਜੋ 2020 'ਚ ਦੇਸ਼ ਭਰ 'ਚ ਲਾਗੂ ਕੀਤੀ, ਉਸ ਦਾ ਮੰਤਵ ਵੀ ਲਗਭਗ ਇਹੋ ਜਿਹਾ ਹੀ ਹੈ।

ਪਰ ਦੇਸ਼ 'ਚ ਸਿੱਖਿਆ ਦੀ ਸਥਿਤੀ ਖਾਸ ਕਰਕੇ ਉੱਚ ਸਿੱਖਿਆ ਦੀ ਸਥਿਤੀ 'ਚ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਕਰਨ ਉਪਰੰਤ ਵੀ ਕੋਈ ਬਦਲਾਅ ਵੇਖਣ ਨੂੰ ਨਹੀਂ ਮਿਲ ਰਿਹਾ। ਸੂਬਿਆਂ ਦੀਆਂ ਯੂਨੀਵਰਸਿਟੀਆਂ ਦੀ ਵਿੱਤੀ ਸਥਿਤੀ ਤਰਸਯੋਗ ਹੈ। ਗੁਣਵੱਤਾ ਪੱਖੋਂ ਸਰਕਾਰੀ, ਗੈਰ-ਸਰਕਾਰੀ ਯੂਨੀਵਰਸਿਟੀਆਂ ਦਾ ਜਨਾਜ਼ਾ ਨਿਕਲਿਆ ਹੋਇਆ। ਉੱਚ ਸਿੱਖਿਆ ਦਾ ਅਧਾਰ ਨਵੀਂ ਖੋਜ ਨੂੰ ਮੰਨਿਆ ਜਾਂਦਾ ਹੈ, ਪਰ ਅੱਧੇ-ਅਧੂਰੇ ਬੁਨਿਆਦੀ ਢਾਂਚੇ ਕਾਰਨ ਉੱਚ ਸਿੱਖਿਆ ਖੇਤਰ 'ਚ ਯੋਗ ਅਧਿਆਪਕਾਂ ਦੀ ਕਮੀ ਕਾਰਨ ਗੈਰ-ਗੰਭੀਰ ਖੋਜ ਪੱਤਰ ਛਪਦੇ ਹਨ। ਪੀ ਐਚ ਡੀ ਦੀਆਂ ਡਿਗਰੀਆਂ ਦਿੱਤੀਆਂ ਜਾਂਦੀਆਂ ਹਨ। ਬਹੁਤੀਆਂ ਪ੍ਰਾਈਵੇਟ ਯੂਨੀਵਰਸਿਟੀਆਂ, ਜਿਹਨਾਂ ਸਿੱਖਿਆ ਨੂੰ ਵਪਾਰ ਬਣਾ ਦਿੱਤਾ ਹੈ, ਉਥੇ ਤਾਂ ਇਹੋ ਜਿਹੀਆਂ ਡਿਗਰੀਆਂ ਦੀ ਭਰਮਾਰ ਹੈ, ਇਥੋਂ ਤੱਕ ਕਿ ਇਥੇ ਡਿਗਰੀਆਂ ਵਿਕਦੀਆਂ ਹਨ। ਸੂਬਿਆਂ ਦੀਆਂ ਸਰਕਾਰਾਂ ਵੱਲੋਂ ਖਾਸ ਕਰਕੇ ਯੂਨੀਵਰਸਿਟੀਆਂ ਨੂੰ ਵਿੱਤੀ ਸਹਾਇਤਾ ਦੇਣ ਤੋਂ ਹੱਥ ਖਿੱਚਣ ਕਾਰਨ ਸਰਕਾਰੀ ਯੂਨੀਵਰਸਿਟੀਆਂ ਦੇ ਵਿੱਤੀ ਹਾਲਤ ਸੰਕਟ ਵਿਚ ਹਨ। ਇਕ ਰਿਪੋਰਟ ਅਨੁਸਾਰ ਕੇਂਦਰ ਸਰਕਾਰ ਦੀਆਂ ਯੂਨੀਵਰਸਿਟੀਆਂ ਨੂੰ ਕੁਲ ਬਜਟ ਤਾਂ ਔਸਤਨ ਅੱਠ ਹਜ਼ਾਰ ਕਰੋੜ ਦਿੱਤਾ ਜਾਂਦਾ ਹੈ, ਪਰ ਸੂਬਿਆਂ ਦੀਆਂ ਯੂਨੀਵਰਸਿਟੀਆਂ ਨੂੰ ਬਜਟ ਸਿਰਫ਼ 83 ਲੱਖ ਵੰਡਿਆ ਜਾਂਦਾ ਹੈ। ਕੇਂਦਰੀ ਕਾਲਜਾਂ ਲਈ ਸਰਕਾਰ ਨੇ 27 ਕਰੋੜ ਔਸਤਨ ਰੱਖੇ ਹਨ, ਪਰ ਰਾਜਾਂ ਲਈ 21 ਲੱਖ ਦਾ ਬਜਟ ਹੈ। ਇਸ ਬਜਟ ਵਿਚ ਪਿਛਲੇ ਤਿੰਨ ਸਾਲਾਂ ਤੋਂ ਕੋਈ ਵਾਧਾ ਨਹੀਂ ਹੋਇਆ। ਕੀ ਏਨੀ ਕੁ ਸਹਾਇਤਾ ਇੱਕ ਯੂਨੀਵਰਸਿਟੀ ਲਈ ਕਾਫੀ ਹੈ।

ਭਾਰਤ ਵਿਚ ਸੰਘੀ ਲੋਕਤੰਤਰਿਕ ਵਿਵਸਥਾ ਹੈ। ਕੇਂਦਰ ਅਤੇ ਰਾਜਾਂ ਦੇ ਸੰਬੰਧ ਜਦੋਂ ਵਿਗੜਦੇ ਹਨ ਤਾਂ ਸੂਬਿਆਂ ਦੀ ਸੰਘੀ ਘੁੱਟੀ ਜਾਂਦੀ ਹੈ। ਵੱਖੋ-ਵੱਖਰੇ ਖੇਤਰਾਂ ਦੇ ਨਾਲ ਸਿੱਖਿਆ ਖੇਤਰ ਵੀ ਇਸ ਦਾ ਖਮਿਆਜ਼ਾ ਭੁਗਤਦਾ ਹੈ। ਮੱਧ ਪ੍ਰਦੇਸ਼, ਹਰਿਆਣਾ, ਕਰਨਾਟਕ ਵਿਚ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਹੋਇਆਂ ਦੋ ਸਾਲ ਬੀਤ ਗਏ ਹਨ, ਪਰ ਤਾਮਿਲਨਾਡੂ, ਪੱਛਮੀ ਬੰਗਾਲ ਅਤੇ ਕੁਝ ਹੋਰ ਰਾਜਾਂ ਸਮੇਤ ਪੰਜਾਬ ਦੇ ਇਹ ਸਿੱਖਿਆ ਨੀਤੀ ਲਾਗੂ ਕਰਨ ਵੱਲ ਕੁਝ ਕਦਮ ਵੀ ਅੱਗੇ ਨਹੀਂ ਵਧੇ। ਅਸਲ ਵਿਚ ਰਾਜਾਂ ਦੀਆਂ ਯੂਨੀਵਰਸਿਟੀਆਂ ਫਾਕੇ ਕੱਟ ਰਹੀਆਂ ਹਨ, ਅਧਿਆਪਕਾਂ ਦੀ ਕਮੀ ਹੈ। ਆਰਥਕ ਤੰਗੀ, ਸਿਆਸੀ ਦਖਲ, ਅਕਾਦਮਿਕ ਭੈੜਾ ਪ੍ਰਬੰਧ ਅਤੇ ਬਰਾਬਰ ਦੇ ਮੌਕਿਆਂ ਦੀ ਕਮੀ ਨੇ ਯੂਨੀਵਰਸਿਟੀਆਂ ਦੇ ਹਾਲਾਤ ਵਿਗਾੜੇ ਹੋਏ ਹਨ। ਉਪਰੋਂ ਕੇਂਦਰ ਸਰਕਾਰ ਦੀਆਂ ਵਪਾਰਕ ਅਤੇ ਨਿੱਜੀਕਰਨ ਨੀਤੀਆਂ ਉੱਚ ਸਿੱਖਿਆ ਦਾ ਕਚੂੰਬਰ ਕੱਢ ਰਹੀਆਂ ਹਨ।

ਸਾਲ 2013 'ਚ ਰਾਸ਼ਟਰੀ ਉੱਚ ਸਿੱਖਿਆ ਅਭਿਆਨ (ਰੂਸਾ) ਇਕ ਪ੍ਰੋਗਰਾਮ ਕੇਂਦਰ ਸਰਕਾਰ ਨੇ ਸ਼ੁਰੂ ਕੀਤਾ। ਇਸ ਦਾ ਉਦੇਸ਼ ਰਾਜ ਸਰਕਾਰਾਂ ਨੂੰ ਉਚੇਰੀ ਬਿਹਤਰ ਸਿੱਖਿਆ ਲਈ ਫੰਡਿੰਗ ਕਰਨਾ ਸੀ। ਇਹ ਇਕ ਕਿਸਮ ਦੀ ਰਾਜਨੀਤਕ ਫੰਡਿੰਗ ਬਣ ਕੇ ਰਹਿ ਗਈ। ਰੂਸਾ ਅਧੀਨ ਮੁਲਾਂਕਣ ਦੇ ਅਧਾਰ 'ਤੇ ਰਾਜਾਂ ਲਈ 60:40 ਦੇ ਅਨੁਪਾਤ ਅਤੇ ਕੇਂਦਰੀ ਸ਼ਾਸਤ ਪ੍ਰਦੇਸ਼ਾਂ ਲਈ 90:10 ਦੇ ਅਨੁਪਾਤਾਂ ਨਾਲ ਪ੍ਰਾਜੈਕਟਾਂ ਲਈ ਵਿੱਤੀ ਸਹਾਇਤਾ ਦੇਣਾ ਸੀ, ਪਰ ਇਹ ਸਹਾਇਤਾ ਸੀਮਤ ਰਹੀ ਅਤੇ 'ਪਹੁੰਚ' ਇਸ ਸਹਾਇਤਾ ਦਾ ਅਧਾਰ ਬਣ ਗਈ। ਭਾਵ ਜਿਥੇ ਅਤੇ ਜਿਸ ਰਾਜ ਵਿਚ ਹਾਕਮ ਚਾਹੁੰਦੇ, ਉਥੇ ਹੀ ਇਹ ਪ੍ਰਾਜੈਕਟ ਦਿੱਤੇ ਜਾਂਦੇ ਹਨ। ਕੀ ਇਹ ਸਿੱਖਿਆ ਪ੍ਰਤੀ ਸਹੀ ਪਹੁੰਚ ਹੈ?

ਪੁਰਾਤਨ ਕਾਲ ਵਿਚ ਸਿੱਖਿਆ ਦਾ ਮਨੋਰਥ ਧਰਮ ਨਾਲ ਜੁੜਿਆ ਹੋਇਆ ਸੀ ਅਤੇ ਕਿਸੇ ਵਿਸ਼ੇਸ਼ ਜਾਤ ਅਤੇ ਲਿੰਗ (ਭਾਵ ਮਰਦ ਜਾਂ ਔਰਤਾਂ) ਦਾ ਹੀ ਹੱਕ ਸੀ। ਇਹਨਾਂ ਸਮਿਆਂ 'ਚ ਭਾਰਤ 'ਚ ਸਿਰਫ਼ ਉੱਚ ਜਾਤਾਂ ਦੇ ਮਰਦ ਹੀ ਪੜ੍ਹਾਈ ਕਰਨ ਦੇ ਹੱਕਦਾਰ ਸਨ। ਅੰਗਰੇਜ਼ ਸਮਕਾਲ ਸਮੇਂ ਸਿੱਖਿਆ ਖੇਤਰ 'ਚ ਤਬਦੀਲੀ ਆਈ। ਸਕੂਲ, ਕਾਲਜ ਖੁੱਲ੍ਹੇ। ਮਿਸ਼ਨਰੀ ਲੋਕਾਂ ਨੇ ਸਿੱਖਿਆ ਆਮ ਆਦਮੀ ਤੱਕ ਪਹੁੰਚਾਉਣ ਦਾ ਯਤਨ ਕੀਤਾ। ਉਚੇਰੀ ਸਿੱਖਿਆ ਲਈ ਵੀ ਦਰਵਾਜ਼ੇ ਖੁੱਲ੍ਹੇ। ਅਜ਼ਾਦੀ ਤੋਂ ਬਾਅਦ ਸਿੱਖਿਆ ਸਭ ਲਈ ਦੇਣ ਦਾ ਸੰਕਲਪ ਸਾਹਮਣੇ ਆਇਆ। ਸਭ ਲਈ ਬਰਾਬਰ ਦੀ ਸਿੱਖਿਆ ਦੀ ਮੰਗ ਵੀ ਉੱਠੀ। ਸੰਵਿਧਾਨ ਵਿਚ ਸਿੱਖਿਆ ਦਾ ਅਧਿਕਾਰ ਦਰਜ ਹੋਇਆ।

ਇਸ ਦੌਰਾਨ ਯੂਨੀਵਰਸਿਟੀਆਂ ਪ੍ਰਾਈਵੇਟ ਹੱਥਾਂ 'ਚ ਵਧਣ ਕਾਰਨ ਸਿੱਖਿਆ ਦਾ ਮਿਆਰ ਵੀ ਘਟਿਆ। ਸਿੱਖਿਆ ਸੰਸਥਾਵਾਂ ਵਪਾਰਕ ਅਦਾਰਿਆਂ ਵਜੋਂ ਵਿਕਸਤ ਹੋਈਆਂ ਅਤੇ ਅੱਜ ਸਥਿਤੀ ਇਹ ਹੈ ਕਿ ਨਿੱਜੀਕਰਨ ਪਾਲਿਸੀ ਨੇ ਉੱਚ ਸਿੱਖਿਆ ਨੂੰ ਹਥਿਆ ਲਿਆ ਹੈ। ਨਵੇਂ-ਨਵੇਂ ਕੋਰਸ ਇਹਨਾਂ ਯੂਨੀਵਰਸਿਟੀਆਂ ਵੱਲੋਂ ਧਨ ਕਮਾਉਣ ਲਈ ਚਲਾਏ ਜਾ ਰਹੇ ਹਨ, ਜਿਹਨਾਂ ਦਾ ਕੋਈ ਮਿਆਰ ਵੀ ਨਹੀਂ। ਇੰਜ ਉੱਚ ਸਿੱਖਿਆ 'ਚ ਇਕ ਗੰਦਲਾਪਨ ਫੈਲਾਇਆ ਜਾ ਰਿਹਾ ਹੈ। ਇਹ ਉੱਚ ਸਿੱਖਿਆ ਲਈ ਇਕ ਵੱਡੀ ਚੁਣੌਤੀ ਹੈ। ਸਿੱਖਿਆ ਦਾ ਮੰਤਵ ਤਾਂ ਨਾ-ਬਰਾਬਰੀ ਖਤਮ ਕਰਕੇ ਇਕ ਨਿੱਗਰ ਸਮਾਜ ਦੀ ਸਿਰਜਣਾ ਕਰਨਾ ਹੈ। ਆਪਣੀ ਬੋਲੀ, ਸੱਭਿਆਚਾਰ ਨਾਲ ਜੁੜ ਕੇ ਇਕ ਚੇਤੰਨ ਮਨੁੱਖ ਬਣਨ ਵੱਲ ਅੱਗੇ ਵਧਣਾ ਹੈ, ਪਰ ਮੌਜੂਦਾ ਉੱਚ ਸਿੱਖਿਆ ਤਾਂ ਮਨੁੱਖ ਨਹੀਂ, ਮਸ਼ੀਨੀ ਪੁਰਜ਼ਾ ਬਣਨ, ਬਣਾਉਣ ਵੱਲ ਅੱਗੇ ਵਧ ਰਹੀ ਹੈ। ਇਹ ਕਿਸੇ ਤਰ੍ਹਾਂ ਵੀ ਸਮਾਜ ਦੇ ਹਿੱਤ ਵਿਚ ਨਹੀਂ ਹੈ।

ਬਿਨਾਂ ਸ਼ੱਕ ਦੁਨੀਆ ਭਰ ਵਿਚ ਉਚੇਰੀ ਸਿੱਖਿਆ ਦਾ ਮੰਤਵ ਬਦਲ ਰਿਹਾ ਹੈ। ਹੁਣ ਵਿਅਕਤੀਤਵ ਵਿਕਾਸ ਉਚੇਰੀ ਸਿੱਖਿਆ ਦਾ ਧੁਰਾ ਹੈ, ਜਿਸ ਨੂੰ ਆਰਥਿਕਤਾ 'ਚ ਹੁਲਾਰਾ, ਟੈਕਨਾਲੋਜੀ ਵਿਕਾਸ ਲਈ ਵਰਤੇ ਜਾਣ ਮਿਥਿਆ ਹੈ, ਤਾਂ ਕਿ ਸਮਾਜਿਕ ਤਬਦੀਲੀ ਤੇਜ਼ੀ ਨਾਲ ਵਧੇ। ਉਚੇਰੀ ਸਿੱਖਿਆ ਹੁਣ ਨਵੀਂ ਜਾਣਕਾਰੀ, ਖੋਜ ਅਤੇ ਨਵੀਆਂ ਤਕਨੀਕਾਂ ਨਾਲ ਲੈਸ, ਬਜ਼ਾਰ ਮੰਡੀ ਦੀਆਂ ਲੋੜਾਂ ਅਨੁਸਾਰ ਵਿਦਿਆਰਥੀਆਂ ਨੂੰ ਵਰਤਣ ਦਾ ਸੰਦ-ਪੁਰਜ਼ਾ ਬਣਦੀ ਜਾ ਰਹੀ ਹੈ। ਇਹ ਬਹੁਤੀਆਂ ਹਾਲਤਾਂ 'ਚ ਮਨੁੱਖ ਨੂੰ ਮਸ਼ੀਨ ਬਣਾਉਣ ਤੁਲ ਹੈ। ਭਾਰਤ ਦੇਸ਼, ਜਿਹੜਾ ਨੈਤਿਕ ਮੁੱਲਾਂ ਲਈ ਜਾਣਿਆ ਜਾਂਦਾ ਹੈ, ਇਸੇ ਰਾਹ ਪਾਇਆ ਜਾ ਰਿਹਾ ਹੈ, ਇਹ ਦੱਸ ਕੇ ਕਿ ਭਾਰਤ ਵਿਸ਼ਵ ਮਹਾਂਸ਼ਕਤੀ ਬਣ ਰਿਹਾ ਹੈ, ਪਰ ਸਮਾਂ ਹੈ ਦੇਸ਼ ਨੂੰ ਸਿੱਖਿਆ, ਸਿਹਤ ਅਤੇ ਜੀਵਨ ਮੁੱਲਾਂ ਦੀ ਚਿੰਤਾ ਕਰਨੀ ਪਵੇਗੀ। ਇਹ ਸਿਰਫ਼ ਤੇ ਸਿਰਫ਼ ਸਭ ਲਈ ਸਿੱਖਿਆ ਅਤੇ ਉੱਚ ਸਿੱਖਿਆ ਰਾਹੀਂ ਸੰਭਵ ਹੈ।

***# ਸੰਪਰਕ : 98158-02070***

# ਯੁੱਧ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੁੰਦੇ


ਸੁਰਜੀਤ ਸਿੰਘ ਫਲੋਰਾ

ਗਾਜ਼ਾ ਵਿੱਚ ਵਾਪਰ ਰਹੀ ਤ੍ਰਾਸਦੀ ਦੇ ਵਿਚਕਾਰ ਜੋ ਨਿਰਦੋਸ਼ ਨਾਗਰਿਕ ਔਰਤਾਂ ਅਤੇ ਬੱਚਿਆਂ 'ਤੇ ਹੋ ਰਹੇ ਲਗਾਤਾਰ ਅੱਤਿਆਚਾਰ, ਖਾਸ ਤੌਰ 'ਤੇ ਅਲ-ਸ਼ਿਫਾ ਹਸਪਤਾਲ ਵਿੱਚ ਅਤੇ ਇਸ ਦੇ ਆਲੇ-ਦੁਆਲੇ ਦੇ ਹਮਲਿਆਂ ਦੀ ਸਖਤ ਲਫਜ਼ਾਂ ਵਿਚ ਨਿਖੇਧੀ ਕਰਨੀ ਬਣਦੀ ਹੈ।

ਇਜ਼ਰਾਈਲ ਦੀਆਂ ਕਾਰਵਾਈਆਂ ਗਲਤ ਹਨ। ਸੰਖੇਪ ਚਰਚਾਵਾਂ ਅਤੇ ਦਾਰਸ਼ਨਿਕ ਬਹਿਸਾਂ ਹਮਾਸ ਦੇ ਅਗਵਾ ਅਤੇ ਕਤਲਾਂ ਤੋਂ ਪ੍ਰਭਾਵਿਤ ਪਰਵਾਰਾਂ ਨੂੰ ਦਿਲਾਸਾ ਨਹੀਂ ਦਿੰਦੀਆਂ। ਜੇ ਸਾਡੇ ਬੱਚਿਆਂ ਨੂੰ ਅਜਿਹੇ ਅੱਤਿਆਚਾਰਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਅਸੀਂ ਕਿਵੇਂ ਪ੍ਰਤੀਕਿਰਿਆ ਕਰਾਂਗੇ? ਅਸੀਂ ਇਨਸਾਫ਼ ਕਿਵੇਂ ਮੰਗ ਸਕਦੇ ਹਾਂ? ਫੋਕੇ ਸ਼ਬਦਾਂ ਅਤੇ ਅਕਿਰਿਆਸ਼ੀਲਤਾ ਦਾ ਸਮਾਂ ਖਤਮ ਹੋ ਗਿਆ ਹੈ। ਫਲਸਤੀਨੀ ਲੋਕ ਸ਼ਾਂਤੀ, ਸੁਰੱਖਿਆ ਅਤੇ ਹਿੰਸਾ ਤੋਂ ਆਜ਼ਾਦੀ ਦੇ ਹੱਕਦਾਰ ਹਨ।

ਫਲਸਤੀਨੀ ਸੰਘਰਸ਼ ਦੇ ਆਲੇ-ਦੁਆਲੇ ਦੀਆਂ ਬਹਿਸਾਂ ਲੰਮੇ ਸਮੇਂ ਤੋਂ ਇਤਿਹਾਸ ਦੇ ਅਥਾਹ ਕੁੰਡ ਵਿੱਚ ਅਲੋਪ ਹੋ ਗਈਆਂ ਹਨ। ਹਾਲਾਂਕਿ ਇਜ਼ਰਾਈਲ ਦੀ ਸਿਰਜਣਾ ਬਿਨਾਂ ਸ਼ੱਕ ਫਲਸਤੀਨੀ ਲੋਕਾਂ ਦੇ ਵਿਰੁੱਧ ਇੱਕ ਬਹੁਤ ਵੱਡੀ ਬੇਇਨਸਾਫੀ ਸੀ, ਅਜਿਹੇ ਜ਼ੁਲਮ ਅਤੇ ਹੇਰਾਫੇਰੀ ਦੀਆਂ ਕਾਰਵਾਈਆਂ ਬੇਮਿਸਾਲ ਨਹੀਂ ਹਨ। ਤਾਕਤਵਰਾਂ ਦੇ ਹੱਥਾਂ ਨੇ ਵਾਰ-ਵਾਰ ਪੱਛਮੀ ਏਸ਼ੀਆ ਦੇ ਸਿਆਸੀ ਨਕਸ਼ੇ ਨੂੰ ਮੁੜ ਉਲੀਕਿਆ ਹੈ, ਜਿਸ ਨਾਲ ਅਰਬ ਲੋਕਾਂ ਨੂੰ ਤਬਦੀਲੀ ਅਤੇ ਉਥਲ-ਪੁਥਲ ਦੇ ਧੋਖੇਬਾਜ਼ ਸੱਤਾ ਦੇ ਭੁੱਖੇ ਲੀਡਰਾਂ ਨੂੰ ਨੈਵੀਗੇਟ ਕਰਨ ਲਈ ਛੱਡ ਦਿੱਤਾ ਗਿਆ ਹੈ। ਅਰਬ-ਇਜ਼ਰਾਈਲੀ ਟਕਰਾਅ ਨੂੰ ਵੱਖਰਾ ਕਰਨ ਵਾਲੀ ਸੋਚ ਧਾਰਮਿਕ, ਸੱਭਿਆਚਾਰਕ ਅਤੇ ਨਸਲੀ ਨਫ਼ਰਤ ਦਾ ਘਾਤਕ ਮਿਸ਼ਰਣ ਹੈ, ਜੋ ਸਦੀਆਂ ਦੀ ਦੁਸ਼ਮਣੀ ਅਤੇ ਵਿਨਾਸ਼ਕਾਰੀ ਯੁੱਧਾਂ ਦੀ ਲੜੀ ਦੁਆਰਾ ਵਧਾਇਆ ਗਿਆ ਹੈ। ਸੰਸਾਰ ਆਪਣੇ ਗੁੰਝਲਦਾਰ ਪਾਖੰਡ, ਜੇਤੂਆਂ ਦੀ ਬਹਾਦਰੀ ਦਾ ਜਸ਼ਨ ਮਨਾਉਂਦੇ ਹੋਏ ਅਤੇ ਜਿੱਤੇ ਹੋਏ ਲੋਕਾਂ ਦਾ ਮਜ਼ਾਕ ਉਡਾਉਂਦੇ ਹੋਏ, ਯੁੱਧ ਦੀ ਅਮਾਨਵੀ ਬੇਰਹਿਮੀ ਦਾ ਵਿਰਲਾਪ ਕਰਦਾ ਹੈ। ਅਰਬਾਂ ਦੀਆਂ ਲਗਾਤਾਰ ਹਾਰਾਂ ਤੋਂ, ਉਹਨਾਂ ਦੀ ਘਟੀਆ ਫੌਜੀ ਸਮਰੱਥਾ ਮਖੌਲ ਅਤੇ ਨਫ਼ਰਤ ਦਾ ਵਿਸ਼ਾ ਬਣ ਕੇ ਰਹਿ ਗਏ ਹਨ। ਨਿਰਾਸ਼ਾ ਅਤੇ ਜ਼ਖਮੀ ਹੰਕਾਰ ਦੇ ਕਾਰਨ ਕੁਝ ਕੁ ਗੁੰਮਰਾਹਕੁੰਨ ਰੂਹਾਂ ਬਦਲਾ ਲੈਣ ਦੇ ਰਾਹ 'ਤੇ ਚੱਲ ਪਈਆਂ, ਉਨ੍ਹਾਂ ਦੀਆਂ ਕਾਰਵਾਈਆਂ ਆਖਰਕਾਰ ਅੱਤਵਾਦ ਦੀਆਂ ਗਤੀਵਿਧੀਆਂ ਨੂੰ ਭੜਕਾਉਂਦੀਆਂ ਹਨ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਹੋਰ ਠੋਸ ਕਦਮ ਚੁੱਕਣ ਲਈ ਮਜਬੂਰ ਕਰ ਰਹੀਆਂ ਹਨ। ਇਸ ਟਕਰਾਅ ਦੀ ਗੰਭੀਰਤਾ ਨਾ ਸਿਰਫ਼ ਇਸ ਦੇ ਗੁੰਝਲਦਾਰ ਸੁਭਾਅ ਵਿੱਚ ਹੈ, ਸਗੋਂ ਇਸ ਦੀ ਰਣਨੀਤਕ ਮਹੱਤਤਾ ਵਿੱਚ ਵੀ ਹੈ, ਖੇਤਰ ਦੇ ਵਿਸ਼ਾਲ ਤੇਲ ਭੰਡਾਰਾਂ ਅਤੇ ਵਿਸ਼ਵ ਸ਼ਕਤੀਆਂ ਵਿਚਕਾਰ ਭੂ-ਰਾਜਨੀਤਕ ਸ਼ਤਰੰਜ ਮੈਚ ਇੱਕ ਵਿਸਫੋਟਕ ਪਹਿਲੂ ਜੋੜਦੇ ਹੋਏ ਭਿਆਨਕ ਰੂਪ ਲੈ ਰਿਹਾ ਹੈ। ਬੇਰਹਿਮ ਅੱਤਵਾਦੀ ਸੰਗਠਨਾਂ ਦੀ ਹੋਂਦ, ਉਹਨਾਂ ਦੀਆਂ ਬਦਲਦੀਆਂ ਪ੍ਰਤੀਬੱਧਤਾਵਾਂ ਅਤੇ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਅਟੱਲ ਦ੍ਰਿੜ੍ਹਤਾ ਦੇ ਨਾਲ, ਸਥਿਤੀ ਨੂੰ ਹੋਰ ਗੁੰਝਲਦਾਰ ਬਣਾਉਂਦੀ ਜਾ ਰਹੀ ਹੈ। ਦਰਅਸਲ, ਇਹ ਹਮਲਾ ਕੋਈ ਹੈਰਾਨੀ ਵਾਲੀ ਗੱਲ ਨਹੀਂ ਸੀ। ਇਹ ਦਮਨਕਾਰੀ ਸਰਕਾਰਾਂ ਅਤੇ ਖੜੋਤ ਵਾਲੀ ਆਰਥਿਕਤਾ ਨਾਲ ਸਾਲਾਂ ਦੀ ਅਸੰਤੁਸ਼ਟੀ ਦਾ ਨਤੀਜਾ ਸੀ। ਵਿਦਰੋਹ ਜਮਹੂਰੀਅਤ ਦੀ ਪ੍ਰਾਪਤੀ ਦੀ ਬਜਾਏ ਰੁਜ਼ਗਾਰ, ਭੋਜਨ ਅਤੇ ਸੁਰੱਖਿਆ ਵਰਗੀਆਂ ਬੁਨਿਆਦੀ ਲੋੜਾਂ ਦੁਆਰਾ ਚਲਾਇਆ ਗਿਆ ਸੀ। ਅਮਰੀਕਾ ਅਤੇ ਹੋਰ ਪੱਛਮੀ ਸ਼ਕਤੀਆਂ ਇਸ ਦੇ ਪਿੱਛੇ ਮੂਲ ਰਾਜਨੀਤਕ ਅਤੇ ਆਰਥਿਕ ਮੁੱਦਿਆਂ ਨੂੰ ਪੂਰੀ ਤਰ੍ਹਾਂ ਸਮਝੇ ਬਿਨਾਂ ਬਗਾਵਤ ਦਾ ਸਮਰਥਨ ਕਰਨ ਲਈ ਬਹੁਤ ਤੇਜ਼ ਸਨ। ਬਗਾਵਤ ਨੇ ਪੱਛਮੀ ਏਸ਼ੀਆ ਵਿੱਚ ਇੱਕ ਸ਼ਕਤੀ ਖਲਾਅ ਪੈਦਾ ਕਰ ਦਿੱਤਾ, ਜਿਸ ਨੂੰ ਕੱਟੜਪੰਥੀ ਸਮੂਹਾਂ ਅਤੇ ਤਾਨਾਸ਼ਾਹੀ ਸ਼ਾਸਨ ਦੁਆਰਾ ਭਰ ਦਿੱਤਾ ਗਿਆ। ਪੱਛਮੀ ਏਸ਼ੀਆ ਵਿੱਚ ਅਮਰੀਕੀ ਵਿਦੇਸ਼ ਨੀਤੀ ਨੇ ਖੇਤਰੀ ਅਸਥਿਰਤਾ ਨੂੰ ਵਧਾ ਦਿੱਤਾ ਹੈ ਅਤੇ ਇਸ 'ਤੇ ਗੰਭੀਰਤਾ ਨਾਲ ਮੁੜ ਵਿਚਾਰ ਕਰਨ ਦੀ ਲੋੜ ਹੈ।

ਮੌਜੂਦਾ ਦੌਰ ਵਿੱਚ ਯਹੂਦੀਆਂ ਵਿਰੁੱਧ ਨਫ਼ਰਤ ਇਜ਼ਰਾਈਲ ਦੇ ਵਿਰੁੱਧ ਰੈਲੀ ਕਰਨ ਬਾਰੇ ਨਹੀਂ ਹੈ, ਬਲਕਿ ਲੋੜ ਦੇ ਸਮੇਂ ਅਰਬ ਏਕਤਾ ਦੀ ਅਪੀਲ ਕਰਨ ਬਾਰੇ ਹੈ। ਇਹ ਇਜ਼ਰਾਈਲ ਨੂੰ ਖਤਮ ਕਰਨ ਬਾਰੇ ਨਹੀਂ ਹੈ, ਪਰ ਦੋਵਾਂ ਪੱਖਾਂ ਲਈ ਸਮਝੌਤਾ ਲੱਭਣਾ ਜ਼ਰੂਰੀ ਹੈ, ਉਨ੍ਹਾਂ ਲੋਕਾਂ ਨੂੰ ਅਮਨ -ਅਮਾਨ ਨਾਲ ਜਿਉਣ ਦਾ ਮੌਕਾ ਦੇਣਾ ਹੈ ਜਿਨ੍ਹਾਂ ਦਾ ਸ਼ੋਸ਼ਣ ਕੀਤਾ ਗਿਆ ਹੈ। ਇਜ਼ਰਾਈਲ 'ਤੇ ਹਮਲਾ ਕਰਨਾ ਫਲਸਤੀਨੀ ਸੰਘਰਸ਼ ਵਿੱਚ ਮਹੱਤਵਪੂਰਨ ਯੋਗਦਾਨ ਨਹੀਂ ਪਾਉਂਦਾ; ਜਦੋਂ ਕਿ ਇਜ਼ਰਾਈਲ ਗਲਤ ਹੈ, ਇਹ ਜਾਣਨਾ ਜ਼ਰੂਰੀ ਹੈ ਕਿ ਉਹ ਇਕੱਲੇ ਅਪਰਾਧੀ ਨਹੀਂ ਹਨ। ਉਹ ਪੁਰਾਣੀਆਂ ਪੀੜ੍ਹੀਆਂ ਦੇ ਕੰਮਾਂ ਦੀ ਕੀਮਤ ਅਦਾ ਕਰ ਰਹੇ ਹਨ, ਜੋ ਹੁਣ ਇਸ ਦੁਨੀਆ ਤੋਂ ਰੁਖਸਤ ਹੋ ਚੁਕੇ ਹਨ।

ਫਲਸਤੀਨੀ ਧੜਿਆਂ ਵਿਚ ਡੂੰਘੀ ਫੈਲੀ ਹੋਈ ਮੱਤਭੇਦ ਨੂੰ ਵਿਚਾਰਧਾਰਕ, ਨਿੱਜੀ ਰੰਜਿਸ਼ਾਂ ਅਤੇ ਗੁਆਂਢੀ ਅਰਬ ਦੇਸ਼ਾਂ ਦੀ ਦਖਲਅੰਦਾਜ਼ੀ ਦੁਆਰਾ ਵਧਾਇਆ ਗਿਆ ਹੈ, ਜਿਨ੍ਹਾਂ ਨੇ ਆਪਣੇ ਰਾਜਨੀਤਕ ਏਜੰਡੇ ਨੂੰ ਅੱਗੇ ਵਧਾਉਣ ਲਈ ਫਲਸਤੀਨ ਦੇ ਮੁੱਦੇ ਦਾ ਸ਼ੋਸ਼ਣ ਕੀਤਾ ਹੈ। ਫਲਸਤੀਨੀ ਖੇਤਰੀ ਸੱਤਾ ਦੀ ਰਾਜਨੀਤੀ ਦੀ ਖੇਡ ਵਿੱਚ ਸਿਰਫ਼ ਮੋਹਰੇ ਬਣ ਗਏ ਹਨ, ਸਵੈ-ਨਿਰਣੇ ਲਈ ਉਨ੍ਹਾਂ ਦੀਆਂ ਇੱਛਾਵਾਂ ਰਣਨੀਤਕ ਹਿੱਤਾਂ ਦੀ ਵੇਦੀ 'ਤੇ ਕੁਰਬਾਨ ਹੋ ਗਈਆਂ ਹਨ। ਇਸੇ ਤਰ੍ਹਾਂ ਫਲਸਤੀਨੀ ਸੰਸਥਾਵਾਂ ਦੇ ਅੰਦਰ ਭ੍ਰਿਸ਼ਟਾਚਾਰ, ਨਿਰਾਸ਼ਾ ਅਤੇ ਭਰਮ ਦੀ ਅੱਗ ਨੂੰ ਭੜਕਾਉਂਦਾ ਹੈ, ਜਨਤਕ ਵਿਸ਼ਵਾਸ ਅਤੇ ਜਾਇਜ਼ਤਾ ਨੂੰ ਖਤਮ ਕਰਦਾ ਹੈ। ਸੰਪਰਦਾਇਕ ਹਿੰਸਾ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਾਰਨ ਨੂੰ ਵਿਗਾੜਦੀ ਹੈ ਅਤੇ ਅੰਤਰਰਾਸ਼ਟਰੀ ਸਮਰਥਨ ਨੂੰ ਗੁੰਝਲਦਾਰ ਬਣਾਉਂਦੀ ਹੈ, ਨਾ ਕਿ ਪ੍ਰਤੀਕਾਤਮਕ ਹਮਦਰਦੀ ਪ੍ਰਾਪਤ ਕਰਨ ਦੀ ਬਜਾਏ ਇਹ ਅੰਦਰੂਨੀ ਚੁਣੌਤੀਆਂ ਬਾਹਰੀ ਕਾਰਕਾਂ ਨਾਲ ਜੁੜੀਆਂ ਹੋਈਆਂ ਹਨ, ਜਿਵੇਂ ਕਿ ਗੁਆਂਢੀ ਅਰਬ ਦੇਸ਼ਾਂ ਦੇ ਨਿਹਿਤ ਹਿੱਤ, ਫਲਸਤੀਨੀ ਲੋਕਾਂ ਲਈ ਇੱਕ ਭੁਲੇਖਾ ਪੈਦਾ ਕਰਦੇ ਹਨ। ਅਮਰੀਕਾ, ਕੈਨੇਡਾ ਦੇ ਨਾਗਰਿਕਾਂ ਸਮੇਤ ਅਣਗਿਣਤ ਲੋਕਾਂ ਦਾ ਫਿਲਸਤੀਨੀ ਲੋਕਾਂ ਨਾਲ ਇਕਮੁੱਠਤਾ ਦਿਖਾਉਣ ਦਾ ਦ੍ਰਿਸ਼ ਸੱਚਮੁੱਚ ਪ੍ਰੇਰਨਾਦਾਇਕ ਹੈ। ਵੀਅਤਨਾਮ, ਇਰਾਕ ਅਤੇ ਪੱਛਮੀ ਏਸ਼ੀਆ ਦੇ ਹੋਰ ਹਿੱਸਿਆਂ ਵਿੱਚ ਜੰਗਾਂ ਦੇ ਜਵਾਬ ਵਿੱਚ ਪੂਰੇ ਸੰਯੁਕਤ ਰਾਜ ਵਿੱਚ ਇਹੋ ਜਿਹੇ ਦ੍ਰਿਸ਼ ਸਾਹਮਣੇ ਆਏ ਹਨ। ਹਾਲਾਂਕਿ ਵਿਰੋਧ ਪ੍ਰਦਰਸ਼ਨ ਸਹੀ ਸਨ, ਪਰ ਉਨ੍ਹਾਂ ਨੇ ਅਮਰੀਕੀ ਵਿਦੇਸ਼ ਨੀਤੀ ਨੂੰ ਨਹੀਂ ਬਦਲਿਆ। ਅਮਰੀਕਾ ਆਪਣੇ ਨਜ਼ਦੀਕੀ ਸਹਿਯੋਗੀਆਂ ਦੇ ਵਿਰੋਧ ਦੇ ਬਾਵਜੂਦ ਕਿਊਬਾ ਅਤੇ ਵੈਨਜ਼ੂਏਲਾ ਵਰਗੇ ਦੇਸ਼ਾਂ 'ਤੇ ਸਖ਼ਤ ਪਾਬੰਦੀਆਂ ਦਾ ਸਮਰਥਨ ਕਰਨਾ ਜਾਰੀ ਰੱਖਦਾ ਹੈ। 70 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਫਲਸਤੀਨ ਉੱਤੇ ਇਜ਼ਰਾਈਲ ਦੀ ਸਿਰਜਣਾ ਤੋਂ ਬਾਅਦ ਫਲਸਤੀਨੀ ਕਾਜ਼ ਲਈ ਏਨਾ ਮਜ਼ਬੂਤ ਜਨਤਕ ਸਮਰਥਨ ਮਿਲਿਆ ਹੈ। ਯਹੂਦੀਆਂ 'ਤੇ ਹਾਲ ਹੀ ਦੇ ਵਹਿਸ਼ੀਆਨਾ ਹਮਲਿਆਂ ਪ੍ਰਤੀ ਇਜ਼ਰਾਈਲ ਦੇ ਅਸਪੱਸ਼ਟ ਜਵਾਬ ਦੇ ਕਾਰਨ ਸਮਰਥਨ ਦਾ ਵਾਧਾ ਸੰਭਾਵਤ ਹੈ। ਹਮਾਸ ਦੇ ਹਮਲਿਆਂ ਤੋਂ ਥੋੜ੍ਹੀ ਦੇਰ ਬਾਅਦ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਗਾਜ਼ਾ ਵਿੱਚ ਇੱਕ ਫੌਜੀ ਕਾਰਵਾਈ ਸ਼ੁਰੂ ਕੀਤੀ, ਜੋ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਜਾਰੀ ਹੈ। ਫਲਸਤੀਨੀ ਜ਼ਮੀਨ ਇਜ਼ਰਾਈਲ ਵਿੱਚ ਸੁੰਗੜ ਸਕਦੀ ਹੈ। ਇਜ਼ਰਾਈਲ ਦੇ ਜਵਾਬਾਂ ਦੀ ਆਲੋਚਨਾ ਕਰਨ ਲਈ ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਇੱਕ ਬੇਰਹਿਮ ਹਮਲੇ ਲਈ ਇੱਕ ਸਭਿਅਕ ਜਵਾਬੀ ਹਮਲੇ ਦੀ ਲੋੜ ਨਹੀਂ ਹੁੰਦੀ। ਜੋ ਸੰਘਰਸ਼ ਸੰਕਟ ਨੂੰ ਵਿਗਾੜਦਾ ਹੈ, ਸਾਨੂੰ ਇਸ ਨੂੰ ਹੱਲ ਕਰਨ 'ਤੇ ਧਿਆਨ ਦੇਣਾ ਚਾਹੀਦਾ ਹੈ। ਪੱਛਮ ਦੇ ਪਤਨ ਦੀਆਂ ਭਵਿੱਖਬਾਣੀਆਂ ਦੇ ਬਾਵਜੂਦ ਇਹ ਸੰਕਟ ਪੱਛਮ ਨੂੰ ਆਪਣੀਆਂ ਅੰਤਰਰਾਸ਼ਟਰੀ ਅਸਫਲਤਾਵਾਂ ਅਤੇ ਯੂਕਰੇਨ ਵਿੱਚ ਸੰਘਰਸ਼ ਤੋਂ ਧਿਆਨ ਕੇਂਦਰਿਤ ਕਰਨ ਦਾ ਇੱਕ ਮੌਕਾ ਪ੍ਰਦਾਨ ਕਰਦਾ ਹੈ।

ਕੀ ਫਲਸਤੀਨੀ ਨੇਤਾਵਾਂ ਦੇ ਚੱਲ ਰਹੇ ਸੰਘਰਸ਼ਾਂ ਦੇ ਬਾਵਜੂਦ, ਨਿੱਜੀ ਸੱਤਾ ਲਈ ਰਾਸ਼ਟਰੀ ਏਕਤਾ ਦੀ ਬਲੀ ਦਿੱਤੀ ਜਾ ਰਹੀ ਹੈ? ਅਫਸੋਸ! ਸਮੂਹਿਕ ਸਜ਼ਾਵਾਂ ਜਾਂ ਯੁੱਧ ਸਮੱਸਿਆਵਾਂ ਦਾ ਹੱਲ ਨਹੀਂ ਹੁੰਦੇ। ਅੰਨ੍ਹੇਵਾਹ ਕਤਲ, ਕਿਸੇ ਵੀ ਲੜਾਈ ਜਾਂ ਰੰਜਸ਼ ਦਾ ਹੱਲ ਨਹੀਂ ਹੁੰਦਾ। ਇਤਿਹਾਸ ਦੱਸਦਾ ਹੈ ਕਿ ਇਹ ਅਸਫਲ ਰਿਹਾ ਹੈ। ਉਨ੍ਹਾ ਨੇ ਬੇਗੁਨਾਹਾਂ ਨੂੰ ਮਾਰਿਆ ਅਤੇ ਦਫ਼ਨਾਇਆ, ਇਹ ਸੋਚ ਕੇ ਕਿ ਉਹ ਮਰ ਗਏ ਹਨ। ਆਖਰਕਾਰ, ਉਹਨਾਂ ਨੂੰ ਅਹਿਸਾਸ ਹੋਵੇਗਾ ਕਿ ਉਹ ਬੀਜ ਸਨ, ਇੱਕ ਸੱਚਾਈ ਜੋ ਉਹਨਾਂ ਨੇ ਕਦੇ ਨਹੀਂ ਸਮਝੀ, ਨਫਰਤ ਤੇ ਸੱਤਾ ਦੀ ਭੁੱਖ ਨੂੰ ਬੰਦ ਕਰਨਾ ਬਹੁਤ ਜ਼ਰੂਰੀ ਹੈ, ਪਰ ਇਹ ਇਕੱਲੇ ਸੰਘਰਸ਼ ਦੇ ਜ਼ਖ਼ਮਾਂ 'ਤੇ ਮੱਲ੍ਹਮ ਨਹੀਂ ਲਾਏਗਾ। ਅਰਬ ਦੇਸ਼ਾਂ ਨੂੰ ਫਲਸਤੀਨੀਆਂ ਨੂੰ ਇੱਜ਼ਤ ਨਾਲ ਰਹਿਣ ਲਈ ਇਕਜੁੱਟ ਹੋਣਾ ਚਾਹੀਦਾ ਹੈ। ਖੁਸ਼ਹਾਲ ਅਰਬ ਦੇਸ਼ਾਂ ਦੇ ਲੋਕਾਂ ਵਾਂਗ ਫਲਸਤੀਨੀ ਵੀ ਬਿਹਤਰ ਜ਼ਿੰਦਗੀ ਦੇ ਹੱਕਦਾਰ ਹਨ। ਉਹ ਵੀ ਅਮਨ-ਅਮਾਨ ਤੇ ਆਪਣੇ ਪਰਵਾਰਾਂ ਨਾਲ ਖੁਸੀ ਨਾਲ ਰਹਿਣ ਦਾ ਹੱਕ ਰੱਖਦੇ ਹਨ।

**# ਸੰਪਰਕ : 647-829-9397**

# 70 ਘੰਟੇ ਕੰਮ ਬਨਾਮ ਕਿਰਤੀਆਂ ਦੇ ਹੱਕ


ਡਾ. ਬਲਜਿੰਦਰ ਸਿੰਘ

ਕਿਰਤ ਤੇ ਪੂੰਜੀ ਦਰਮਿਆਨ ਜੱਦੋਜਹਿਦ ਸੰਸਾਰ ਪੱਧਰ 'ਤੇ ਸਰਮਾਏਦਾਰਾਨਾ ਢਾਂਚੇ ਦੇ ਹੋਂਦ 'ਚ ਆਉਣ ਨਾਲ ਜੁੜੀ ਹੋਈ ਹੈ। ਹੋਰਨਾਂ ਢੰਗਾਂ ਨਾਲ ਕਿਰਤ ਦੀ ਲੁੱਟ ਨੂੰ ਬਰਕਰਾਰ ਰੱਖਣ ਤੇ ਹੋਰ ਜ਼ਿਆਦਾ ਵਧਾਉਣ ਲਈ ਪੂੰਜੀ ਕੋਲ ਮਜ਼ਦੂਰਾਂ ਦੀ ਲੁੱਟ ਨੂੰ ਜਰਬਾਂ ਦੇਣ ਲਈ ਮਜ਼ਦੂਰਾਂ ਤੋਂ ਵੱਧ ਤੋਂ ਵੱਧ ਕੰਮ ਲੈਣ ਤੇ ਇਓਂ ਵਧੇਰੇ ਮੁਨਾਫੇ ਕਮਾਉਣ ਦਾ ਇੱਕ ਬਹੁਤ ਹੀ ਬੁਨਿਆਦੀ ਢੰਗ ਮਜ਼ਦੂਰਾਂ ਦੇ ਕੰਮ ਦੇ ਘੰਟੇ ਵਧਾਉਣਾ ਰਿਹਾ ਹੈ। ਇਸ ਪ੍ਰਸੰਗ 'ਚ ਹੀ ਆਈ ਟੀ ਖੇਤਰ ਦੀ ਉੱਘੀ ਕੰਪਨੀ ਇਨਫੋਸਿਸ ਦੇ ਬਾਨੀ ਚੇਅਰਮੈਨ ਐੱਨ ਆਰ ਨਰਾਇਣਮੂਰਤੀ ਵੱਲੋਂ ਦੇਸ਼ ਦੇ ਨੌਜਵਾਨਾਂ ਨੂੰ ਦਿੱਤੀ ਸਲਾਹ ਨੂੰ ਵਾਚਿਆ ਜਾਣਾ ਚਾਹੀਦਾ ਹੈ।

ਮੂਰਤੀ ਦਾ ਦੱਸਣਾ ਹੈ ਕਿ ਦੂਜੀ ਸੰਸਾਰ ਜੰਗ ਤੋਂ ਬਾਅਦ ਦੇ ਅਰਸੇ 'ਚ ਜੇਕਰ ਜਾਪਾਨ ਤੇ ਜਰਮਨੀ ਵਰਗੇ ਦੇਸਾਂ ਦੇ ਲੋਕ ਆਪੋ-ਆਪਣੇ ਮੁਲਕਾਂ ਦੇ ਅਰਥਚਾਰਿਆਂ ਨੂੰ ਮੁੜ ਲੀਹਾਂ 'ਤੇ ਲਿਆਉਣ ਤੇ ਉਸਾਰ ਢਾਂਚੇ ਨੂੰ ਮੁੜ ਉਸਾਰਣ 'ਚ ਕਾਮਯਾਬ ਹੋਏ ਹਨ ਤਾਂ ਇਹ ਇਸ ਕਰਕੇ ਹੀ ਸੰਭਵ ਹੋਇਆ ਕਿ ਉਹਨਾਂ ਮੁਲਕਾਂ ਦੇ ਬਸ਼ਿੰਦਿਆਂ ਨੇ ਸਖਤ ਮਿਹਨਤ ਕੀਤੀ ਅਤੇ ਇਹ ਕਿ ਉਹਨਾਂ ਮੁਲਕਾਂ ਦੇ ਲੋਕਾਂ ਨੇ ਆਮ ਨਾਲੋਂ ਵੱਧ ਘੰਟੇ ਕੰਮ ਕਰਕੇ ਆਪਣੇ ਦੇਸਤ ਦੀ ਮੁੜ ਉਸਾਰੀ ਕੀਤੀ ਹੈ। ਹੋਰ ਅੱਗੇ ਚੱਲ ਕੇ ਮੂਰਤੀ ਦੀ ਇਹ ਨਸੀਹਤ ਹੈ ਕਿ ਸਾਰੇ ਭਾਰਤੀਆਂ ਨੂੰ ਹਰ ਹਫਤੇ 70 ਘੰਟੇ ਯਾਨੀ ਕਿ ਹਫਤੇ ਦੇ ਕੰਮ ਦੇ ਛੇ ਦਿਨਾਂ ਦੇ ਹਿਸਾਬ ਨਾਲ ਹਰ ਦਿਨ 12 ਘੰਟੇ ਕੰਮ ਕਰਨਾ ਚਾਹੀਦਾ ਹੈ।

ਹੁਣ ਸੁਆਲ ਪੈਦਾ ਹੁੰਦਾ ਹੈ ਕਿ ਵਰਕਰ ਪ੍ਰੋਡਕਟਿਵਿਟੀ ਕੀ ਹੁੰਦੀ ਹੈ? ਕੀ ਇਹ ਲੇਬਰ ਪ੍ਰੋਡਕਟਿਵਿਟੀ ਵਰਗੀ ਕੋਈ ਸ਼ੈਅ ਹੈ? ਦੋਨਾਂ ਦਰਮਿਆਨ ਫਰਕ ਸਿਰਫ ਇਹ ਹੈ ਕਿ ਵਰਕਰ ਉਤਪਾਦਕਤਾ ਅੰਦਰ 'ਵਰਕ' ਦਾ ਅਰਥ ਮਾਨਸਕ ਗਤੀਵਿਧੀ ਤੋਂ ਲਿਆ ਜਾਂਦਾ ਹੈ ਅਤੇ ਇੱਥੇ ਵਰਕਰ ਦਾ ਅਰਥ ਮਾਨਸਕ ਰੂਪ 'ਚ ਕੰਮ ਕਰਨ ਵਾਲੇ ਤੋਂ ਹੈ। ਜਦਕਿ ਲੇਬਰ ਉਤਪਾਦਕਤਾ ਦੇ ਮਾਮਲੇ 'ਚ 'ਵਰਕ' ਦਾ ਅਰਥ ਸਰੀਰਕ ਮੁਸ਼ੱਕਤ ਤੋਂ ਹੁੰਦਾ ਹੈ ਅਤੇ ਉਹ ਲੇਬਰ ਕੋਈ ਨਾ ਕੋਈ ਵਸਤ ਦੀ ਸਿਰਜਣਾ ਕਰਦੀ ਹੈ ਅਤੇ ਉਤਪਾਦਕਤਾ ਦਾ ਅਰਥ ਇਹ ਲਿਆ ਜਾਂਦਾ ਹੈ ਕਿ ਲੇਬਰ ਟਾਈਮ ਤੇ ਲੇਬਰ ਕੌਸਟ ਦੇ ਇੱਕ ਯੂਨਿਟ ਨੇ ਕਿੰਨਾ ਉਤਪਾਦਨ ਕੀਤਾ ਹੈ। ਵਿਸ਼ਾਲ ਅਰਥਾਂ 'ਚ ਇਹਦਾ ਮਤਲਬ ਹਰ ਵਰਕਰ ਪਿੱਛੇ ਹਰ ਖੇਤਰ ਅਨੁਸਾਰ ਕੁੱਲ ਘਰੇਲੂ ਉਤਪਾਦ ਦੇ ਅਨੁਪਾਤ ਦੇ ਹਿਸਾਬ ਨਾਲ ਲਾਇਆ ਜਾਂਦਾ ਹੈ।

**ਕੀ ਉਤਪਾਦਕਤਾ ਤੇ ਆਰਥਕ ਵਿਕਾਸ ਦਰਮਿਆਨ ਕੋਈ ਰਿਸ਼ਤਾ ਹੈ?**

ਜੇਕਰ ਅਸੀਂ ਮੁਲਕ ਦੀ ਖੁਸ਼ਹਾਲੀ ਤੋਂ ਭਾਵ, ਯਾਨੀ ਕਿ ਕੁੱਲ ਘਰੇਲੂ ਉਤਪਾਦ 'ਚ ਹੋਏ ਵਾਧੇ ਨੂੰ ਲੈਂਦੇ ਹਾਂ ਤਾਂ ਇਹਦਾ ਮਤਲਬ ਇਹ ਨਹੀਂ ਹੋ ਜਾਂਦਾ ਕਿ ਇਸ ਨਾਲ ਮਜ਼ਦੂਰਾਂ ਦੀ ਵੀ ਖੁਸ਼ਹਾਲੀ ਹੋਵੇਗੀ। ਇੱਕ ਅੰਦਾਜ਼ੇ ਅਨੁਸਾਰ ਦੇਖਿਆਂ ਪਤਾ ਲੱਗਦਾ ਹੈ ਕਿ 1980 'ਚ ਭਾਰਤ ਦਾ ਕੁੱਲ ਘਰੇਲੂ ਉਤਪਾਦ 200 ਬਿਲੀਅਨ ਡਾਲਰ ਸੀ, ਜਿਹੜਾ 2015 ਦੇ ਆਉਂਦੇ-ਆਉਂਦੇ 2000 ਬਿਲੀਅਨ ਡਾਲਰਾਂ ਤੋਂ ਵੀ ਵਧੇਰੇ ਦਾ ਹੋ ਗਿਆ, ਪਰ ਪ੍ਰਸਿੱਧ ਅਰਥ ਸ਼ਾਸਤਰੀਆਂ ਟਾਮਸ ਪਿਕੇਟੀ ਤੇ ਲੁਕਾਸ ਚੇਂਸੇਲ ਨੇ ਆਪਣੇ ਇੱਕ ਅਧਿਐਨ 'ਚ ਦਿਖਾਇਆ ਹੈ ਕਿ 1980-2015 ਦੇ ਅਰਸੇ ਦੌਰਾਨ ਕੌਮੀ ਆਮਦਨ 'ਚ ਲੋਕਾਂ ਦੇ ਵੱਖ-ਵੱਖ ਗੁੱਟਾਂ (ਗਰੁੱਪਾਂ) ਦੀ ਆਮਦਨ ਵਾਲੇ ਹਿੱਸੇ 'ਚ ਕੋਈ ਵਾਧਾ ਦਰਜ ਕੀਤੇ ਜਾਣ ਦੀ ਥਾਂ ਉਲਟਾ ਗਿਰਾਵਟ ਹੀ ਦਰਜ ਕੀਤੀ ਗਈ ਹੈ। ਇਸ ਅਰਸੇ ਦੌਰਾਨ ਕੌਮੀ ਆਮਦਨ 'ਚ ਮੱਧ ਵਰਗ ਦੇ 40ਫੀਸਦੀ ਤੇ ਨੀਵੇਂ ਦਰਜੇ ਦੀ ਆਮਦਨ ਵਾਲੇ ਗਰੁੱਪ ਦੇ 50ਫੀਸਦੀ ਹਿੱਸੇ ਦੀ ਆਮਦਨ ਦਾ ਹਿੱਸਾ 48ਫੀਸਦੀ ਤੋਂ ਘਟ ਕੇ 29ਫੀਸਦੀ ਰਹਿ ਗਿਆ, ਜਦਕਿ ਮੱਧ ਵਰਗ ਦਾ ਹਿੱਸਾ 23ਫੀਸਦੀ ਤੋਂ ਘਟ ਕੇ 14ਫੀਸਦੀ ਹੀ ਰਹਿ ਗਿਆ, ਪਰ ਇਸੇ ਹੀ ਅਰਸੇ ਦੌਰਾਨ ਉੱਚ-ਆਮਦਨ ਵਾਲੇ 10ਫੀਸਦੀ ਵਰਗ ਦੀ ਆਮਦਨ ਦਾ ਹਿੱਸਾ 30ਫੀਸਦੀ ਤੋਂ ਵਧ ਕੇ 58ਫੀਸਦੀ ਹੋ ਗਿਆ। ਇਹਦਾ ਸਿੱਧਾ ਜਿਹਾ ਅਰਥ ਇਹ ਬਣਦਾ ਹੈ ਕਿ ਭਾਰਤ ਦੇ ਹੇਠਲੇ 50 ਫੀਸਦੀ ਹਿੱਸੇ ਦੀ ਆਮਦਨ 'ਚ ਬੇਸ਼ੱਕ 90 ਫੀਸਦੀ ਦਾ ਵਾਧਾ ਦਰਜ ਹੋਇਆ ਹੈ, ਪਰ ਇਸੇ ਹੀ ਅਰਸੇ ਦੌਰਾਨ ਉਪਰਲੇ 10 ਫੀਸਦੀ ਹਿੱਸੇ ਦੀ ਆਮਦਨ 435 ਫੀਸਦੀ ਵਧੀ ਹੈ। ਜੇ ਹੋਰ ਗਹੁ ਨਾਲ ਵਾਚਿਆ ਜਾਵੇ ਤਾਂ ਇਸ ਵਾਧੇ 'ਚੋਂ ਵੀ ਉੱਚ ਤਬਕੇ ਦੇ 0.01% ਹਿੱਸੇ ਦੀ ਆਮਦਨ 1699% ਵਧੀ ਹੈ, ਜਦਕਿ ਇਸ ਤੋਂ ਵਧੇਰੇ ਬਾਰੀਕੀ ਨਾਲ ਜਾਂਚਿਆਂ ਅਸੀਂ ਦੇਖਦੇ ਹਾਂ ਕਿ ਇਸ ਤੋਂ ਵੀ ਉਪਰਲੇ ਹਿੱਸੇ ਦੇ 0.001 ਫੀਸਦੀ ਹਿੱਸੇ ਦੀ ਆਮਦਨ 'ਚ ਦਰਜ ਕੀਤਾ ਗਿਆ ਵਾਧਾ 2040 ਫੀਸਦੀ ਬਣ ਜਾਂਦਾ ਹੈ, ਪਰ ਅਮੀਰਾਂ ਦੀ ਆਮਦਨ 'ਚ ਹੋਏ ਇਸ ਵਾਧੇ ਨੂੰ ਉਹਨਾਂ ਵੱਲੋਂ ਕੀਤੀ ਗਈ ਉਤਪਾਦਕਤਾ ਨਾਲ ਜੋੜ ਕੇ ਨਹੀਂ ਵੇਖਿਆ ਜਾ ਸਕਦਾ, ਸਗੋਂ ਉਹਨਾਂ ਦੀ ਆਮਦਨ 'ਚ ਹੋਏ ਵਾਧੇ ਨੂੰ ਦੇਖਿਆਂ ਪਤਾ ਚੱਲਦਾ ਹੈ ਕਿ ਇਹ ਵਾਧਾ ਉਹਨਾਂ ਦੀ ਜੱਦੀ ਜਾਇਦਾਦ ਦੀ ਅਦਲਾ-ਬਦਲੀ ਤੇ ਉਸ ਤੋਂ ਹੋਈ ਆਮਦਨ ਨਾਲ ਜੁੜਿਆ ਹੋਇਆ ਹੈ ਜਾਂ ਫਿਰ ਉਹਨਾਂ ਵੱਲੋਂ ਆਪਣੇ ਲਈ ਖੁਦ ਹੀ ਮੁਕੱਰਰ ਕੀਤੇ ਗਏ ਬਹੁਤ ਹੀ ਉੱਚੇ ਪੇ-ਪੈਕੇਜਜ ਰਾਹੀਂ ਉਹਨਾਂ ਵੱਲੋਂ ਖੁਦ ਹੀ ਆਪਣੇ ਗੱਲਿਆਂ 'ਚ ਸੁੱਟੇ ਪੈਸਿਆਂ ਰਾਹੀਂ ਹੋਇਆ ਹੈ। ਪਰ ਇਸ ਵਾਧੇ ਨੂੰ ਉਹਨਾਂ ਵੱਲੋਂ ਦੇਸ਼ ਦੇ ਅਰਥਚਾਰੇ 'ਚ ਕਿਸੇ ਤਰ੍ਹਾਂ ਨਾਲ ਵੀ ਆਪਣੀ ਉਤਪਾਦਕਤਾ ਦੇ ਆਸਰੇ ਪਾਏ ਗਏ ਯੋਗਦਾਨ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ।

**ਕੀ ਭਾਰਤ 'ਚ ਪ੍ਰਤੀ ਵਰਕਰ ਉਤਪਾਦਕਤਾ ਸੰਸਾਰ 'ਚ ਸਭ ਤੋਂ ਨੀਵੀਂ ਹੈ?**

ਇਹਦਾ ਜੁਆਬ ਲੈਣ ਲਈ ਸਾਨੂੰ ਉਹਨਾਂ ਅੰਕੜਿਆਂ 'ਤੇ ਨਿਗਾਹ ਮਾਰਨੀ ਪਵੇਗੀ, ਜਿਹੜੇ ਇਹ ਦਿਖਾਉਂਦੇ ਹਨ ਕਿ ਵਰਕਰਾਂ ਦੀਆਂ ਤਨਖਾਹਾਂ ਤੇ ਭੱਤਿਆਂ 'ਚ ਕਟੌਤੀ ਕੀਤੀ ਗਈ ਹੈ, ਜਦਕਿ ਮੁਨਾਫਿਆਂ 'ਚ ਅੰਨ੍ਹਾ ਵਾਧਾ ਦਰਜ ਕੀਤਾ ਗਿਆ ਹੈ। ਇਹ ਗਿਰਾਵਟ ਤੇ ਵਾਧਾ ਕਿੱਥੋਂ ਆਇਆ? ਇਹ ਵਾਧਾ-ਘਾਟਾ ਲੇਬਰ ਕਾਨੂੰਨਾਂ ਦਾ ਵਰਕਰਾਂ ਦੇ ਪੱਖੀ ਨਾ ਹੋਣ ਤੇ ਹਕੂਮਤੀ ਨਿਜ਼ਾਮ ਦੇ ਵਰਕਰ ਪੱਖੀ ਨਾ ਹੋਣ ਕਰਕੇ ਹੈ। ਜਿਸ ਕਰਕੇ ਗੈਰ-ਜੱਥੇਬੰਦਕ ਖੇਤਰ ਅੰਦਰ ਉਤਪਾਦਨ ਲਈ ਰਾਹ ਖੁੱਲ੍ਹਿਆ ਹੋਇਆ ਹੈ, ਜਿਹੜਾ ਕਿ ਅੱਗੋਂ ਵਰਕਰਾਂ ਦੀ ਸਰ੍ਹੇਆਮ ਲੁੱਟ ਕਰਨ ਲਈ ਰਾਹ ਖੋਲ੍ਹਦਾ ਹੈ।

ਅਮਰੀਕਾ ਸਥਿਤ ਵਰਕ ਫੋਰਸ (ਮਜ਼ਦੂਰ ਜਮਾਤ) ਨੂੰ ਮੈਨੇਜ ਕਰਨ ਵਾਲੀ ਇੱਕ ਬਹੁ-ਕੌਮੀ ਫਰਮ ਕਰੋਨੋਜ਼ ਇਨਕਾਰਪੋਰੇਟਡ ਨੇ ਅਸਲ 'ਚ ਦਰਜ ਕੀਤਾ ਹੈ ਕਿ ਭਾਰਤੀ ਵਰਕਰ ਦੁਨੀਆਂ ਭਰ ਅੰਦਰ ਸਭ ਤੋਂ ਵੱਧ ਮੁਸ਼ੱਕਤ ਕਰਨ ਵਾਲੇ ਲੋਕ ਹਨ। ਅਤੇ ਇਸ ਦੇ ਨਾਲ ਹੀ ਆਨਲਾਈਨ ਵਪਾਰ ਕਰਨ ਵਾਲੀ ਇੱਕ ਕੌਮਾਂਤਰੀ ਫਰਮ ਪਿਕੋਡੀ.ਕਾਮ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਪੱਧਰ 'ਤੇ ਭਾਰਤੀਆਂ ਦੀ ਪ੍ਰਤੀ ਮਹੀਨਾ ਆਮਦਨ ਨੂੰ ਦੇਖਦਿਆਂ ਇਹ ਪਤਾ ਲੱਗਦਾ ਹੈ ਕਿ ਭਾਰਤੀਆਂ ਦੀ ਪ੍ਰਤੀ ਮਹੀਨਾ ਔਸਤ ਤਨਖਾਹ ਸਾਰੀ ਦੁਨੀਆ ਨਾਲੋਂ ਘੱਟ ਹੈ। ਇਹੀ ਗੱਲਾਂ ਇਹ ਦਿਖਾਉਂਦੀਆਂ ਹਨ ਕਿ ਮੂਰਤੀ ਦੀ ਗੱਲ 'ਚ ਕੋਈ ਦਮ ਨਹੀਂ ਹੈ। ਬਲਕਿ ਉਹਦੀ ਇਹ ਬਿਆਨਬਾਜੀ ਸਰਕਾਰ ਨੂੰ ਇਹ ਸਹਿ ਦੇਣ ਲਈ ਅਤੇ ਦਬਾਅ ਬਣਾਉਣ ਲਈ ਹੈ ਕਿ ਸਰਕਾਰ ਲੇਬਰ ਕਾਨੂੰਨਾਂ ਅੰਦਰ ਕੀਤੀਆਂ ਗਈਆਂ ਸੋਧਾਂ ਨੂੰ ਜਲਦੀ ਤੋਂ ਜਲਦੀ ਅਮਲੀ ਰੂਪ 'ਚ ਲਾਗੂ ਕਰੇ ਤਾਂ ਜੋ ਉਹਨਾਂ ਵਰਕਰਾਂ ਦੀ ਵੱਧ ਤੋਂ ਵੱਧ ਲੁੱਟ ਕੀਤੀ ਜਾ ਸਕੇ। ਕਿਉਂਕਿ ਲੇਬਰ ਸੰਬੰਧੀ ਇਹ ਨਵੇਂ ਕਾਨੂੰਨ ਸਰਮਾਏਦਾਰਾਂ ਨੂੰ ਇਹ ਖੁੱਲ੍ਹ ਦਿੰਦੇ ਹਨ ਕਿ ਉਹ ਮਜ਼ਦੂਰਾਂ ਤੋਂ ਮੌਜੂਦਾ ਕਾਨੂੰਨਾਂ ਮੁਤਾਬਕ ਅੱਠ ਘੰਟੇ ਪ੍ਰਤੀ ਦਿਨ ਦੀ ਬਜਾਏ ਬਾਰਾਂ-ਚੌਦਾਂ ਘੰਟੇ ਪ੍ਰਤੀ ਦਿਨ ਕੰਮ ਲਵੇ ਅਤੇ ਇਹਦੇ ਨਾਲ ਹੀ ਇਹ ਵੀ ਕੋਈ ਘੱਟ ਅਹਿਮ ਨਹੀਂ ਹੈ ਕਿ ਇਹਨਾਂ ਨਵੇਂ ਕਿਰਤ ਕੋਡਾਂ ਮੁਤਾਬਕ ਮਜ਼ਦੂਰਾਂ ਦੇ ਆਪਣੇ ਹੱਕਾਂ ਲਈ ਜੱਥੇਬੰਦ ਹੋ ਕੇ ਲੜਾਈ ਲੜਣ ਲਈ ਅਨੇਕਾਂ ਕਿਸਮ ਦੇ ਰੋੜੇ ਖੜ੍ਹੇ ਕੀਤੇ ਗਏ ਹਨ।

**ਕੀ ਜਰਮਨੀ ਤੇ ਜਪਾਨ ਨਾਲ ਭਾਰਤੀ ਆਰਥਿਕਤਾ ਦਾ ਮੁਕਾਬਲਾ ਕਰਨਾ ਵਾਜਬ ਹੈ?**

ਆਲਮੀ ਪੱਧਰ 'ਤੇ ਮਜ਼ਦੂਰਾਂ ਲਈ ਕੰਮ ਦੇ ਘੰਟੇ ਮੁਕੱਰਰ ਕਰਦੇ ਸਮੇਂ ਇਹ ਗੱਲ ਧਿਆਨ 'ਚ ਰੱਖੀ ਗਈ ਸੀ ਕਿ ਮਜ਼ਦੂਰ ਲਈ ਸਹੀ ਆਰਾਮ ਤੇ ਕੰਮ ਦੇ ਘੰਟਿਆਂ ਦਰਮਿਆਨ ਨੇੜਲਾ ਰਿਸ਼ਤਾ ਕਾਇਮ ਰੱਖਿਆ ਜਾਣਾ ਚਾਹੀਦਾ ਹੈ। ਅਗਰ ਮਜ਼ਦੂਰ ਸਹੀ ਆਰਾਮ ਨਹੀਂ ਕਰੇਗਾ ਤਾਂ ਉਹ ਸਹੀ ਰੂਪ 'ਚ ਉਤਪਾਦਨ 'ਚ ਆਪਣੇ ਬਣਦਾ ਯੋਗਦਾਨ ਨਹੀਂ ਪਾ ਸਕਦਾ। ਮਜ਼ਦੂਰ ਨੂੰ ਆਰਾਮ, ਉਹਦੀ ਮਾਨਸਿਕ ਹਾਲਤ ਨੂੰ ਠੀਕ ਰੱਖਣ ਲਈ ਵੀ ਜ਼ਰੂਰੀ ਹੈ ਅਤੇ ਨਾਲ ਹੀ ਸਰੀਰਕ ਕਸਰਤ ਵੀ ਲਾਜ਼ਮੀ ਹੈ, ਨਹੀਂ ਤਾਂ ਉਹ ਵਰਕਰ ਲਗਾਤਾਰ ਹੀ ਕੰਮ ਦੇ ਬੋਝ ਹੇਠ ਰਹਿੰਦਿਆਂ ਉਤਪਾਦਨ 'ਚ ਆਪਣਾ ਹਿੱਸਾ ਨਹੀਂ ਪਾ ਸਕੇਗਾ। ਕੰਮ ਦੇ ਘੰਟਿਆਂ ਬਾਬਤ ਜੇ ਗੱਲ ਕਰੀਏ ਤਾਂ ਜਰਮਨੀ ਦੇ ਲੋਕ ਹਫਤੇ 'ਚ 34 ਘੰਟੇ ਕੰਮ ਕਰਦੇ ਹਨ, ਜਦਕਿ ਜਾਪਾਨ 'ਚ 37 ਘੰਟੇ। ਆਪਣੇ ਨੇੜਲੇ ਗੁਆਂਢੀ ਮੁਲਕਾਂ 'ਤੇ ਨਿਗਾਹ ਮਾਰਿਆਂ ਪਤਾ ਲੱਗਦਾ ਹੈ ਕਿ ਪਾਕਿਸਤਾਨ 47 ਘੰਟੇ, ਬੰਗਲਾਦੇਸ 47 ਘੰਟੇ, ਭੂਟਾਨ 51 ਘੰਟੇ, ਸ੍ਰੀਲੰਕਾ 36 ਘੰਟੇ, ਨੇਪਾਲ 40 ਘੰਟੇ, ਜਦਕਿ ਭਾਰਤ 'ਚ ਇਹ ਹਫਤੇ 'ਚ 48 ਘੰਟੇ ਹੈ। ਅਗਲੀ ਗੱਲ ਕਿ ਸਾਡੇ ਮੁਲਕ ਦਾ ਜਪਾਨ ਤੇ ਜਰਮਨੀ ਦੇ ਅਰਥਚਾਰਿਆਂ ਦੇ ਸਾਈਜ਼ ਦੇ ਅਰਥਾਂ 'ਚ ਤੇ ਨਾ ਹੀ ਉਹਨਾਂ ਦੇਸ਼ਾਂ ਅੰਦਰਲੀ ਲੇਬਰ ਫੋਰਸ ਦੀ ਤਕਨੀਕੀ ਗੁੱਣਵੱਤਾ ਦੇ ਅਰਥਾਂ 'ਚ ਕੋਈ ਮੁਕਾਬਲਾ ਹੀ ਨਹੀਂ ਬਣਦਾ। ਉਹਨਾਂ ਮੁਲਕਾਂ ਦੀ ਤਕਨੀਕੀ ਮੁਹਾਰਤ ਤੇ ਇਸ ਪੱਧਰ ਦੇ ਉਸਾਰ ਢਾਂਚਿਆਂ ਦੇ ਮੁਕਾਬਲੇ ਭਾਰਤ ਦਾ ਅਰਥਚਾਰਾ ਬਹੁਤ ਹੀ ਨਿਗੂਣਾ ਹੈ, ਊਣਾ ਹੈ, ਪੱਛੜਿਆ ਹੋਇਆ ਹੈ, ਇੱਥੇ ਇਨੀਸੀਏਟਿਵ (ਪਹਿਲਕਦਮੀ) ਦੀ ਘਾਟ ਹੈ। ਕਾਰਖਾਨਿਆਂ 'ਚ ਵਰਤੀ ਜਾਂਦੀ ਤਕਨੀਕੀ ਮੁਹਾਰਤ ਬਾਹਰਲੇ ਦੇਸ਼ਾਂ ਤੋਂ ਕਿਰਾਏ 'ਤੇ ਲਈ ਹੋਈ ਹੈ।

ਡੂੰਘਾਈ ਨਾਲ ਫਰੋਲਦਿਆਂ ਉਤਪਾਦਕਤਾ (ਪ੍ਰੋਡਕਟਿਵਿਟੀ) ਸਿਰਫ ਤੇ ਸਿਰਫ ਕੰਮ ਦੇ ਘੰਟਿਆਂ ਨਾਲ ਨਹੀਂ ਮਾਪੀ ਜਾਣੀ ਚਾਹੀਦੀ ਜਾਂ ਜੁੜੀ ਹੋਈ ਨਹੀਂ ਹੈ। ਵੱਖ-ਵੱਖ ਮੁਲਕਾਂ ਦੇ ਲੋਕ ਵੱਖ-ਵੱਖ ਘੰਟੇ ਕੰਮ ਕਰਦੇ ਹਨ, ਇਸ ਲਈ ਉਤਪਾਦਕਤਾ ਨੂੰ ਪ੍ਰਤੀ ਮਜ਼ਦੂਰ ਦੇ ਹਿਸਾਬ ਨਾਲ ਨਹੀਂ, ਬਲਕਿ ਪ੍ਰਤੀ ਘੰਟੇ ਦੇ ਹਿਸਾਬ ਨਾਲ ਮਾਪਿਆ ਜਾਣਾ ਚਾਹੀਦਾ ਹੈ। 2017 'ਚ ਭਾਰਤ ਦੀ ਪ੍ਰਤੀ ਘੰਟਾ ਉਤਪਾਦਕਤਾ 8 ਡਾਲਰ ਸੀ, ਜਦਕਿ ਜਰਮਨੀ ਦੀ 6908 ਡਾਲਰ। ਜਰਮਨੀ ਦੇ ਵਰਕਰ ਨੂੰ ਔਸਤਨ 5.72 ਘੰਟੇ ਕੰਮ ਕਰਨਾ ਪੈਂਦਾ ਹੈ, ਜਿਹੜਾ ਕਿ ਭਾਰਤ ਦੇ ਮੁਤਾਬਲੇ 8.7 ਗੁਣਾ ਹੈ ਤਾਂ ਫਿਰ ਤਾਂ ਭਾਰਤ ਨੂੰ ਉਸ ਪੱਧਰ ਤੱਕ ਪਹੁੰਚਣ ਲਈ ਭਾਰਤ ਦੇ ਵਰਕਰ ਨੂੰ ਹਰ ਦਿਨ 52 ਘੰਟੇ ਕੰਮ ਕਰਨਾ ਪਊ, ਜਿਹੜਾ ਕਿ ਨਾਮੁਮਕਿਨ ਹੈ। ਮਨੁੱਖਾ ਸ਼ਕਤੀ, ਮਾਨਵ ਵਸੀਲੇ, ਮਨੁੱਖੀ ਸਾਧਨ ਆਦਿ ਕਈ ਸਮਅਰਥੀ ਸ਼ਬਦ ਹਨ, ਜਿਹੜੇ ਕਿ ਮਨੁੱਖਾ ਪੂੰਜੀ ਜਾਂ ਮਨੁੱਖਾ ਸਰਮਾਏ ਲਈ ਵਰਤੋਂ 'ਚ ਲਿਆਂਦੇ ਜਾਂਦੇ ਹਨ। ਇਸ ਮਨੁੱਖਾ ਪੂੰਜੀ ਦੇ ਵਿਕਾਸ ਲਈ ਵਿੱਦਿਆ, ਉਹਨਾਂ ਨੂੰ ਤਕਨੀਕੀ ਤੌਰ 'ਤੇ ਸਿੱਖਿਅਤ ਕਰਨਾ, ਉਹਨਾਂ ਦੀ ਪਰਵਰਿਸ਼ ਕਰਨੀ ਯਾਨਿ ਕਿ ਉਹਨਾਂ ਦੀ ਖੁਰਾਕ ਤੇ ਸਿਹਤ ਆਦਿ ਕਾਰਕ ਹਨ, ਜਿਹੜੇ ਮਜ਼ਦੂਰਾਂ ਦੀ ਉਤਪਾਦਕਤਾ ਵਧਾਉਣ ਲਈ ਜਰੂਰੀ ਹਨ। ਜਿਹੜੇ ਕਿ ਓਨੇ ਹੀ ਘੰਟਿਆਂ 'ਚ ਮਜ਼ਦੂਰਾਂ ਵੱਲੋਂ ਕਿਤੇ ਵਧੇਰੇ ਉਤਪਾਦਨ ਕਰਨ ਲਈ ਸਹਾਈ ਹੁੰਦੇ ਹਨ। ਇਸ ਸਮਝ ਮੁਤਾਬਕ ਕੰਮ ਦੇ ਘੰਟਿਆਂ ਨੂੰ ਘਟਾਉਣ ਨਾਲ ਉਤਪਾਦਕਤਾ 'ਤੇ ਕੋਈ ਅਸਰ ਨਹੀਂ ਪੈਂਦਾ, ਸਗੋਂ ਇਹਦੇ ਨਾਲ ਮਜ਼ਦੂਰਾਂ ਲਈ ਆਪਣੇ ਤੇ ਆਪਣੇ ਪਰਵਾਰ ਲਈ ਵਿਹਲ ਲਈ ਮੌਕੇ ਮਿਲਦੇ ਹਨ, ਜੋ ਮੋੜਵੇਂ ਰੂਪ 'ਚ ਉਤਪਾਦਕਤਾ ਵਧਾਉਣ ਲਈ ਸਹਾਈ ਹੁੰਦੇ ਹਨ।

**# ਸੰਪਰਕ: 94170-79720**

## ਕਾਤਰਾਂ

### ਹਰਮਨਬੀਰ ਸਿੰਘ ਗਿੱਲ ਨੇ ਐਸ ਐਸ ਪੀ ਬਠਿੰਡਾ ਵਜੋਂ ਸੰਭਾਲਿਆ ਚਾਰਜ



**ਬਠਿੰਡਾ, (ਰਾਜਦੀਪ ਜੋਸ਼ੀ)**-ਹਰਮਨਵੀਰ ਸਿੰਘ ਗਿੱਲ ਨੇ ਅੱਜ ਇੱਥੇ ਜ਼ਿਲ੍ਹਾ ਪੁਲਸ ਮੁਖੀ ਬਠਿੰਡਾ ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਇੱਥੇ ਪਹੁੰਚਣ 'ਤੇ ਹਰਮਨਬੀਰ ਸਿੰਘ ਗਿੱਲ ਨੂੰ ਪੁਲਸ ਦੀ ਟੁਕੜੀ ਵਲੋਂ ਗਾਰਡ ਆਫ਼ ਆਨਰ ਨਾਲ ਸਨਮਾਨਤ ਵੀ ਕੀਤਾ ਗਿਆ। ਆਪਣਾ ਚਾਰਜ ਸੰਭਾਲਣ ਉਪਰੰਤ ਜ਼ਿਲ੍ਹਾ ਪੁਲਸ ਮੁਖੀ ਹਰਮਨਵੀਰ ਸਿੰਘ ਗਿੱਲ ਨੇ ਕਿਹਾ ਕਿ ਉਹ ਜ਼ਿਲ੍ਹੇ ਅੰਦਰ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਣ ਲਈ ਪੂਰੀ ਜ਼ਿੰਮੇਵਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਉਣਗੇ। ਉਨ੍ਹਾਂ ਸੂਬਾ ਸਰਕਾਰ ਵਲੋਂ ਗੈਂਗਸਟਰਾਂ ਤੇ ਨਸ਼ੇ ਦੇ ਖਾਤਮੇ ਲਈ ਵਿੱਢੀ ਗਈ ਮੁਹਿੰਮ ਤਹਿਤ ਨਸ਼ੇ ਨੂੰ ਠੱਲ੍ਹ ਪਾਉਣ ਲਈ ਜ਼ਿਲ੍ਹਾ ਵਾਸੀਆਂ ਕੋਲੋਂ ਪੰਜਾਬ ਪੁਲਸ ਨੂੰ ਸਹਿਯੋਗ ਦੇਣ ਦੀ ਮੰਗ ਕੀਤੀ।

### ਸਕੂਲ 'ਚ ਕਮਿਊਨਿਟੀ ਸਹਾਇਕ ਦੀ ਸਮਾਜ 'ਚ ਭੂਮਿਕਾ ਬਾਰੇ ਜਾਗਰੂਕਤਾ ਸਮਾਗਮ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਪ੍ਰਿੰਸੀਪਲ ਸ਼ਿਆਮਾ ਨਾਇਰ ਦੀ ਅਗਵਾਈ ਹੇਠ ਬੱਚਿਆਂ ਨੂੰ ਇਸ ਗਤੀਵਿਧੀ ਦੁਆਰਾ ਦੱਸਿਆ ਗਿਆ ਕਿ ਕਿਸ ਤਰ੍ਹਾਂ ਕਮਿਊਨਿਟੀ ਸਹਾਇਕ ਸਮਾਜ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਕਮਿਊਨਿਟੀ ਸਹਾਇਕ ਜਿਵੇਂ ਡਾਕਟਰ, ਅਧਿਆਪਕ, ਪੁਲਸ ਅਤੇ ਫੌਜ ਅਧਿਕਾਰੀ ਆਦਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਮਦਦ ਕਰਦੇ ਹਨ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਅਸੀਂ ਕਮਿਊਨਿਟੀ ਮਦਦਗਾਰਾਂ ਤੋਂ ਬਿਨਾਂ ਆਪਣੇ ਜੀਵਨ ਦੀ ਕਲਪਨਾ ਨਹੀਂ ਕਰ ਸਕਦੇ। ਜਿਵੇਂ ਕਿ ਸਾਨੂੰ ਕਿਸਾਨ ਦੀ ਮਦਦ ਤੋਂ ਬਿਨਾਂ ਭੋਜਨ ਨਹੀਂ ਮਿਲ ਸਕਦਾ ਅਸੀਂ ਡਾਕਟਰ ਦੀ ਮਦਦ ਤੋਂ ਬਿਨਾਂ ਇਲਾਜ ਨਹੀਂ ਕਰਵਾ ਸਕਦੇ। ਸਾਨੂੰ ਆਪਣੇ ਭਾਈਚਾਰੇ ਦੇ ਮਦਦਗਾਰਾਂ ਦਾ ਆਦਰ ਕਰਨਾ ਚਾਹੀਦਾ ਹੈ । ਮੈਨੇਜਿੰਗ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ ਨੇ ਪ੍ਰਿੰਸੀਪਲ ਸ਼ਿਆਮਾ ਨਾਇਰ ਦੇ ਇਸ ਕਦਮ ਦੀ ਸ਼ਲਾਘਾ ਕਰਦਿਆ ਬੱਚਿਆਂ ਨੂੰ ਉਚ ਅਹੁਦਿਆ 'ਤੇ ਪਹੁੰਚਣ ਲਈ ਵਧੇਰੇ ਲਗਨ ਮਿਹਨਤ ਨਾਲ ਉਚ ਵਿੱਦਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।

### ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ 'ਚ ਕਰਵਾਏ ਜਾਣਗੇ ਕਬੱਡੀ ਤੇ ਕੁਸ਼ਤੀ ਮੁਕਾਬਲੇ : ਡਿਪਟੀ ਕਮਿਸ਼ਨਰ

**ਬਠਿੰਡਾ, (ਰਾਜਦੀਪ ਜੋਸ਼ੀ)**-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਸਿਵਲ ਤੇ ਪੁਲਸ ਪ੍ਰਸ਼ਾਸਨ ਵਲੋਂ 24 ਨਵੰਬਰ ਨੂੰ ਸਥਾਨਕ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿਖੇ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਕਬੱਡੀ ਟੂਰਨਾਮੈਂਟ (ਸਰਕਲ ਸਟਾਈਲ) ਅਤੇ ਕੁਸ਼ਤੀ ਮੁਕਾਬਲੇ ਦੁਪਿਹਰ 12 ਤੋਂ ਲੈ ਕੇ ਬਾਅਦ ਦੁਪਿਹਰ 2 ਵਜੇ ਕਰਵਾਏ ਜਾ ਰਹੇ ਹਨ। ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਦੌਰਾਨ ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪ੍ਰੋਗਰਾਮ ਵਾਲੀ ਥਾਂ ਤੇ ਐਂਬੂਲੈਂਸ ਤੇ ਮੈਡੀਕਲ ਟੀਮਾਂ, ਮੰਡੀ ਬੋਰਡ ਸਾਫ਼ ਪੀਣ ਵਾਲੇ ਪਾਣੀ ਦਾ ਪੁਖਤਾ ਪ੍ਰਬੰਧ ਕਰਨਾ ਯਕੀਨੀ ਬਣਾਉਣ ਤਾਂ ਜੋ ਟੂਰਨਾਮੈਂਟ ਦੌਰਾਨ ਕਿਸੇ ਤਰ੍ਹਾਂ ਦੀ ਸਮੱਸਿਆ ਦਰਪੇਸ਼ ਨਾ ਆਵੇ। ਇਸ ਮੌਕੇ ਐਸ ਪੀ ਹੈਡਕੁਆਰਟਰ ਗੁਰਵਿੰਦਰ ਸਿੰਘ ਸੰਘਾ, ਨਿਗਰਾਨ ਇੰਜੀਨੀਅਰ ਸੰਦੀਪ ਗੁਪਤਾ, ਜ਼ਿਲ੍ਹਾ ਖੇਡ ਅਫ਼ਸਰ ਪਰਮਿੰਦਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

### ਸ਼ਹੀਦ ਕਿਰਨਜੀਤ ਕੌਰ ਮੈਮੋਰੀਅਲ ਸਕੂਲ 'ਚ ਸਾਲਾਨਾ ਸਮਾਗਮ ਅੱਜ

**ਮਹਿਲ ਕਲਾਂ (ਪ੍ਰਦੀਪ ਸਿੰਘ ਅਣਖੀ)**-ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸਕੂਲ ਆਫ ਐਮੀਨੈਂਸ ਮਹਿਲ ਕਲਾਂ ਵਿਖੇ ਸਾਲਾਨਾ ਸਮਾਗਮ 23 ਨਵੰਬਰ ਨੂੰ ਸਵੇਰੇ 10 ਵਜੇ ਸਮੂਹ ਸਟਾਫ, ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਭਾਈ ਜਗਸੀਰ ਸਿੰਘ ਖਾਲਸਾ ਅਨੁਸਾਰ ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਉਪਰੰਤ ਇਤਿਹਾਸਕਾਰ ਸਵ: ਸਰਵਣ ਸਿੰਘ ਔਜਲਾ ਅਮਰੀਕਾ ਦੇ ਸਪੁੱਤਰ ਡਾ: ਪਰਮਜੀਤ ਸਿੰਘ ਅਮਰੀਕਾ, ਬਰਜਿੰਦਰ ਸਿੰਘ ਔਜਲਾ ਵੱਲੋਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਨਗਦ ਇਨਾਮ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਸਾਲਾਨਾ ਸਮਾਗਮ ਵਿੱਚ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ ।

# ਕੇਂਦਰੀ ਯੋਜਨਾਵਾਂ ਦੇ ਲਾਭ ਦੀ ਜਾਣਕਾਰੀ ਲਈ ਕੱਢੀ ਜਾਵੇਗੀ 'ਵਿਕਸਤ ਭਾਰਤ ਸੰਕਲਪ ਯਾਤਰਾ'



**ਮੋਗਾ (ਅਮਰਜੀਤ ਬੱਬਰੀ)**-ਕੇਂਦਰੀ ਯੋਜਨਾਵਾਂ ਨੂੰ ਹਾਸ਼ੀਏ 'ਤੇ ਜੀਵਨ ਬਸਰ ਕਰ ਰਹੇ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਉਣ ਅਤੇ ਲੋੜਵੰਦ ਲੋਕਾਂ ਦੇ ਜੀਵਨ ਪੱਧਰ 'ਚ ਹੋਰ ਸੁਧਾਰ ਕਰਨ ਲਈ ਕੇਂਦਰ ਸਰਕਾਰ ਵੱਲੋਂ "ਵਿਕਸਤ ਭਾਰਤ ਸੰਕਲਪ ਯਾਤਰਾ" ਸ਼ੁਰੂ ਕੀਤੀ ਜਾ ਰਹੀ ਹੈ। ਇਹ ਯਾਤਰਾ 23 ਨਵੰਬਰ ਤੋਂ ਜ਼ਿਲ੍ਹਾ ਮੋਗਾ ਵਿੱਚ ਸ਼ੁਰੂ ਹੋਣ ਜਾ ਰਹੀ ਹੈ ਅਤੇ ਦੋ ਮਹੀਨੇ ਜ਼ਿਲ੍ਹੇ ਵਿੱਚ ਰਹੇਗੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਭਾਰਤ ਸਰਕਾਰ ਵਿੱਚ ਸੀਨੀਅਰ ਆਈ ਆਰ ਐਸ ਅਧਿਕਾਰੀ ਭਰਤ ਪ੍ਰਕਾਸ਼ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ 15 ਨਵੰਬਰ ਨੂੰ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੇਂਦਰ ਦੇ ਪ੍ਰਮੁੱਖ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਲਾਭਪਾਤਰੀਆਂ ਤੱਕ ਪਹੁੰਚਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਅਤੇ ਇਹ ਯਾਤਰਾ 25 ਜਨਵਰੀ ਨੂੰ ਸਮਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਬਤੌਰ ਨੋਡਲ ਅਫ਼ਸਰ ਵੱਲੋਂ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਪਿੰਡਾਂ ਵਿਚ ਜਾਗਰੂਕਤਾ ਵੈਨਾਂ ਨੂੰ ਭੇਜ ਕੇ ਕੈਂਪ ਲਗਾਏ ਜਾਣ ਜਿਸ ਦੀ ਜਾਣਕਾਰੀ ਸਬੰਧਤ ਪਿੰਡਾਂ ਨੂੰ ਦਿੱਤੀ ਜਾਵੇਗੀ ਅਤੇ ਮੌਕੇ ਉਤੇ ਹੀ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਤੇ ਪ੍ਰੋਗਰਾਮਾਂ ਦੇ ਲਾਭ ਦਿੱਤੇ ਜਾਣਗੇ। ਇਸ ਮੌਕੇ ਲਾਭਪਾਤਰੀਆਂ ਦੇ ਸੁਝਾਅ ਅਤੇ ਸਫ਼ਲਤਾ ਦੇ ਕਿੱਸੇ ਸਾਂਝੇ ਕੀਤੇ ਜਾਣਗੇ ਤਾਂ ਜੋ ਅਣਗੌਲੇ ਗਏ ਹਰ ਵਿਅਕਤੀ ਨੂੰ ਪ੍ਰੇਰਿਤ ਕਰਕੇ ਹਰ ਯੋਜਨਾ ਦਾ ਲਾਭ ਦਿੱਤਾ ਜਾ ਸਕੇ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਵਿਕਸਤ ਭਾਰਤ ਸੰਕਲਪ ਯਾਤਰਾ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਗਠਿਤ ਕਰ ਲਈ ਗਈ ਹੈ ਅਤੇ ਯੋਜਨਾਵਾਂ ਦੇ ਨੋਡਲ ਅਫ਼ਸਰ ਨਿਯੁਕਤ ਕਰ ਲਏ ਗਏ ਹਨ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵ) ਅਨੀਤਾ ਦਰਸ਼ੀ, ਵਧੀਕ ਡਿਪਟੀ ਕਮਿਸ਼ਨਰ (ਜ) ਜਗਵਿੰਦਰਜੀਤ ਸਿੰਘ ਗਰੇਵਾਲ, ਐਸ ਡੀ ਐਮ ਮੋਗਾ ਸਾਰੰਗ ਪ੍ਰੀਤ ਸਿੰਘ ਔਜਲਾ ਤੋਂ ਇਲਾਵਾ ਉੱਚ ਅਧਿਕਾਰੀ ਹਾਜ਼ਰ ਸਨ।

## ਭਗਤ ਨਾਮਦੇਵ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਸੰਗਰੂਰ, (ਪ੍ਰਵੀਨ ਸਿੰਘ)**-ਸ਼੍ਰੋਮਣੀ ਭਗਤ ਨਾਮਦੇਵ ਜੀ ਦਾ 753 ਵਾਂ ਪ੍ਰਕਾਸ਼ ਦਿਹਾੜਾ ਸਥਾਨਕ ਗੁਰਦੁਆਰਾ ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ ਰਤਨ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ ਦਮਦਮੀ, ਖਜ਼ਾਨਚੀ ਦੇਸਰਾਜ ਸਿੰਘ ਰੱਖਰਾਓ, ਰਾਜਿੰਦਰ ਸਿੰਘ ਚੰਗਾਲ ਅਤੇ ਹੋਰ ਮੈਂਬਰਾਂ ਦੀ ਦੇਖ ਰੇਖ ਹੇਠ ਹੋਏ ਤਿੰਨ ਰੋਜ਼ਾ ਸਮਾਗਮਾਂ ਵਿੱਚ ਭਾਈ ਕੁਲਵੰਤ ਸਿੰਘ ਬੁਰਜ ਹੈੱਡ ਗ੍ਰੰਥੀ ਦੀ ਨਿਗਰਾਨੀ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪਹਿਲੇ ਦਿਨ ਦੇ ਰਾਤਰੀ ਦੀਵਾਨ ਵਿੱਚ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਸਾਹਿਬ ਸਿੰਘ ਸਾਹਬਾਦ ਮਾਰਕੰਡਾ ਨੇ ਭਗਤ ਨਾਮਦੇਵ ਜੀ ਦੇ ਸ਼ਬਦ ਉਪਦੇਸ਼ਾਂ 'ਤੇ ਵਿਚਾਰ ਕੀਤੀ। ਦੂਸਰੇ ਦਿਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਸੁਰਿੰਦਰ ਪਾਲ ਸਿੰਘ ਸਿਦਕੀ ਐਡੀਸ਼ਨਲ ਚੀਫ ਸਕੱਤਰ ਦੀ ਦੇਖ ਰੇਖ ਹੇਠ ਸਕੂਲ ਵਿਦਿਆਰਥੀਆਂ ਦੇ ਸ਼ਬਦ ਗਾਇਨ, ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਤੀਸਰੇ ਤੇ ਆਖਰੀ ਦਿਨ ਅੰਮ੍ਰਿਤ ਵੇਲੇ ਆਸਾ ਦੀ ਵਾਰ ਬਾਬਾ ਬਲਜੀਤ ਸਿੰਘ ਫੱਕਰ ਅਤੇ ਬੀਬੀਆਂ ਵੱਲੋਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦੇ ਭੋਗ ਪਾਏ ਗਏ। ਅੰਤਰਰਾਸ਼ਟਰੀ ਢਾਡੀ ਭਾਈ ਬਲਦੇਵ ਸਿੰਘ ਲੌਂਗੋਵਾਲ ਦੇ ਜਥੇ ਨੇ ਢਾਡੀ ਵਾਰਾਂ ਦਾ ਗਾਇਨ ਕੀਤਾ। ਪ੍ਰਸਿੱਧ ਕਥਾ ਵਾਚਕ ਭਾਈ ਹਰਜਿੰਦਰ ਸਿੰਘ ਮਾਝੀ ਨੇ ਭਗਤ ਜੀ ਦੇ ਸ਼ਬਦ "ਖੂਬ ਤੇਰੀ ਪਗਰੀ ਮੀਠੇ ਤੇਰੇ ਬੋਲ" 'ਤੇ ਆਧਾਰਤ ਇਤਿਹਾਸਕ ਪ੍ਰਸੰਗਾਂ ਦੀ ਰੌਸ਼ਨੀ ਵਿੱਚ ਕਥਾ ਵਿਚਾਰ ਕੀਤੀ। ਸਤਨਾਮ ਸਿੰਘ ਦਮਦਮੀ ਦੇ ਬਾਖੂਬੀ ਸਟੇਜ ਨਿਭਾਈ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

## ਪੰਜ ਰੋਜ਼ਾ ਸਕਾਊਟ ਤੇ ਗਾਈਡ ਕੈਂਪ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਜੇ ਕੇ ਐੱਸ ਪਬਲਿਕ ਸਕੂਲ ਗੁਰੂਹਰਸਹਾਏ ਵਿਖੇ ਪੰਜ ਰੋਜ਼ਾ ਸਕਾਊਟਸ ਅਤੇ ਗਾਈਡਜ਼ ਕੈਂਪ ਅੱਜ ਸਮਾਪਤ ਹੋ ਗਿਆ। ਇਸ ਕੈਂਪ ਦੀ ਪ੍ਰਧਾਨਗੀ ਜ਼ਿਲ੍ਹਾ ਆਰਗੇਨਾਈਜ਼ਿੰਗ ਕਮਿਸ਼ਨਰ ਕੇਵਲ ਕ੍ਰਿਸ਼ਨ ਸੇਠੀ ਅਤੇ ਉਪ ਜ਼ਿਲ੍ਹਾ ਆਰਗੇਨਾਈਜ਼ਿੰਗ ਕਮਿਸ਼ਨਰ ਸੰਦੀਪ ਕੰਬੋਜ ਨੇ ਕੀਤੀ। ਕੈਂਪ ਇੰਚਾਰਜ ਨੇ ਬੱਚਿਆਂ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ। ਇਨ੍ਹਾਂ ਵਿਚ ਕੈਂਪ ਲਗਾਉਣ, ਵੱਖ-ਵੱਖ ਤਰ੍ਹਾਂ ਦੀਆਂ ਤਾੜੀਆਂ ਵਜਾਉਣ, ਸਮੂਹਿਕ ਖੇਡਾਂ, ਆਪਣਾ ਖਾਣਾ ਪਕਾਉਣ ਆਦਿ ਬਾਰੇ ਸਿਖਲਾਈ ਦਿੱਤੀ ਗਈ। ਬੱਚਿਆਂ ਨੂੰ ਸਕਾਊਟਸ ਅਤੇ ਗਾਈਡ ਦੀ ਪ੍ਰਾਰਥਨਾ ਅਤੇ ਝੰਡਾ ਗੀਤ ਗਾਉਣ ਲਈ ਵੀ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਸਕਾਊਟਿੰਗ ਅਤੇ ਗਾਈਡਿੰਗ ਦਾ ਉਦੇਸ ਚਾਰ ਗੁਣਾਂ ਦਾ ਨਿਰਮਾਣ ਹੈ ਅਰਥਾਤ ਚਰਿੱਤਰ ਨਿਰਮਾਣ, ਚੰਗੀਆਂ ਸਿਹਤ ਆਦਤਾਂ ਦਾ ਨਿਰਮਾਣ, ਦਸਤਕਾਰੀ ਦੀ ਸਿਖਲਾਈ ਅਤੇ ਉਪਯੋਗੀ ਹੁਨਰ ਹਾਸਲ ਕਰਨਾ ਅਤੇ ਕੁਸ਼ਲਤਾ ਨਾਲ ਸੇਵਾ ਦੀ ਸਹੀ ਭਾਵਨਾ ਪੈਦਾ ਕਰਨਾ। ਇਸ ਮੌਕੇ ਪ੍ਰਿੰਸੀਪਲ ਮੀਨੂੰ ਮੋਂਗਾ ਅਤੇ ਮੈਨੇਜਮੈਂਟ ਮੈਂਬਰਾਂ ਨੇ ਕੈਂਪ ਦੇ ਆਖਰੀ ਪੜਾਅ 'ਚ ਸਾਰੇ ਬੱਚਿਆਂ ਵੱਲੋਂ ਬਣਾਏ ਟੈਂਟਾਂ ਅਤੇ ਪਕਵਾਨਾਂ ਦਾ ਨਿਰੀਖਣ ਕੀਤਾ ਅਤੇ ਕੈਂਪ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਕੈਂਪ ਨੂੰ ਸਫਲ ਬਣਾਉਣ ਲਈ ਬਖਸ਼ੀਸ਼ ਸਿੰਘ, ਪਰਮਿੰਦਰ ਕੌਰ, ਗਗਨਦੀਪ ਕੌਰ ਅਤੇ ਲਵਪ੍ਰੀਤ ਸਿੰਘ ਆਦਿ ਅਧਿਆਪਕਾਂ ਨੇ ਯੋਗਦਾਨ ਪਾਇਆ।

## ਮੁਸਲਿਮ ਫਰੰਟ ਪੰਜਾਬ ਵੱਲੋਂ ਹਰੀਸ਼ ਰਾਏ ਢਾਂਡਾ ਦੀ ਨਿੰਦਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅੱਜ ਇੱਥੇ ਮੁਸਲਿਮ ਫਰੰਟ ਪੰਜਾਬ ਦੀ ਜ਼ਿਲਾ ਕਮੇਟੀ ਮੋਗਾ ਦੀ ਮੀਟਿੰਗ ਪਿੰਡ ਕਾਲੇਕੇ ਵਿਖੇ ਐਚ.ਆਰ.ਮੋਫਰ ਸੂਬਾ ਪ੍ਰਧਾਨ ਮੁਸਲਿਮ ਫਰੰਟ ਪੰਜਾਬ, ਡਾਕਟਰ ਫਕੀਰ ਮੁਹੰਮਦ, ਚੇਅਰਮੈਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੂਬਾ ਪ੍ਰਧਾਨ ਐਚ.ਆਰ.ਮੋਫ਼ਰ ਨੇ ਕਿਹਾ ਕਿ ਪੀ.ਏ.ਯੂ ਲੁਧਿਆਣਾ ਵਿਖੇ ਐਡਵੋਕੇਟ ਹਰੀਸ਼ ਕੁਮਾਰ ਢਾਂਡਾ ਵੱਲੋਂ ਸਮੂਹ ਪਾਰਟੀਆਂ ਦੀ ਬਹਿਸ ਦੇ ਮੁੱਦੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਵਰਤੀ ਗਈ ਸ਼ਬਦਾਵਲੀ ਵਿਚ ਮੀਰ ਆਲਮ ਬਰਾਦਰੀ ਨੂੰ ਮਰਾਸੀ ਅਤੇ ਮਰਾਸਪੁਣਾ ਸ਼ਬਦਾਂ ਨਾਲ ਸੰਬੋਧਿਤ ਕਰ ਕੇ ਸਮੁੱਚੇ ਮੁਸਲਿਮ ਭਾਈਚਾਰੇ ਨੂੰ ਠੇਸ ਪਹੁੰਚਾਈ ਹੈ, ਜਿਸ ਤੋਂ ਹਰੀਸ਼ ਕੁਮਾਰ ਨੇ ਮੀਰ ਆਲਮ (ਮਿਰਾਸੀ) ਬ੍ਰਾਦਰੀ ਪ੍ਰਤੀ ਆਪਣੀ ਬੁਰੀ ਮਾਨਸ਼ਿਕਤਾ ਦਾ ਇਜ਼ਹਾਰ ਕੀਤਾ ਹੈ। ਮੁਸਲਿਮ ਫਰੰਟ ਪੰਜਾਬ ਹਰੀਸ਼ ਰਾਏ ਢਾਂਡਾ ਨੂੰ ਇਹ ਯਾਦ ਕਰਾਉਣਾ ਚਾਹੁੰਦਾ ਹੈ ਕਿ ਮਰਾਸੀ ਸ਼ਬਦ ਤੁਹਾਡੇ ਵਰਗੇ ਲੋਕਾਂ ਨੇ ਵਿਗਾੜਿਆ ਹੈ, ਜੋ ਕਿ ਅਸਲ ਵਿਚ ਮੂੰਹ ਰਸੀਆ ਸ਼ਬਦ ਸੀ। ਇਹ ਮੁਸਲਿਮ ਸਮਾਜ ਦੇ ਉਹੀ ਮੂੰਹ ਰਸੀਏ (ਮਰਾਸੀ) ਨੇ ਜਿਨ੍ਹਾਂ ਨੂੰ ਭਾਈ ਮਰਦਾਨੇ ਦੇ ਵਾਰਿਸ ਹੋਣ ਦਾ ਮਾਣ ਹੈ। ਪੂਰਾ ਮੁਸਲਿਮ ਸਮਾਜ ਅੱਜ ਭਾਈ ਮਰਦਾਨੇ ਦੇ ਵਾਰਿਸ ਹੋਣ ਦਾ ਮਾਣ ਮਹਿਸੂਸ ਕਰਦਾ ਹੈ। ਚੇਅਰਮੈਨ ਡਾ. ਫਕੀਰ ਮੁਹੰਮਦ ਨੇ ਕਿਹਾ ਕਿ ਇਹ ਹੀ ਤਾਂ ਮਰਾਸੀ ਨੇ ਜਿਨ੍ਹਾਂ ਨੇ ਪੰਜਾਬੀ ਮਾਂ ਬੋਲੀ ਨੂੰ ਬਾਬੂ ਰਜਬ ਅਲੀ, ਤਬਲਾ ਵਾਦਕ ਰਹਿਮਤ ਸਿੱਧੂ, ਕੁਲਦੀਪ ਮਾਣਕ, ਸਰਦੂਲ ਸਕੰਦਰ, ਕਮਲ ਹਸਨ, ਕਰਮਜੀਤ ਅਨਮੋਲ, ਗੁਰਲੇਜ ਅਖ਼ਤਰ, ਮਾਸਟਰ ਸਲੀਮ ਖ਼ਾਨ, ਮਾਸ਼ਾ ਅਲੀ, ਬੂਟਾ ਮੁਹੰਮਦ, ਰਣਜੀਤ ਰਾਣਾ, ਰਮਜ਼ਾਨ ਅਲੀਸ਼ੇਰ, ਫਿਰੋਜ਼ ਖਾਨ, ਖਾਨ ਸਾਬ੍ਹ (ਇਮਰਾਨ ਖਾਨ), ਸੁਲਤਾਨਾ ਨੂਰਾ, ਜੋਤੀ ਨੂਰਾ, ਅਰਜੁਨ ਢਿੱਲੋਂ, ਅਮਰ ਨੂਰੀ, ਹਸਨ ਮਾਣਕ, ਜਗਦੀਪ ਜੋਗਾ, ਜਾਕਿਰ ਹੁਸੈਨ, ਸੱਮੀ, ਦੁਰਗਾ ਰੰਗੀਲਾ, ਕੁਲਵਿੰਦਰ ਕੈਲੀ, ਜੈਸ਼ਮੀਨ ਅਖ਼ਤਰ, ਦਿਲਸ਼ਾਦ ਅਖ਼ਤਰ, ਮੱਘਰ ਅਲੀ, ਸੁਰਿੰਦਰ ਖਾਨ, ਸੰਦੀਪ ਅਖ਼ਤਰ ਵਰਗੇ ਪੰਜਾਬੀ ਮਾਂ ਬੋਲੀ ਦੇ ਸੇਵਕ ਅਤੇ ਫਨਕਾਰ ਦਿੱਤੇ ਹਨ। ਮੁਸਲਿਮ ਫਰੰਟ ਦੇ ਸਮੂਹ ਮੈਂਬਰਾਂ ਨੇ ਮੰਗ ਕੀਤੀ ਕਿ ਹਰੀਸ਼ ਰਾਏ ਢਾਂਡਾ ਪੂਰੇ ਮੁਸਲਿਮ ਸਮਾਜ ਤੋਂ ਮੁਆਫ਼ੀ ਮੰਗੇ। ਮੁਆਫੀ ਨਾ ਮੰਗਣ ਦੀ ਸੂਰਤ ਵਿਚ ਪੰਜਾਬ ਸਰਕਾਰ ਉਕਤ ਵਿਅਕਤੀ ਖਿਲਾਫ਼ ਬਣਦੀ ਕਾਰਵਾਈ ਕਰੇ। ਇਸ ਮੌਕੇ ਸਟੇਟ ਕੈਸ਼ੀਅਰ ਨੂਰ ਮੁਹੰਮਦ, ਸਟੇਟ ਵਾਇਸ ਪ੍ਰੈਜ਼ੀਡੈਂਟ ਐਡਵੋਕੇਟ ਕਰਮਦੀਨ ਲਹਿਰਾਗਾਗਾ, ਸਵਰਨ ਗੋਰੀਆ ਸੂਬਾ ਸਹਾਇਕ ਸਕੱਤਰ, ਡਾ. ਅਬਦੁਲ ਹਮੀਦ ਸਟੇਟ ਕਮੇਟੀ ਮੈਂਬਰ, ਜੀਵਨ ਖਾਨ ਮਨਾਵਾਂ ਜ਼ਿਲ੍ਹਾ ਪ੍ਰਧਾਨ ਮੋਗਾ, ਮੁਹੰਮਦ ਇਕਬਾਲ ਜ਼ਿਲਾ ਸਕੱਤਰ, ਬੂਟਾ ਖਾਨ ਕੈਸ਼ੀਅਰ, ਮੁਹੰਮਦ ਵਿੱਕੀ ਲੰਡੇ ਸੀਨੀਅਰ ਵਾਇਸ ਪ੍ਰੈਜ਼ੀਡੈਂਟ, ਕਾਰੀ ਲੁਕਮਾਨ ਸਲਾਹਕਾਰ, ਬੀਰਬਲ ਖਾਨ ਸਲਾਹਕਰ, ਗੁਰਮੇਲ ਖਾਨ ਚੇਅਰਮੈਨ ਜ਼ਿਲ੍ਹਾ ਕਮੇਟੀ ਬਰਨਾਲਾ, ਲਖਵੀਰ ਅਲੀ ਚੇਅਰਮੈਨ ਫਿਰੋਜ਼ਪੁਰ, ਇਮਾਮ ਫੁਰਕਾਨ ਚੇਅਰਮੈਨ ਜ਼ਿਲਾ ਕਮੇਟੀ ਮਾਨਸਾ, ਡਾ. ਅਕਬਰ ਸਹਾਇਕ ਕੈਸ਼ੀਅਰ ਆਦਿ ਹਾਜ਼ਰ ਹੋਏ।

## ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਸਾਰਿਆਂ ਦਾ ਯੋਗਦਾਨ ਜ਼ਰੂਰੀ : ਡੀ ਸੀ



**ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** -ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ 'ਚ ਸਾਨੂੰ ਸਾਰਿਆਂ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਕੇ ਨੌਜਵਾਨੀ ਨੂੰ ਬਚਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਬੱਚਤ ਭਵਨ ਫਤਹਿਗੜ੍ਹ ਸਾਹਿਬ ਵਿਖੇ ਪ੍ਰਸ਼ਾਸਨਿਕ ਅਤੇ ਪੁਲਸ ਅਧਿਕਾਰੀਆਂ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਕੀਤੀਆਂ ਗਈਆਂ ਗਤੀਵਿਧੀਆਂ ਦਾ ਜਾਇਜ਼ਾ ਲੈਣ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਨਸ਼ਾ ਮੁਕਤ ਕਰਨ ਲਈ ਵੱਧ ਤੋਂ ਵੱਧ ਜਾਗਰੂਕਤਾ ਸਮਾਗਮ ਕਰਾਉਣ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਛੱਡਣ ਬਾਰੇ ਨੌਜਵਾਨਾਂ ਨੂੰ ਕਿੱਤਾਮੁਖੀ ਕੋਰਸਾਂ ਦੀ ਸਿਖਲਾਈ ਦੇਣ ਲਈ ਪ੍ਰੋਗਰਾਮ ਉਲੀਕੇ ਜਾਣ ਤਾਂ ਜੋ ਉਹ ਆਪਣਾ ਰੋਜ਼ਗਾਰ ਸ਼ੁਰੂ ਕਰਕੇ ਆਪਣੀ ਆਰਥਕ ਸਥਿਤੀ ਨੂੰ ਸੁਧਾਰ ਸਕਣ ਅਤੇ ਨਸ਼ਿਆਂ ਦੀ ਲਾਹਨਤ ਤੋਂ ਛੁਟਕਾਰਾ ਪਾ ਸਕਣ। ਡਿਪਟੀ ਕਮਿਸ਼ਨਰ ਨੇ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ। ਇਸ ਮੌਕੇ ਐਸ.ਪੀ.ਡੀ. ਰਾਕੇਸ਼ ਯਾਦਵ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਜ਼ਿਲ੍ਹਾ ਪੁਲਸ ਵੱਲੋਂ ਵੱਡੀ ਮਾਤਰਾ 'ਚ ਨਸ਼ਿਆਂ ਦੀ ਰਿਕਵਰੀ ਕੀਤੀ ਹੈ ਅਤੇ ਨਸ਼ੇ ਦੇ ਸੌਦਾਗਰਾਂ 'ਤੇ ਕਾਰਵਾਈ ਕਰਕੇ ਉਨ੍ਹਾਂ ਦੀ ਜਾਇਦਾਦ ਵੀ ਜ਼ਬਤ ਕੀਤੀ ਹੈ। ਇਸ ਤੋਂ ਇਲਾਵਾ ਪੁਲਸ ਵਿਭਾਗ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਮਿਲ ਕੇ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ 'ਚ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਸਮਾਗਮ ਵੀ ਕਰਵਾਏ ਜਾ ਰਹੇ ਹਨ। ਇਸ ਦੇ ਨਤੀਜੇ ਵਜੋਂ ਵੱਡੀ ਗਿਣਤੀ ਵਿੱਚ ਨਸ਼ਿਆਂ ਦੇ ਆਦੀ ਹੋ ਚੁੱਕੇ ਨੌਜਵਾਨ ਨਸ਼ਿਆਂ ਨੂੰ ਛੱਡ ਕੇ ਮੁੜ ਤੋਂ ਆਪਣਾ ਸਿਹਤਮੰਦ ਜੀਵਨ ਜਿਊਣਾ ਸ਼ੁਰੂ ਕਰ ਚੁੱਕੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਈਸ਼ਾ ਸਿੰਗਲ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ.ਹੈਡ. ਰਮਿੰਦਰ ਸਿੰਘ, ਐਸ.ਪੀ.ਡੀ. ਰਾਕੇਸ਼ ਯਾਦਵ, ਐਸ ਡੀ ਐਮ ਫਤਹਿਗੜ੍ਹ ਸਾਹਿਬ ਅਰਵਿੰਦ ਕੁਮਾਰ, ਐਸ ਡੀ ਐਮ ਅਮਲੋਹ ਗੁਰਵਿੰਦਰ ਸਿੰਘ ਜੌਹਲ ਤੋਂ ਇਲਾਵਾ ਪੁਲਸ ਤੇ ਸਿਵਲ ਅਧਿਕਾਰੀ ਹਾਜ਼ਰ ਸਨ।

## ਤਿੰਨ ਰੋਜ਼ਾ ਚੰਡੀਗੜ੍ਹ ਧਰਨੇ ਸੰਬੰਧੀ ਬੀ ਕੇ ਯੂ ਉਗਰਾਹਾਂ ਦੀ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੋਗਾ 2 ਦੀ ਮੀਟਿੰਗ ਪ੍ਰਧਾਨ ਇਕਬਾਲ ਸਿੰਘ ਸਿੰਘਵਾਲਾ ਦੀ ਪ੍ਰਧਾਨਗੀ ਹੇਠ ਪਿੰਡ ਦੁੱਨੇਕੇ ਵਿਖੇ ਹੋਈ, ਜਿਸ ਵਿਚ ਜ਼ਿਲ੍ਹਾ ਸਕੱਤਰ ਬਲੌਰ ਸਿੰਘ ਘੱਲਕਲਾਂ ਵਿਸ਼ੇਸ਼ ਰੂਪ 'ਚ ਸ਼ਾਮਲ ਹੋਏ। ਮੀਟਿੰਗ ਵਿਚ ਸੰਯੁਕਤ ਕਿਸਾਨ ਮੋਰਚੇ ਵਲੋਂ 26, 27 ਅਤੇ 28 ਨਵੰਬਰ ਨੂੰ ਤਿੰਨ ਰੋਜ਼ਾ ਚੰਡੀਗੜ੍ਹ ਧਰਨਾ ਦਿੱਲੀ ਕਿਸਾਨ ਘੋਲ ਸਮੇਂ ਦੀਆਂ ਲਟਕਦੀਆਂ ਮੰਗਾਂ ਦੀ ਪ੍ਰਾਪਤੀ ਲਈ ਲਾਇਆ ਜਾ ਰਿਹਾ ਹੈ ਦੇ ਸੰਬਧ 'ਚ ਵਿਚਾਰ ਵਟਾਂਦਰਾਂ ਕੀਤਾ ਗਿਆ ਤੇ ਫੈਸਲਾ ਕੀਤਾ ਗਿਆ ਇਸ ਦੀ ਤਿਆਰੀ ਲਈ ਪਿੰਡਾਂ ਵਿਚ ਮੀਟਿੰਗਾਂ ਅਤੇ ਰੈਲੀਆਂ ਕਰਕੇ ਤਿਆਰੀ ਕੀਤੀ ਜਾਵੇਗੀ ।ਧਰਨੇ ਸੰਬੰਧੀ ਪਿੰਡਾਂ ਚੋਂ ਰਾਸ਼ਨ ਇਕੱਠਾ ਕੀਤਾ ਜਾਵੇਗਾ ਅਤੇ ਧਰਨੇ ਵਿਚ ਵੱਡੀ ਗਿਣਤੀ ਵਿਚ ਨੌਜਵਾਨ ਅਤੇ ਔਰਤਾਂ ਸ਼ਾਮਲ ਹੋਣਗੀਆਂ । ਕਿਸਾਨਾਂ ਦੀ ਮੰਗ ਹੈ ਕਿ ਸਾਰੀਆਂ ਫਸਲਾਂ ਉਪਰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਜੀ 2 + 50% ਫਾਰਮੂਲੇ ਅਨੁਸਾਰ ਲਾਭਕਾਰੀ ਐਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ, ਕੁਦਕਸ਼ੀ ਲਈ ਮਜਬੂਰ ਕਿਸਾਨਾਂ ਸਿਰ ਚੜ੍ਹੇ ਸਾਰੇ ਕਰਜ਼ੇ ਮੁਆਫ ਕੀਤੇ ਜਾਣ, ਬਿਜਲੀ ਸੋਧ ਬਿੱਲ 2022 ਵਾਪਸ ਲਿਆ ਜਾਵੇ, ਯੂਪੀ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਦੇ ਤਿਕੋਨੀਆ ਕਸਬੇ ਵਿਚ ਚਾਰ ਕਿਸਾਨਾਂ ਤੇ ਪੱਤਰਕਾਰ ਦੇ ਕਾਤਲਾਂ ਦੀ ਸਾਜਿਸ਼ ਦੇ ਕੇਸ ਵਿਚ ਨਾਮਜ਼ਦ ਦੋਸ਼ੀ ਕੇਸਰੀ ਗਿਰ, ਰਾਜ ਮੰਤਰੀ ਅਜੇ ਮਿਸ਼ਰਾ ਟੈਣੀ ਨੂੰ ਅਹੁਦੇ ਤੋਂ ਵੱਖ ਕੀਤਾ ਜਾਵੇ ਤੇ ਸਾਰੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ ਅਤੇ ਇਸ ਕਾਂਡ ਵਿਚ ਕਿਸਾਨਾਂ ਸਿਰ ਮੜ੍ਹੇ ਪੁਲਸ ਕੇਸ ਰੱਦ ਕੀਤੇ ਜਾਣ । ਆਗੂਆਂ ਇਹ ਵੀ ਕਿਹਾ ਕਿ ਗਰੀਨ ਟ੍ਰਬਿਊਨਲ ਹਾਈ ਕੋਰਟ / ਸੁਪਰੀਮ ਕੋਰਟ ਦੇ ਫੈਸਲਿਆਂ ਮੁਤਾਬਕ ਪ੍ਰਬੰਧਾਂ ਦੀ ਅਣਹੋਂਦ ਕਾਰਨ ਪਰਾਲੀ ਸਾੜਨ ਲਈ ਮਜਬੂਰ ਕਿਸਾਨਾਂ ਵਿਰੁੱਧ ਦਰਜ ਪੁਲਸ ਕੇਸ, ਜੁਰਮਾਨੇ ਤੇ ਮਾਲ ਰਿਕਾਰਡ ਵਿਚ ਕੀਤੀਆਂ ਜਾ ਰਹੀਆਂ ਰੈਡ ਇੰਟਰੀਆਂ ਰੱਦ ਕੀਤੀਆਂ ਜਾਣ । ਅਜਿਹਾ ਨਾ ਕਰਨ ਦੀ ਸੂਰਤ ਵਿਚ ਜਥੇਬੰਦੀ ਸਰਕਾਰ ਖਿਲਾਫ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ । ਮੀਟਿੰਗ ਵਿਚ ਉਪਰੋਕਤ ਤੋਂ ਬਿਨਾਂ ਗਜਦੇਵ ਸਿੰਘ, ਸੁਰਜੀਤ ਸਿੰਘ ਦੁੱਨੇਕੇ , ਮੇਜਰ ਸਿੰਘ ਡਰੋਲੀ ਭਾਈ, ਇੰਦਰਜੀਤ ਸਿੰਘ ਮੋਗਾ, ਗੁਰਸੇਵਕ ਸਿੰਘ ਫੌਜੀ, ਰਣਜੋਧ ਸਿੰਘ, ਕਪਤਾਨ ਸਿੰਘ ਦੁੱਨੇਕੇ, ਗਜਦੇਵ ਸਿੰਘ ਢਿੱਲੋਂ , ਜਸਕਰਨ ਸਿੰਘ, ਨੱਛਤਰ ਸਿੰਘ, ਅਤੇ ਮੁਖਤਿਆਰ ਸਿੰਘ ਆਦਿ ਹਾਜ਼ਰ ਸਨ ।

## ਸਿੱਖਿਆ ਵਿਭਾਗ ਨੇ ਮਾਸਟਰਾਂ ਦੀ ਡਰਾਫਟ ਸੀਨੀਆਰਤਾ ਸੂਚੀ ਕੀਤੀ ਰਲਗਡ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ)**-ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਮਿਤੀ 15-02-2023 ਦੇ ਫੈਸਲੇ ਅਨੁਸਾਰ ਮਾਸਟਰ ਕਾਡਰ ਦੀ ਸੀਨੀਆਰਤਾ ਨੂੰ ਮੁੜ ਬਣਾਉਣ ਦੇ ਹੁਕਮਾਂ ਦੀ ਪਾਲਣਾ 'ਚ ਦਫ਼ਤਰ ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਪੰਜਾਬ ਦੇ ਪ੍ਰਮੋਸ਼ਨ ਸੈੱਲ ਵੱਲੋਂ ਬਣਾਈ ਗਈ ਡਰਾਫਟ ਮਾਸਟਰ ਕਾਡਰ ਦੀ ਸੀਨੀਆਰਤਾ ਸੂਚੀ 'ਚ ਅਧਿਆਪਕਾਂ ਦੇ ਅੰਕੜਿਆਂ/ਵੇਰਵਿਆਂ ਨੂੰ ਟੈਕਨੀਕਲੀ ਗਲਤੀ ਨਾਲ ਇੱਕ ਦੂਜੇ ਅਧਿਆਪਕਾਂ ਵਿੱਚ ਰਲ਼ਗਡ ਕਰਕੇ ਸੀਨੀਆਰਤਾ ਨੂੰ ਦਰੁਸਤ ਕਰਨ ਦੀ ਬਜਾਏ ਹੋਰ ਵਿਗਾੜ ਦਿੱਤਾ ਗਿਆ ਹੈ। ਇੱਥੋਂ ਤੱਕ ਕਿ ਬਹੁਤਿਆਂ ਦੀਆਂ ਤਾਂ ਕੈਟਾਗਿਰੀਆਂ ਤੱਕ ਹੀ ਬਦਲ ਦਿੱਤੀਆਂ ਗਈਆਂ ਹਨ। ਜਿਸ ਨਾਲ ਵਿਭਾਗ ਅਤੇ ਅਧਿਆਪਕਾਂ ਨੂੰ ਬਹੁਤ ਸਾਰੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ। ਸਿੱਖਿਆ ਵਿਭਾਗ ਵੱਲੋਂ ਜਾਰੀ ਸੂਚੀ ਜੋ 1966 ਤੋਂ 1995 ਤੱਕ ਬਣਾਈ ਗਈ ਹੈ, ਉਸ ਵਿੱਚ 41564 ਅਧਿਆਪਕਾਂ ਨੂੰ ਡਰਾਫਟ ਸੀਨੀਆਰਤਾ ਨੰਬਰ ਅਲਾਟ ਕੀਤੇ ਗਏ ਹਨ ਅਤੇ ਅਧਿਆਪਕਾਂ ਕੋਲੋਂ ਸਿੱਧੇ ਨਿੱਜੀ ਤੌਰ 'ਤੇ ਇਤਰਾਜ਼ ਮੰਗਣ ਦੀ ਆਖਰੀ ਮਿਤੀ 22 ਨਵੰਬਰ 2023 ਹੈ। ਸੀਨੀਆਰਤਾ ਸੂਚੀ ਵੇਖਣ 'ਤੇ ਪਤਾ ਲਗਦਾ ਹੈ ਕਿ ਜੋ ਅਧਿਆਪਕ ਅਜੇ ਨੌਕਰੀ ਵਿੱਚ ਹਨ, ਉਨ੍ਹਾਂ ਦੇ ਮਜੂਦਾ ਸਕੂਲਾਂ ਦਾ ਪਤਾ/ਜ਼ਿਲ੍ਹਾ ਵੀ ਗਲਤ ਦਰਸਾਇਆ ਗਿਆ ਹੈ। ਪਹਿਲੇ ਭਾਗ ਵਿੱਚ ਜਾਰੀ ਸੂਚੀ ਜੋ ਕਿ 1991 ਤੱਕ ਦੇ ਅਧਿਆਪਕਾਂ ਦੀ ਹੈ, ਉਹ ਲਗਭਗ ਸਾਰੇ ਹੀ ਸੇਵਾ ਮੁਕਤ ਹੋ ਚੁੱਕੇ ਹਨ ਅਤੇ ਉਹ ਵਿਭਾਗ ਦੇ ਸੰਪਰਕ ਵਿੱਚ ਨਹੀਂ ਹਨ।

ਇਸੇ ਤਰ੍ਹਾਂ 1966 ਤੋਂ ਬਾਅਦ ਵਾਲੇ ਤਾਂ ਅਕਾਲ ਚਲਾਣਾ ਹੀ ਕਰ ਗਏ ਹਨ। ਫਿਰ ਨਿੱਜੀ ਤੌਰ 'ਤੇ ਸਿੱਧੇ ਇਤਰਾਜ਼ ਮੰਗਣ ਕਾਰਨ ਉਨ੍ਹਾਂ ਦੇ ਗਲਤ ਅੰਕੜਿਆਂ/ਵੇਰਵਿਆਂ ਉੱਪਰ ਇਤਰਾਜ਼ ਕੌਣ ਦੇਵੇਗਾ? ਜੋ ਅਧਿਆਪਕ ਅਜੇ ਵੀ ਨੌਕਰੀ ਕਰ ਰਹੇ ਹਨ, ਉਨ੍ਹਾਂ ਦੇ ਅੰਕੜੇ/ਵੇਰਵੇ ਉੱਪਰਲੇ ਜਾਂ ਹੇਠਲੇ ਦੋਨਾਂ ਹੀ ਸੀਨੀਆਰਤਾ ਨੰਬਰਾਂ ਵਿੱਚ ਦਰਜ ਹੋਣ ਕਰਕੇ ਉਨ੍ਹਾਂ ਨੂੰ ਸਮਝ ਨਹੀਂ ਆ ਰਹੀ ਤੇ ਉਹ ਬੈਚੇਨ ਹਨ ਕਿ ਉਹ ਦੋਨੋਂ ਸੀਨੀਆਰਤਾ ਨੰਬਰਾਂ ਵਿੱਚੋਂ ਕਿਸ ਸੀਨੀਆਰਤਾ ਨੰਬਰ ਵਿੱਚ ਆਪਣੇ ਵੇਰਵੇ/ਅੰਕੜੇ ਦਰੁਸਤ ਕਰਵਾਉਣ ਲਈ ਵਿਭਾਗ ਨੂੰ ਕਿਵੇਂ ਇਤਰਾਜ਼ ਭੇਜਣ। ਇਸੇ ਦੌਰਾਨ ਜੌਗਰਫ਼ੀ ਪੋਸਟ ਗਰੈਜੂਏਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ, ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਸਿੰਘ ਮਾਨ ਸੰਗਰੂਰ, ਜਨਰਲ ਸਕੱਤਰ ਦਿਲਬਾਗ ਸਿੰਘ ਲਾਪਰਾਂ, ਮੀਤ ਪ੍ਰਧਾਨ ਨਰੇਸ਼ ਸਲੂਜਾ, ਤੇਜਵੀਰ ਸਿੰਘ, ਸ਼ਮਸ਼ੇਰ ਸਿੰਘ ਸ਼ੈਰੀ, ਜਸਵਿੰਦਰ ਸਿੰਘ ਸੰਧੂ, ਅਵਤਾਰ ਸਿੰਘ ਬਲਿੰਗ, ਚਮਕੌਰ ਸਿੰਘ ਮੋਗਾ, ਗੁਰਮੇਲ ਸਿੰਘ ਰਹਿਲ, ਪਰਮਜੀਤ ਸਿੰਘ ਸੰਧੂ ਅਤੇ ਹਰਜੋਤ ਸਿੰਘ ਬਰਾੜ ਨੇ ਸਿੱਖਿਆ ਵਿਭਾਗ ਤੋਂ ਮੰਗ ਕਰਦਿਆਂ ਅਪੀਲ ਕੀਤੀ ਹੈ ਕਿ ਵਿਭਾਗ ਆਪਣੇ ਪੱਧਰ 'ਤੇ ਸਮੁੱਚੇ ਅੰਕੜਿਆਂ/ਵੇਰਵਿਆਂ ਨੂੰ ਚੈੱਕ ਕਰਕੇ ਟੈਕਨੀਕਲ ਦਰੁਸਤੀ ਉਪਰੰਤ ਸੀਨੀਅਰ ਸੂਚੀਆਂ ਦੁਬਾਰਾ ਬਣਾਵੇ ਤਾਂ ਜੋ ਹਜ਼ਾਰਾਂ ਅਧਿਆਪਕਾਂ ਨੂੰ ਆਪਣੇ ਵੇਰਵੇ ਦਰੁਸਤ ਕਰਵਾਉਣ ਲਈ ਵਿਭਾਗ ਨੂੰ ਇਤਰਾਜ਼ ਨਾ ਭੇਜਣੇ ਪੈਣ ਕਿਉਂਕਿ ਵਿਭਾਗ ਕੋਲ ਪਹਿਲਾਂ ਹੀ ਸਾਰੇ ਅਧਿਆਪਕਾਂ ਦੇ ਵੇਰਵੇ/ਅੰਕੜੇ ਪਹੁੰਚੇ ਹੋਏ ਹਨ।

ਪਰੰਤੂ ਜੇ ਵਿਭਾਗ ਵੱਲੋਂ ਇਹ ਦਰੁਸਤੀ ਨਹੀਂ ਕੀਤੀ ਜਾਂਦੀ ਤਾਂ 1995 ਤੋਂ ਬਾਅਦ ਭਰਤੀ ਹੋਏ ਅਧਿਆਪਕਾਂ ਦੀ ਸੀਨੀਆਰਤਾ ਇਸੇ ਤਰ੍ਹਾਂ ਹੀ ਜਾਰੀ ਕਰ ਦਿੱਤੀ ਗਈ ਤਾਂ ਵਿਭਾਗ ਨੂੰ ਸੀਨੀਆਰਤਾ ਸੂਚੀ ਬਣਾਉਣ ਵਿੱਚ ਬਹੁਤ ਲੰਬਾ ਸਮਾਂ ਲੱਗ ਜਾਵੇਗਾ ਅਤੇ ਸੀਨੀਆਰਤਾ ਸੂਚੀ ਵਿੱਚ ਹੋਈ ਦੇਰੀ ਕਾਰਨ ਲੰਬੇ ਸਮੇਂ ਤੋਂ ਤਰੱਕੀਆਂ ਦੀ ਆਸ ਲਗਾਈ ਬੈਠੇ ਅਧਿਆਪਕ ਬਿਨਾਂ ਪ੍ਰੋਮੋਸ਼ਨ ਹੀ ਸੇਵਾ ਮੁਕਤ ਹੋ ਜਾਣਗੇ।

## ਸ੍ਰੀ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਸਨਮਾਨ ਸਮਾਰੋਹ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ (ਬਠਿੰਡਾ) ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਬੀਬਾ ਬਲਜਿੰਦਰ ਕੌਰ ਚੀਫ ਵਿੱਪ ਪੰਜਾਬ ਸਰਕਾਰ ਦੇ ਸਤਿਕਾਰਯੋਗ ਪਿਤਾ ਦਰਸ਼ਨ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਇਸ ਸਮਾਗਮ ਵਿੱਚ ਰਿਫਾਇਨਰੀ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਜਿਨ੍ਹਾਂ ਪਿਛਲੇ ਸਾਲ ਸਲਾਨਾ ਪ੍ਰੀਖਿਆਵਾਂ ਵਿਚੋਂ 85% ਤੋਂ ਵੱਧ ਅੰਕ ਪ੍ਰਾਪਤ ਕੀਤੇ ਸਨ, ਨੂੰ ਲੈਪਟਾਪ ਅਤੇ 4 ਲੱਖ 35 ਹਜ਼ਾਰ ਰੁਪਏ ਦੇ ਨਕਦ ਇਨਾਮ ਵੀ ਵੰਡੇ ਗਏ। ਇਸ ਮੌਕੇ ਸਕੂਲ ਪੱਧਰ 'ਤੇ ਕਰਵਾਈ ਗਈ ਅਥਲੈਟਿਕਸ ਮੀਟ ਦੇ ਜੇਤੂ ਵਿਦਿਆਰਥੀਆਂ ਨੂੰ ਸਪੋਰਟਸ ਕਿੱਟਾਂ ਅਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਭੀਮ ਸੈਨ ਨੇ ਸਕੂਲ ਦੀ ਪ੍ਰਗਤੀ ਰਿਪੋਰਟ ਆਏ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਸਾਹਮਣੇ ਪੜ੍ਹੀ। ਉਕਤ ਰਿਫਾਇਨਰੀ ਦੁਆਰਾ ਭੇਜੇ ਗਏ ਨੁਮਾਇੰਦਿਆਂ ਹਰਦੀਪ ਸਿੰਘ ਸਫਰੀ ਸੁਭਾਗਿਆ ਵੱਲੋਂ ਅੱਗੇ ਤੋਂ ਵੀ ਬੱਚਿਆਂ ਨੂੰ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਸਮਾਗਮ ਮੌਕੇ ਵੀਰ ਸਿੰਘ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਸਕੂਲ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਗੀਤ ਉਪਰ ਡਾਂਸ ਕਰਕੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਰਿਫਾਇਨਰੀ ਵੱਲੋਂ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਵੰਡੀ ਗਈ। ਪ੍ਰੋਗਰਾਮ ਦੇ ਅੰਤ 'ਚ ਸਕੂਲ ਪ੍ਰਿੰਸੀਪਲ ਵੱਲੋਂ ਮੁੱਖ ਮਹਿਮਾਨ ਦਰਸ਼ਨ ਸਿੰਘ, ਰਿਫਾਇਨਰੀ ਵੱਲੋਂ ਆਏ ਨੁਮਾਇੰਦਿਆਂ ਅਤੇ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ ਗਿਆ।

## ਸਰਕਾਰੀ ਹਾਈ ਸਕੂਲ ਚਕੇਰੀਆਂ ਤੇ ਖਿੱਲਣ 'ਚ ਵਿਕਲਾਂਗ ਬੱਚਿਆਂ ਲਈ ਸੈਮੀਨਾਰ

**ਮਾਨਸਾ (ਪਮਾਰ)**-ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਪ੍ਰੀਤੀ ਸਾਹਨੀ ਅਤੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਜੀਤ ਕੌਰ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਰਕਾਰੀ ਹਾਈ ਸਕੂਲ ਚਕੇਰੀਆਂ ਅਤੇ ਮਿਡਲ ਸਕੂਲ ਖਿੱਲਣ ਵਿਖੇ ਵਿਕਲਾਂਗ ਬੱਚਿਆਂ ਲਈ ਕਾਨੂੰਨੀ ਸੇਵਾਵਾਂ ਸਕੀਮ-2021 ਦੀ ਜਾਣਕਾਰੀ ਦੇਣ ਲਈ ਸੈਮੀਨਾਰ ਕਰਵਾਏ ਗਏ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਨਲ ਐਡਵੋਕੇਟ ਬਲਵੰਤ ਭਾਟੀਆ ਨੇ ਕਿਹਾ ਕਿ ਵਿਕਲਾਂਗ ਬੱਚਿਆਂ ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਸਹੂਲਤਾਂ ਦਿਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਪਹਿਲੇ ਦੌਰ 'ਚ ਇਹ ਨਿਸਚਿਤ ਕੀਤਾ ਜਾਣਾ ਜ਼ਰੂਰੀ ਹੈ ਕਿ ਹਰ ਵਿਕਲਾਂਗ ਨੂੰ ਉਸ ਦੀ ਵਿਕਲਾਂਗਤਾ ਸਬੰਧੀ ਸਰਟੀਫਿਕੇਟ ਜਾਰੀ ਹੋਵੇ ਅਤੇ ਫਿਰ ਕਾਨੂੰਨ ਅਨੁਸਾਰ ਉਸ ਨੂੰ ਸਹੂਲਤਾਂ ਦਿਵਾਉਣਾ ਯਕੀਨੀ ਬਣਾਇਆ ਜਾਵੇ।

ਇਨ੍ਹਾਂ ਸੈਮੀਨਾਰਾਂ ਦੌਰਾਨ ਐਡਵੋਕੇਟ ਭਾਟੀਆ ਨੇ ਸਕੀਮ-2021 ਦੇ ਹਵਾਲੇ ਨਾਲ ਕਿਹਾ ਕਿ ਵਿਕਲਾਂਗ ਸਕੂਲੀ ਬੱਚਿਆਂ ਨੂੰ ਸਰਟੀਫਿਕੇਟ ਜਾਰੀ ਕਰਵਾਉਣਾ, ਪੀਣ ਵਾਲੇ ਪਾਣੀ ਦਾ ਅਲੱਗ ਪ੍ਰਬੰਧ ਕਰਵਾਉਣਾ, ਅਲੱਗ ਸੁਵਿਧਾਵਾਂ ਦਾ ਪ੍ਰਬੰਧ ਕਰਨਾ, ਪ੍ਰਤੀਯੋਗਤਾਵਾਂ ਕਰਵਾਉਣਾ ਅਤੇ ਜਾਗਰੂਕਤਾ ਕੈਂਪਾਂ ਦਾ ਪ੍ਰਬੰਧ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਮੁੱਖ ਅਧਿਆਪਕਾ ਅਮਨਦੀਪ ਕੌਰ, ਕੁਲਜੀਤ ਸਿੰਘ, ਵਾਸੂਦੇਵ, ਗੁਰਵਿੰਦਰ ਕੌਰ, ਬਲਦੀਪ ਕੌਰ, ਨਿਧੀ ਗੁਪਤਾ, ਸੀਮਾ ਰਾਣੀ ਅਤੇ ਰੁਪਿੰਦਰ ਸਿੰਘ ਵੀ ਹਾਜ਼ਰ ਸਨ।

## ਭਲਕੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ 'ਚ ਪੁੱਜੇਗੀ ਵਿਕਸਤ ਭਾਰਤ ਸੰਕਲਪ ਯਾਤਰਾ : ਡਿਪਟੀ ਕਮਿਸ਼ਨਰ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਕੇਂਦਰੀ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਯਕੀਨੀ ਪੁੱਜਦਾ ਯਕੀਨੀ ਬਣਾਇਆ ਜਾਵੇ ਤਾਂ ਜੋ ਲੋੜਵੰਦ ਲੋਕਾਂ ਦੇ ਜੀਵਨ ਪੱਧਰ 'ਚ ਹੋਰ ਸੁਧਾਰ ਕੀਤਾ ਜਾ ਸਕੇ ਜਿਸ ਲਈ ਕੇਂਦਰ ਸਰਕਾਰ ਵੱਲੋਂ 15 ਨਵੰਬਰ ਤੋਂ 26 ਜਨਵਰੀ 2024 ਤੱਕ "ਵਿਕਸਤ ਭਾਰਤ ਸੰਕਲਪ ਯਾਤਰਾ" ਸ਼ੁਰੂ ਕੀਤੀ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਬੱਚਤ ਭਵਨ ਫਤਹਿਗੜ੍ਹ ਸਾਹਿਬ ਵਿਖੇ ਇਸ ਯਾਤਰਾ ਦੇ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ 15 ਨਵੰਬਰ ਨੂੰ ਪੇਂਡੂ ਅਤੇ ਸ਼ਹਿਰੀ ਖੇਤਰਾਂ 'ਚ ਕੇਂਦਰ ਦੇ ਪ੍ਰਮੁੱਖ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਲਾਭਪਾਤਰੀਆਂ ਤੱਕ ਪਹੁੰਚਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਅਤੇ ਇਹ ਯਾਤਰਾ ਇਸੇ ਲੜੀ ਤਹਿਤ 24 ਨਵੰਬਰ ਤੋਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਵੱਖ ਵੱਖ ਪਿੰਡਾਂ ਵਿੱਚ ਪਹੁੰਚ ਕੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਸਬੰਧੀ ਜਾਗਰੂਕ ਕਰੇਗੀ। ਉਨ੍ਹਾਂ ਕਿਹਾ ਕਿ ਪਿੰਡਾਂ 'ਚ ਜਾਗਰੂਕਤਾ ਵੈਨਾਂ ਨੂੰ ਭੇਜ ਕੇ ਕੈਂਪ ਲਗਾਏ ਜਾਣਗੇ ਜਿਸ ਦੀ ਜਾਣਕਾਰੀ ਸਬੰਧਤ ਪਿੰਡਾਂ ਨੂੰ ਦਿੱਤੀ ਜਾਵੇਗੀ ਅਤੇ ਮੌਕੇ 'ਤੇ ਹੀ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਤੇ ਪ੍ਰੋਗਰਾਮਾਂ ਦੇ ਲਾਭ ਦਿੱਤੇ ਜਾਣਗੇ। ਇਨ੍ਹਾਂ ਕੈਂਪਾਂ ਵਿੱਚ ਸੱਭਿਆਚਾਰਕ ਪ੍ਰੋਗਰਾਮ, ਨਾਟਕ ਅਤੇ ਕੁਇਜ਼ ਮੁਕਾਬਲੇ ਵੀ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਸਮੂਹ ਬੀ.ਡੀ.ਪੀ.ਓਜ਼ ਨੂੰ ਹਦਾਇਤ ਕੀਤੀ ਕਿ ਉਨ੍ਹਾਂ ਦੇ ਅਧੀਨ ਆਉਂਦੇ ਪਿੰਡਾਂ ਵਿੱਚ ਉਕਤ ਜਾਗਰੂਕਤਾ ਵੈਨ ਦੇ ਪਹੁੰਚਣ ਸਮੇਂ ਚਲਾਏ ਜਾਣ ਵਾਲੇ ਸਮਾਗਮ ਦੀ ਤਿਆਰੀ ਪਹਿਲਾਂ ਤੋਂ ਹੀ ਕੀਤੀ ਜਾਵੇ, ਇਸ ਸਬੰਧੀ ਢੁੱਕਵੀਂ ਥਾਂ ਦੀ ਸ਼ਨਾਖਤ ਕਰਕੇ ਸਟੇਜ ਅਤੇ ਹੋਰ ਪ੍ਰਬੰਧ ਮੁਕੰਮਲ ਕਰ ਲਏ ਜਾਣ ਅਤੇ ਪਿੰਡਾਂ ਦੇ ਲੋਕਾਂ ਨੂੰ ਪਹਿਲਾਂ ਤੋਂ ਹੀ ਇਸ ਸਬੰਧੀ ਮੁਨਾਦੀ ਕਰਾ ਕੇ ਦੱਸਿਆ ਜਾਵੇ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਈਸ਼ਾ ਸਿੰਗਲ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਰਿੰਦਰ ਸਿੰਘ ਧਾਲੀਵਾਲ, ਐਸ ਡੀ ਐਮ ਫਤਹਿਗੜ੍ਹ ਸਾਹਿਬ ਅਰਵਿੰਦ ਕੁਮਾਰ, ਐਸ ਡੀ ਐਮ ਅਮਲੋਹ ਗੁਰਵਿੰਦਰ ਸਿੰਘ ਜੌਹਲ, ਸਿਵਲ ਸਰਜਨ ਦਵਿੰਦਰਜੀਤ ਕੌਰ, ਸਹਾਇਕ ਕਮਿਸ਼ਨਰ ਪਰੋਮਿਲਾ ਸ਼ਰਮਾ, ਡੀ.ਡੀ.ਪੀ.ਓ. ਹਿਤੇਨ ਕਪਲਾ ਸਮੇਤ ਸਮੂਹ ਬੀ.ਡੀ.ਪੀ.ਓਜ਼ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

## ਸ਼ਸ਼ੀ ਭੂਸ਼ਣ ਜੈਨ ਨੇ ਬੇਟੇ ਤੇ ਦੋਹਤੇ ਦੇ ਜਨਮ ਦਿਨ 'ਤੇ ਬਜ਼ੁਰਗਾਂ ਨੂੰ ਪੈਨਸ਼ਨ ਤੇ ਗਿਫਟ ਵੰਡੇ



**ਜਗਰਾਉਂ (ਅਮਿਤ ਖੰਨਾ)**- ਗੁਰੂ ਨਾਨਕ ਸਹਾਰਾ ਸੋਸਾਇਟੀ ਜਗਰਾਉਂ ਵੱਲੋਂ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ (ਯੂਕੇ) ਅਤੇ ਪ੍ਰਧਾਨ ਕੈਪਟਨ ਨਰੇਸ਼ ਵਰਮਾ ਦੀ ਯੋਗ ਅਗਵਾਈ ਹੇਠ 178ਵਾਂ ਸਵਰਗੀ ਸੰਸਾਰ ਚੰਦ ਵਰਮਾ ਯਾਦਗਾਰੀ ਮਹੀਨਾਵਾਰ ਪੈਨਸ਼ਨ ਅਤੇ ਰਾਸ਼ਨ ਵੰਡ ਸਮਾਰੋਹ ਆਰ. ਕੇ. ਸਕੂਲ ਜਗਰਾਉਂ ਵਿੱਚ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਸ਼ਸ਼ੀ ਭੂਸ਼ਣ ਜੈਨ (ਸਕੱਤਰ ਸੀਨੀਅਰ ਸਿਟੀਜੇਨ ਫ਼ੋਰਮ ਜਗਰਾਓਂ) ਅਤੇ ਰਾਜ ਰਾਣੀ ਜੈਨ (ਰਿਟਾਇਰਡ ਅਧਿਆਪਕਾ) ਨੇ ਆਪਣੇ ਬੇਟੇ ਮੁਦਿਤ ਜੈਨ (ਸੋਫਟਵੇਰ ਇੰਜਨੀਅਰ ) ਅਤੇ ਦੋਹਤੇ ਅਭਿਮਾਨਿਊ ਸਿੰਗਲਾ ਦੇ ਜਨਮ ਦਿਨ 'ਤੇ ਆਪਣੇ ਵੱਲੋਂ ਗੁਰੂ ਨਾਨਕ ਸਹਾਰਾ ਸੋਸਾਇਟੀ ਜਗਰਾਉਂ ਦੇ 26 ਬਜ਼ੁਰਗਾਂ ਨੂੰ ਮਹੀਨਾਵਾਰ ਪੈਨਸ਼ਨ ਅਤੇ ਗਿਫਟ ਵੰਡੇ। ਇਸ ਮੌਕੇ ਉਨ੍ਹਾਂ ਸਭ ਤੋਂ ਪਹਿਲਾਂ ਸਾਰੇ ਬਜ਼ੁਰਗਾਂ ਨੂੰ ਆਪਣੇ ਹੱਥੀਂ ਚਾਹ ਨਾਸ਼ਤਾ ਕਰਵਾਇਆ। ਉਸ ਤੋਂ ਬਾਅਦ ਸ਼ਸ਼ੀ ਜੈਨ ਨੇ ਸਾਰੇ ਬਜ਼ੁਰਗਾਂ ਨੂੰ ਮਹਿਮਾਨਾਂ ਰਾਹੀਂ ਪੈਨਸ਼ਨ ਅਤੇ ਫਲਾਸਕ ਵੰਡੀਆਂ। ਇਸ ਮੌਕੇ ਸ਼ਸ਼ੀ ਜੈਨ ਅਤੇ ਰਾਜ ਜੈਨ ਨੇ ਕੇਕ ਕੱਟਿਆ। ਇਸ ਮੌਕੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ ਅਤੇ ਨਰੇਸ਼ ਗੁਪਤਾ ਨੇ ਸ਼ਸੀ ਜੈਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸ਼ਸ਼ੀ ਭੂਸ਼ਣ ਜੈਨ, ਰਾਜ ਜੈਨ, ਡਾਕਟਰ ਅਭਿਸ਼ੇਕ ਸਿੰਗਲਾ, ਐਡਵੋਕੇਟ ਨਵੀਨ ਗੁਪਤਾ, ਪ੍ਰਿੰਸੀਪਲ ਸੀਮਾ ਸ਼ਰਮਾ, ਕੈਪਟਨ ਨਰੇਸ਼ ਵਰਮਾ, ਹਿੰਮਤ ਵਰਮਾ ਰਾਜ ਕੁਮਾਰ ਭੱਲਾ, ਡਾਕਟਰ ਰਾਕੇਸ਼ ਭਾਰਦਵਾਜ, ਕੰਚਨ ਗੁਪਤਾ, ਡਾਕਟਰ ਰਾਕੇਸ਼ ਭਾਰਦਵਾਜ, ਕੁਲਭੂਸ਼ਣ ਅੱਗਰਵਾਲ, ਰਵਿੰਦਰ ਸਿੰਘ ਵਰਮਾ, ਸੰਦੀਪ ਕਪੂਰ, ਅਰੁਣ ਗੁਪਤਾ, ਸੱਤ ਪਾਲ ਸਿੰਘ ਦੇਹੜਕਾ,ਦੇਵਿੰਦਰ ਜੈਨ, ਰਾਜ ਗਾਲਿਬ, ਮੈਡਮ ਪਰਮਜੀਤ ਉੱਪਲ, ਸੰਤੋਸ਼ ਕੌਰ, ਨਿਸ਼ਾ ਸ਼ਰਮਾ, ਆਂਚਲ, ਸੁਖਪ੍ਰੀਤ ਅਤੇ ਹੋਰ ਸਟਾਫ ਹਾਜ਼ਰ ਸੀ. ਮੰਚ ਸੰਚਾਲਣ ਕੈਪਟਨ ਨਰੇਸ਼ ਵਰਮਾ ਨੇ ਕੀਤਾ।

## ਨਵੇਂ ਡਾਕਟਰਾਂ ਤੇ ਪੈਰਾ ਮੈਡੀਕਲ ਦੀ ਭਰਤੀ ਕਰਕੇ ਲੋਕਾਂ ਨੂੰ ਕੈਂਸਰ, ਏਡਜ਼ ਤੋਂ ਬਚਾਇਆ ਜਾ ਸਕਦਾ : ਸ਼ਰਮਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਪ੍ਰੀਤ ਮੰਗਵਾਲ ਅਤੇ ਮੀਤ ਪ੍ਰਧਾਨ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਇੱਕ ਪਾਸੇ ਪੰਜਾਬ ਸਰਕਾਰ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦੀ ਗੱਲ ਕਰ ਰਹੀ ਹੈ ਤੇ ਜਦੋਂ ਕਿ ਜਿਸ ਦਿਨ ਦੀ ਪੰਜਾਬ ਸਰਕਾਰ ਹੋਂਦ ਵਿੱਚ ਆਈ ਉਸੇ ਦਿਨ ਤੋਂ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦੀ ਬਜਾਏ ਲੋਕਾਂ ਤੋਂ ਸਿਹਤ ਸਹੂਲਤਾਂ ਖੋਹੀਆਂ ਜਾ ਰਹੀਆਂ ਹਨ ਅਤੇ ਮੁਲਾਜ਼ਮਾਂ ਦੀਆਂ ਵੋਟਾਂ ਨਾਲ ਬਣੀ ਸਰਕਾਰ ਮੁਲਾਜ਼ਮ ਵਿਰੋਧੀ ਸਰਕਾਰ ਬਣ ਕੇ ਲੋਕਾਂ ਦੇ ਸਾਹਮਣੇ ਪੇਸ਼ ਹੋਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਕੈਂਸਰ, ਏਡਜ਼, ਕਾਲਾ ਪੀਲੀਆ, ਡੇਂਗੂ ਵਰਗੀਆਂ ਭਿਆਨਕ ਬਿਮਾਰੀਆਂ ਨਾਲ ਹਰ ਸਾਲ ਲੱਖਾਂ ਲੋਕੀਂ ਪੀੜਿਤ ਹੋ ਰਹੇ ਹਨ ਅਤੇ ਹਜ਼ਾਰਾਂ ਲੋਕ ਮੌਤ ਦਾ ਸ਼ਿਕਾਰ ਹੋ ਰਹੇ ਹਨ। ਸਰਕਾਰ ਨੂੰ ਚਾਹੀਦਾ ਸੀ ਕਿ ਇਨਾਂ ਮਰੀਜ਼ਾਂ ਵਾਸਤੇ ਨਵੇਂ ਹਸਪਤਾਲ, ਨਵੇਂ ਡਾਕਟਰਾਂ ਤੇ ਪੈਰਾ ਮੈਡੀਕਲ ਦੀ ਭਰਤੀ ਕਰਕੇ ਲੋਕਾਂ ਨੂੰ ਕੈਂਸਰ ਏਡਜ਼ ਵਰਗੀਆਂ ਬਿਮਾਰੀਆਂ ਤੋਂ ਬਚਾਇਆ ਜਾ ਸਕਦਾ ਪਰ ਪੰਜਾਬ ਸਰਕਾਰ ਪੰਜਾਬ 'ਚ 114 ਸੈਂਟਰਾਂ ਵਿੱਚੋਂ 21 ਸੈਂਟਰ ਨੂੰ ਰੀਵਿਊ ਕਰਨ ਦੀ ਬਜਾਏ ਬੰਦ ਕਰ ਰਹੀ ਹੈ। ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਆਪਣੇ ਘਰ ਦੇ ਨੇੜੇ ਮਿਲਦੀਆਂ ਸਿਹਤ ਸਹੂਲਤਾਂ ਲੈਣ ਲਈ ਦੂਰ ਦੁਰੇਡੇ ਜਾਣਾ ਪਵੇਗਾ। ਉਨ੍ਹਾਂ ਦੱਸਿਆ ਕਿ ਏਡਜ਼ ਕੰਟਰੋਲ ਸੁਸਾਇਟੀ ਦੇ ਮੁਲਾਜ਼ਮ ਮਰੀਜ਼ ਨੂੰ ਮਾਨਸਿਕ ਤੌਰ 'ਤੇ ਬਿਮਾਰੀ ਨਾਲ ਲੜਨ ਲਈ ਪ੍ਰੇਰਤ ਕਰਦੇ ਹਨ।

ਕਰੋਨਾ ਵਰਗੀ ਭਿਆਨਕ ਬਿਮਾਰੀ ਦੌਰਾਨ ਇਨ੍ਹਾਂ ਮੁਲਾਜ਼ਮਾਂ ਨੇ ਸਭ ਤੋਂ ਅੱਗੇ ਹੋ ਕੇ ਬਿਮਾਰੀ ਨੂੰ ਖਤਮ ਕਰਨ ਲਈ ਅਹਿਮ ਭੂਮਿਕਾ ਨਿਭਾਈ ਹੈ। ਪੰਜਾਬ ਸਰਕਾਰ ਨੂੰ ਚਾਹੀਦਾ ਸੀ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਤੋਂ ਪਹਿਲਾਂ ਹੀ ਪੱਕੇ ਕਰਦੀ ਪਰ ਪੰਜਾਬ ਸਰਕਾਰ ਇਨ੍ਹਾਂ ਨੂੰ ਪੱਕੇ ਕਰਨ ਦੀ ਬਜਾਏ ਇਨ੍ਹਾਂ ਦੇ ਸੈਂਟਰ ਬੰਦ ਕਰਕੇ ਇਨ੍ਹਾਂ ਨੂੰ ਘਰ ਚਲਦੇ ਕਰ ਰਹੀ ਹੈ। ਦੂਜੇ ਪਾਸੇ ਪੂਰੇ ਪੰਜਾਬ ਵਿੱਚ ਕਲੈਰੀਕਲ ਕਾਮਾ ਹੜਤਾਲ 'ਤੇ ਹੈ ਜਿਸ ਨਾਲ ਲੱਖਾਂ ਹੀ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਪੰਜਾਬ ਸਰਕਾਰ ਦੀ ਇੰਨੀ ਲੰਮੀ ਹੜਤਾਲ ਹੋਣ ਦੇ ਬਾਵਜੂਦ ਕੰਨ 'ਤੇ ਜੂੰ ਨਹੀਂ ਰੇਂਗੀ ਜਿਸ ਨਾਲ ਪੂਰੇ ਮੁਲਾਜ਼ਮ ਮੂਵਮੈਂਟ ਵਿੱਚ ਰੋਸ ਪਾਇਆ ਜਾ ਰਿਹਾ। ਜੇਕਰ ਆਉਣ ਵਾਲੇ ਦਿਨਾਂ ਦੇ ਵਿੱਚ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਪ੍ਰਤੀ ਆਪਣਾ ਰਵੱਈਆ ਠੀਕ ਨਾ ਕੀਤਾ ਤਾਂ ਪੂਰੇ ਪੰਜਾਬ ਦੇ ਮੁਲਾਜ਼ਮ ਇਕੱਠੇ ਹੋ ਕੇ ਪੰਜਾਬ ਸਰਕਾਰ ਨੂੰ ਘੇਰਨਗੇ।

ਇਸ ਵਿੱਚੋਂ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਆਗੂ ਗੁਰਦੇਵ ਸਿੰਘ ਅੰਮ੍ਰਿਤਸਰ, ਵਿਰਸਾ ਸਿੰਘ ਤਰਨ ਤਾਰਨ, ਸੁਖਵਿੰਦਰ ਫਾਜ਼ਿਲਕਾ, ਰਣਧੀਰ ਫਤਿਹਗੜ੍ਹ ਸਾਹਿਬ, ਸੁਖਜੀਤ ਸੇਖੋਂ ਮੁਕਤਸਰ, ਸੰਜੀਵ ਜਲੰਧਰ, ਜਗਤਾਰ ਸਿੰਘ ਪਟਿਆਲਾ, ਚੰਦ ਸਿੰਘ ਬਠਿੰਡਾ, ਮੋਨਿਕਾ ਬੇਦੀ ਫਿਰੋਜ਼ਪੁਰ, , ਸੰਦੀਪ ਸਿੰਘ ਐਕਸਰੇ ਪ੍ਰਧਾਨ ਪੰਜਾਬ ਮਨਿੰਦਰਜੀਤ ਸਿੰਘ ਫਿਰੋਜਪੁਰ, ਮਨਜੀਤ ਕੌਰ ਫਰੀਦਕੋਟ, ਤ੍ਰਿਪਤਾ ਸ਼ਰਮਾ ਅੰਮ੍ਰਿਤਸਰ, ਬਲਜੀਤ ਕੌਰ ਕੱਸੂਆਣਾ, ਕਿਰਨਦੀਪ ਕੌਰ ਕੱਸੂਆਣਾ, ਬੰਦਨਾ, ਸ਼ੈਲੀ, ਅਮਨਦੀਪ ਕੌਰ ਫਿਰੋਜ਼ਪੁਰ, ਸੰਨੀ ਬਾਂਸਲ, ਅੰਜਨਾ, ਹਰੀਸ਼, ਸਵਿਤਾ ਆਦਿ ਹਾਜ਼ਰ ਸਨ।

# ਦਫਤਰੀ ਕਾਮੇ ਪੰਦਰਵੇਂ ਦਿਨ ਵੀ ਕਲਮ ਛੋੜ ਹੜਤਾਲ 'ਤੇ ਰਹੇ

## 28 ਤੱਕ ਜਾਰੀ ਰਹੇਗੀ ਹੜਤਾਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**:ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਵੱਲੋਂ ਸੂਬਾ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਅਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਕ ਵਿਚ ਕੀਤੀ ਜਾ ਰਹੀ ਕਲਮ ਛੋੜ ਹੜਤਾਲ ਅੱਜ ਪੰਦਰ੍ਹਵੇਂ ਦਿਨ ਵੀ ਜਾਰੀ ਰਹੀ। ਜ਼ਿਲ੍ਹਾ ਫਿਰੋਜ਼ਪੁਰ ਵਿਚ ਸਮੁੱਚਾ ਸਰਕਾਰੀ ਕੰਮਕਾਜ ਠੱਪ ਰਿਹਾ। ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਆਪਣਾ ਕੰਮਕਾਜ ਮੁਕੰਮਲ ਠੱਪ ਕਰਕੇ ਖਜ਼ਾਨਾ ਦਫ਼ਤਰ ਸਾਹਮਣੇ ਵਿਸ਼ਾਲ ਰੈਲੀ ਕਰਕੇ ਸੂਬਾ ਸਰਕਾਰ ਖਿਲਾਫ ਜ਼ਬਰਦਸਤ ਨਾਅਰੇਬਾਜ਼ੀ ਕੀਤੀ। ਅੱਜ ਇਥੇ ਜ਼ਿਲ੍ਹਾ ਫਿਰੋਜ਼ਪੁਰ ਦੇ ਸੈਂਕੜੇ ਦਫਤਰੀ ਮੁਲਾਜ਼ਮਾਂ ਨੇ ਵੱਖ-ਵੱਖ ਦਫਤਰਾਂ ਅੱਗੇ ਵੀ ਰੋਸ ਮੁਜ਼ਾਹਰੇ ਕੀਤੇ। ਇਸ ਰੋਸ ਮੁਜ਼ਾਹਰੇ ਨੂੰ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਪੀਐੱਸਐੱਮਐੱਸਯੂ., ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ, ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ, ਗੋਬਿੰਦ ਮੁਟਨੇਜਾ, ਹਰਮੀਤ ਮੱਲੀ ਫੂਡ ਸਪਲਾਈ ਵਿਭਾਗ, ਜਗਸੀਰ ਸਿੰਘ ਭਾਂਗਰ ਸੀਨੀਅਰ ਮੀਤ ਪ੍ਰਧਾਨ, ਸੋਨੂੰ ਕਸ਼ਅਪ ਵਾਈਸ ਜਨਰਲ ਸਕੱਤਰ, ਵਰੁਣ ਕੁਮਾਰ, ਅਮਰ ਨਾਥ ਸਿੱਖਿਆ ਵਿਭਾਗ, ਜੁਗਲ ਆਨੰਦ, ਮੁਕੇਸ਼ ਕੁਮਾਰ ਲੋਕ ਨਿਰਮਾਣ ਵਿਭਾਗ, ਗੌਰਵ ਸ਼ਰਮਾ, ਜਗਮੀਤ ਸਿੰਘ ਸਟੈਨੋ, ਸੁਰਿੰਦਰ ਸ਼ਰਮਾ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਮੁੱਖਾ ਕੁਮਾਰ ਅਤੇ ਵਿਕਾਸ ਕਾਲੜਾ ਹੈਲਥ ਵਿਭਾਗ, ਅਮਨਦੀਪ ਸਿੰਘ, ਰਣਜੀਤ ਸਿੰਘ ਖਜ਼ਾਨਾ ਵਿਭਾਗ, ਖੁਸ਼ਵਿੰਦਰ ਸਿੰਘ ਜਨਰਲ ਸਕੱਤਰ ਸਹਿਕਾਰਤਾ ਵਿਭਾਗ, ਹਰਜਿੰਦਰ ਪਾਲ ਅੰਕੜਾ ਵਿਭਾਗ ਤੋਂ ਇਲਾਵਾ ਵੱਖ ਵੱਖ ਦਫਤਰਾਂ ਦੇ ਮੁਲਾਜ਼ਮਾਂ ਸੰਬੋਧਨ ਕੀਤਾ। ਰੋਸ ਮੁਜ਼ਾਹਰੇ ਵਿਚ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਆਗੂਆਂ ਖਜ਼ਾਨ ਸਿੰਘ ਜ਼ਿਲ੍ਹਾ ਪ੍ਰਧਾਨ, ਅਜੀਤ ਸਿੰਘ ਸੋਢੀ ਜਨਰਲ ਸਕੱਤਰ ਨੇ ਪੀਐੱਸਐੱਮਐੱਸਯੂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਆਪਣੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ। ਇਸ ਮੌਕੇ ਮੁਲਾਜ਼ਮਾਂ ਦੇ ਭਰਵੇਂ ਇੱਕਠਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਪਿੱਪਲ ਸਿੰਘ ਸਿੱਧੂ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਮੁਲਾਜ਼ਮਾਂ ਦੇ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਨਹੀ ਕੀਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕਰਨ ਦੇ ਬਾਵਜੂਦ ਅਜੇ ਤੱਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਗਈ ਜਿਸ ਕਾਰਨ ਮੁਲਾਜ਼ਮਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਪੀਐੱਸਐੱਮਐੱਸਯੂ ਪੰਜਾਬ ਵੱਲੋ ਮੁਲਾਜ਼ਮਾਂ ਮੰਗਾਂ ਦੀ ਪੂਰਤੀ ਲਈ 8 ਨਵੰਬਰ ਤੋ ਆਰੰਭੀ ਗਈ ਮੁਕੰਮਲ ਕਲਮ ਛੋੜ ਹੜਤਾਲ ਕੀਤੀ ਜਾ ਰਹੀ ਹੈ ਜੋ 28 ਨਵੰਬਰ ਤੱਕ ਜਾਰੀ ਰਹੇਗੀ ਅਤੇ ਜੇਕਰ ਸਰਕਾਰ ਨੇ ਮੁਲਾਜ਼ਮਾਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਇਹ ਕਲਮ ਛੋੜ ਹੜਤਾਲ ਅਣਮਿੱਥੇ ਸਮੇ ਲਈ ਕਰ ਦਿੱਤੀ ਜਾਵੇਗੀ।

# 2 ਸਿੱਖ ਜੱਜਾਂ ਦੀ ਨਿਯੁਕਤੀ ਨੂੰ ਮੋਦੀ ਹਕੂਮਤ ਵੱਲੋਂ ਅਪ੍ਰਵਾਨ ਕਰਨਾ ਫਿਰਕੂ ਅਮਲ : ਟਿਵਾਣਾ

**ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** -ਹਾਥੀ ਦੇ ਦੰਦ ਖਾਣ ਵਾਲੇ ਹੋਰ ਅਤੇ ਦਿਖਾਉਣ ਵਾਲੇ ਹੋਰ ਦੀ ਕਹਾਵਤ ਮੌਜੂਦਾ ਮੋਦੀ ਹਕੂਮਤ ਉਤੇ ਪੂਰਨ ਰੂਪ ਵਿਚ ਢੁੱਕਦੀ ਹੈ। ਇਹ ਵਿਚਾਰ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਸਮੇਂ ਦੇ ਇੰਡੀਆ ਦੇ ਹੁਕਮਰਾਨਾਂ ਤੇ ਮੌਜੂਦਾ ਮੋਦੀ ਹਕੂਮਤ ਵੱਲੋਂ ਮੌਕਾਪ੍ਰਸਤੀ ਦੀ ਸੋਚ ਅਧੀਨ ਲੋੜ ਸਮੇਂ ਸਿੱਖ ਕੌਮ ਦੀ ਬਹਾਦਰੀ ਤੇ ਕੁਰਬਾਨੀਆਂ ਦੇ ਸੋਹਲੇ ਗਾਉਣ ਅਤੇ ਸੰਕਟ ਸਮਾਂ ਲੰਘ ਜਾਣ 'ਤੇ ਸਿੱਖ ਨੌਜਵਾਨੀ, ਸਿੱਖ ਸੱਭਿਆਚਾਰ, ਸਿੱਖੀ ਇਖਲਾਕ ਅਤੇ ਸੋਚ ਦਾ ਕਤਲ ਕਰਦੇ ਰਹਿਣ ਦੀ ਦੋਗਲੀ ਨੀਤੀ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਹੁਕਮਰਾਨਾਂ ਦੀ ਇਸ ਦੋਹਰੀ ਨੀਤੀ ਤੋਂ ਸੁਚੇਤ ਰਹਿਣ ਅਤੇ ਆਪਣੀ ਕੌਮੀ ਮੰਜ਼ਿਲ ਉਤੇ ਕੇਂਦਰਿਤ ਹੋਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਬੀਤੇ ਕੁਝ ਦਿਨ ਪਹਿਲੇ ਸੁਪਰੀਮ ਕੋਰਟ ਵੱਲੋਂ ਪੰਜਾਬ ਹਰਿਆਣਾ ਹਾਈਕੋਰਟ ਦੇ ਨਵੇ ਜੱਜਾਂ ਦੀ ਨਿਯੁਕਤੀ ਦੇ ਕਾਲੇਜੀਅਮ ਵਿਚ ਜੋ 2 ਸਿੱਖ ਜੱਜਾਂ ਦੀ ਨਿਯੁਕਤੀ ਕਰਨ ਦੀ ਸਿਫਾਰਿਸ਼ ਕੀਤੀ ਗਈ ਸੀ, ਉਸ ਨੂੰ ਸੈਂਟਰ ਦੇ ਹੁਕਮਰਾਨਾਂ ਨੇ ਫਿਰਕੂ ਸੋਚ ਅਧੀਨ ਨਜਰਅੰਦਾਜ਼ ਕਰਕੇ ਸਿੱਖ ਕੌਮ ਨਾਲ ਹੁੰਦੇ ਆ ਰਹੇ ਵਿਤਕਰਿਆਂ, ਬੇਇਨਸਾਫੀਆਂ ਵਿਚ ਹੋਰ ਵਾਧਾ ਕਰ ਦਿੱਤਾ ਹੈ। ਦੂਸਰਾ ਇਸ ਅਮਲ ਨਾਲ ਸੁਪਰੀਮ ਕੋਰਟ ਦੇ ਉੱਚੇ ਰੁਤਬੇ ਨੂੰ ਵੀ ਹੁਕਮਰਾਨਾਂ ਨੇ ਠੇਸ ਪਹੁੰਚਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਹੁਕਮਰਾਨ ਦੀ ਨਜ਼ਰ ਵਿਚ ਸੁਪਰੀਮ ਕੋਰਟ ਵਰਗੀ ਸੰਸਥਾ ਦਾ ਵੀ ਕੋਈ ਸਤਿਕਾਰ ਨਹੀ।

# 'ਸਮੂਹ ਮੁਲਾਜ਼ਮਾਂ ਲਈ 5 ਫੀਸਦੀ ਪੇਂਡੂ ਭੱਤਾ ਦੇਣ ਦਾ ਪੱਤਰ ਤੁਰੰਤ ਜਾਰੀ ਕੀਤਾ ਜਾਵੇ'



**ਕੋਟਕਪੂਰਾ , (ਰਛਪਾਲ ਭੁੱਲਰ)** ਪੰਜਾਬ ਸੂਬਾਰਡੀਨੇਟ ਸਰਵਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ , ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੂਬਾਈ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਾਂ 21 ਨਵੰਬਰ ਨੂੰ ਦੂਜਾ ਯਾਦ ਪੱਤਰ ਰਜਿਸਟਰਡ ਡਾਕ ਰਾਹੀਂ ਭੇਜ ਕੇ ਮੰਗ ਕੀਤੀ ਹੈ ਕਿ ਪਿੰਡਾਂ ਵਿੱਚ ਕੰਮ ਕਰਦੇ ਸਮੂਹ ਮੁਲਾਜ਼ਮਾਂ ਅਤੇ ਅਧਿਕਾਰੀਆਂ ਲਈ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਬਣਦਾ 5 ਫੀਸਦੀ ਰੂਰਲ ਏਰੀਆ ਅਲਾਊਂਸ ਪੇਂਡੂ ਭੱਤਾ ਦੇਣ ਸਬੰਧੀ ਪੱਤਰ ਤੁਰੰਤ ਜਾਰੀ ਕੀਤਾ ਜਾਵੇ। ਇਸ ਪੱਤਰ ਰਾਹੀਂ ਜਥੇਬੰਦੀ ਵਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਅਧੀਨ ਪਿੰਡਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀਆਂ ਵਿਸ਼ੇਸ਼ ਸਮੱਸਿਆਵਾਂ ਨੂੰ ਮੱਦੇਨਜ਼ਰ ਰੱਖਦੇ ਹੋਏ, ਮੁਲਾਜ਼ਮ ਜਥੇਬੰਦੀਆਂ ਦੇ ਲਗਾਤਾਰ ਸੰਘਰਸ਼ ਦੇ ਦਬਾਅ ਸਦਕਾ ਤੇ ਜਥੇਬੰਦੀ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ, ਪੰਜਾਬ ਦੇ ਤੀਜੇ ਤਨਖ਼ਾਹ ਕਮਿਸ਼ਨ ਨੇ ਸਾਲ 1988 ਦੌਰਾਨ ਪਿੰਡਾਂ ਵਿੱਚ ਕੰਮ ਕਰਦੇ ਸਾਰੇ ਮੁਲਾਜ਼ਮਾਂ ਲਈ ਪੇਂਡੂ ਭੱਤਾ ਦੇਣ ਦੀ ਸਿਫ਼ਾਰਸ਼ ਕੀਤੀ ਸੀ। ਆਗੂਆਂ ਨੇ ਅੱਗੇ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੰਜਾਬ ਦੇ ਤੀਜੇ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਪ੍ਰਵਾਨ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਰੂਰਲ ਏਰੀਆ ਅਲਾਊਂਸ 1 ਸਤੰਬਰ 1988 ਤੋਂ ( 50 -250 ਰੁਪਏ ) ਮੁਢਲੀ ਤਨਖਾਹ ਅਨੁਸਾਰ ਦੇਣ ਦਾ ਫੈਸਲਾ ਲਾਗੂ ਕੀਤਾ ਗਿਆ ਸੀ । ਇਸ ਤੋਂ ਬਾਅਦ ਪੰਜਾਬ ਦੇ ਚੌਥੇ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਦੇ ਹੋਏ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਲਈ 5 ਫ਼ੀਸਦੀ ਪੇਂਡੂ ਇਲਾਕਾ ਭੱਤਾ ਮਿਤੀ 1 ਸਤੰਬਰ 1997 ਤੋਂ ਦਿੱਤਾ ਗਿਆ ਸੀ । ਇਸ ਤੋਂ ਬਾਅਦ ਪੰਜਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਰੂਰਲ ਏਰੀਆ ਐਲਾਊਂਸ 6 ਫੀਸਦੀ ਦੀ ਦਰ ਨਾਲ ਮਿਤੀ 1 ਸਤੰਬਰ 2008 ਤੋਂ ਦੇਣ ਦਾ ਫੈਸਲਾ ਲਾਗੂ ਕੀਤਾ ਗਿਆ ਸੀ । ਇਸੇ ਤਰ੍ਹਾਂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੰਜਾਬ ਸਰਕਾਰ ਨੂੰ 30 ਅਪ੍ਰੈਲ 2021 ਨੂੰ ਸੌਂਪੀ ਗਈ ਆਪਣੀ ਰਿਪੋਰਟ -1 ਦੇ ਪੈਰਾ ਨੰਬਰ 7.25 ਵਿੱਚ ਪਹਿਲਾਂ ਮਿਲ ਰਹੇ 6 ਫ਼ੀਸਦੀ ਰੂਰਲ ਏਰੀਆ ਅਲਾਊਂਸ ਨੂੰ ਸੋਧੀ ਬੇਸਿਕ ਪੇਅ ਤੇ ਪਿੰਡਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਲਈ 5 ਫ਼ੀਸਦੀ ਰੂਰਲ ਏਰੀਆ ਅਲਾਊਂਸ ਦੇਣ ਦੀ ਸਿਫ਼ਾਰਸ਼ ਕੀਤੀ ਸੀ । ਆਗੂਆਂ ਨੇ ਪੱਤਰ ਵਿੱਚ ਅੱਗੇ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਸਰਕਾਰ ਦੇ ਧਿਆਨ ਵਿਚ ਲਿਆਂਦਾ ਹੈ ਕਿ 5 ਸਤੰਬਰ 2021 ਨੂੰ ਪਿਛਲੀ ਹੁਕਮਰਾਨ ਕਾਂਗਰਸ ਸਰਕਾਰ ਵੱਲੋਂ ਮੁਲਾਜਮ ਵਿਰੋਧੀ ਵਤੀਰਾ ਅਖਤਿਆਰ ਕਰਦੇ ਹੋਏ ਰੈਸ਼ਨਲਾਈਜੇਸ਼ਨ ਦੇ ਨਾਂ 'ਤੇ ਰੂਰਲ ਏਰੀਏ ਅਲਾਊਂਸ ਸਮੇਤ ਪਹਿਲਾਂ ਮਿਲ ਰਹੇ 37 ਭੱਤਿਆਂ ਨੂੰ ਪ੍ਰਵਾਨਗੀ ਦੇਣ ਤੋਂ ਰੋਕ ਲਿਆ ਗਿਆ ਸੀ । ਆਗੂਆਂ ਅੱਗੇ ਕਿਹਾ ਕਿ ਮੁਲਾਜ਼ਮ ਜਥੇਬੰਦੀਆਂ ਪਿਛਲੇ 20 ਮਹੀਨਿਆਂ ਤੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੁਕਮਰਾਨ ਪੰਜਾਬ ਸਰਕਾਰ ਤੋਂ ਮੰਗ ਕਰ ਰਹੀਆਂ ਹਨ ਕਿ ਰੂਰਲ ਏਰੀਏ ਅਲਾਊਂਸ ਸਮੇਤ ਪਿਛਲੀ ਕਾਂਗਰਸ ਸਰਕਾਰ ਵੱਲੋਂ ਰੈਸਨੇਲਾਈਜੇਸ਼ਨ ਦੇ ਨਾਂ 'ਤੇ ਰੋਕੇ ਗਏ ਵੱਖ ਵੱਖ ਤਰ੍ਹਾਂ ਦੇ 37 ਭੱਤੇ ਤੁਰੰਤ ਬਹਾਲ ਕੀਤੇ ਜਾਣ । ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਰੂਰਲ ਏਰੀਆ ਅਲਾਊਂਸ ਦੇਣ ਸੰਬੰਧੀ ਆਪਣੀ ਰਿਪੋਰਟ ਦੇ ਪੈਰਾ ਨੰਬਰ 7.25 ਵਿੱਚ ਪੇਸ਼ ਕੀਤੀ ਤਜਵੀਜ਼ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਦੇ ਪਿੰਡਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਲਈ ਮਿਤੀ 1 ਜੁਲਾਈ 2021 ਤੋਂ ਪੇਂਡੂ ਇਲਾਕਾ ਭੱਤਾ 5 ਫੀਸਦੀ ਦੇਣ ਦਾ ਪੱਤਰ ਤੁਰੰਤ ਜਾਰੀ ਕੀਤਾ ਜਾਵੇ।

## ਕਾਤਰਾਂ

### ਵਿਧਾਇਕ ਨੇ ਰੱਖਿਆ ਖੇਡ ਗਰਾਊਂਡ ਦੀ ਚਾਰਦੀਵਾਰੀ ਦਾ ਨੀਂਹ ਪੱਥਰ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਮਾਤਾ ਸੁੰਦਰੀ ਸਕੂਲ ਵਿਖੇ ਬਣੇ ਫੁਟਬਾਲ ਗਰਾਊਂਡ ਦੀ ਚਾਰਦੀਵਾਰੀ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਜਿਹੇ ਖੇਡ ਮੈਦਾਨ ਨੌਜਵਾਨਾਂ ਦੇ ਲਈ ਬਹੁਤ ਜ਼ਰੂਰੀ ਹਨ, ਫਤਿਹਗੜ੍ਹ ਸਾਹਿਬ ਦੇ ਵਿੱਚ ਇਹ ਪਹਿਲਾ ਫੁੱਟਬਾਲ ਗਰਾਊਂਡ ਹੋਵੇਗਾ, ਜਿਸ ਦੀ ਸੁੰਦਰਤਾ ਵੱਲ ਖਾਸ ਧਿਆਨ ਦਿੱਤਾ ਗਿਆ ਹੈ। ਕਰੀਬ ਸਾਢੇ 13 ਲੱਖ ਰੁਪਏ ਦੇ ਬਜਟ ਨਾਲ ਇਸ ਦਾ ਨਵੀਨੀਕਰਨ ਹੋ ਰਿਹਾ ਹੈ, 1125 ਫੁੱਟ ਚਾਰਦੀਵਾਰੀ ਕੀਤੀ ਜਾਵੇਗੀ ਅਤੇ ਨਾਲ ਹੀ 40*20 ਸਟੇਜ ਬਣਾਈ ਜਾਵੇਗੀ। ਇਸ ਫੁਟਬਾਲ ਗਰਾਊਂਡ ਦਾ ਕੰਮ 30 ਨਵੰਬਰ ਤੋਂ ਪਹਿਲਾਂ ਕੰਪਲੀਟ ਕੀਤਾ ਜਾਵੇਗਾ। ਤਾਂ ਜੋ ਸ਼ਹੀਦੀ ਜੋੜ ਮੇਲ ਤੋਂ ਪਹਿਲਾਂ ਹੋਣ ਵਾਲੀਆਂ ਫੁਟਬਾਲ ਦੀਆਂ ਖੇਡਾਂ ਇਸ ਗਰਾਊਂਡ ਦੇ ਵਿੱਚ ਕਰਵਾਈਆਂ ਜਾ ਸਕਣ। ਇਸ ਗਰਾਊਂਡ ਦੀ ਚਾਰਦੀਵਾਰੀ ਹੋਣ ਦੇ ਨਾਲ ਜਿੱਥੇ ਅਵਾਰਾ ਪਸ਼ੂਆਂ ਤੋਂ ਨਿਜਾਤ ਮਿਲੇਗੀ, ਉੱਥੇ ਹੀ ਇਸ ਨੂੰ ਹੋਰ ਸੁੰਦਰ ਬਣਾਇਆ ਜਾ ਸਕੇਗਾ।

### ਗੁਰਮੀਤ ਸਿੰਘ ਦੂਲੋਂ ਨੂੰ ਹੰਝੂਆਂ ਭਰੀ ਅੰਤਿਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕਰਮਗੜ੍ਹ ਵਿਖੇ ਹਰਮਨ ਪਿਆਰੇ ਆਗੂ ਗੁਰਮੀਤ ਸਿੰਘ ਦੂਲੋਂ ਸਾਬਕਾ ਸੰਮਤੀ ਮੈਂਬਰ ਜੋ ਕਿ ਇੱਕ ਸੜਕ ਹਾਦਸੇ 'ਚ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਇਲਾਕੇ ਤੋਂ ਵੱਖ-ਵੱਖ ਆਗੂਆਂ, ਸਮਾਜ ਸੇਵੀ ਸੰਸਥਾਵਾਂ ਨੇ ਵੱਡੀ ਗਿਣਤੀ 'ਚ ਪਹੁੰਚ ਕੇ ਨੌਜਵਾਨ ਆਗੂ ਗੁਰਮੀਤ ਸਿੰਘ ਦੂਲੋਂ ਨੂੰ ਹੰਝੂਆਂ ਭਰੀ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਸਾਬਕਾ ਵਿਧਾਇਕ ਸੁਰਿੰਦਰ ਪਾਲ ਸਿੰਘ ਸਿਬੀਆ, ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਪਰਮਜੀਤ ਸਿੰਘ ਖਾਲਸਾ, ਐਡਵੋਕੇਟ ਵਿਸ਼ਾਲ ਸ਼ਰਮਾ, ਭਾਜਪਾ ਆਗੂ ਇੰਜ: ਗੁਰਜਿੰਦਰ ਸਿੰਘ ਸਿੱਧੂ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਹੰਡਿਆਇਆ, ਪ੍ਰਮਿੰਦਰ ਸਿੰਘ ਸ਼ੰਮੀ, ਤਰਨਜੀਤ ਸਿੰਘ ਦੁੱਗਲ, ਸੁਖਵਿੰਦਰ ਸਿੰਘ ਸ਼ਹਿਣਾ, ਗੁਰਦੇਵ ਸਿੰਘ ਮੱਕੜਾ, ਦੀਪੀ ਸੰਘੇੜਾ, ਦਰਬਾਰਾ ਸਿੰਘ ਫੌਜੀ, ਸਰਪੰਚ ਹਰਿੰਦਰ ਸਿੰਘ ਸਿੱਧੂ, ਜਰਨੈਲ ਸਿੰਘ, ਗੁਰਜੰਟ ਸਿੰਘ ਟੀਟੂ, ਵਿਸਾਖਾ ਸਿੰਘ ਕਰਮਗੜ੍ਹ ਆਦਿ ਹਾਜ਼ਰ ਸਨ।

### 28 ਤੱਕ ਦਫਤਰਾਂ 'ਚ ਰਹੇਗਾ ਕੰਮਕਾਜ ਠੱਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਸੂਬਾ ਬਾਡੀ ਵੱਲੋਂ ਲਏ ਗਏ ਫੈਸਲੇ ਤਹਿਤ 8 ਨਵੰਬਰ ਤੋਂ ਚੱਲ ਰਹੀਂ ਕਲਮ ਛੋੜ ਹੜਤਾਲ, ਕੰਪਿਊਟਰ ਬੰਦ, ਆਨਲਾਈਨ ਕੰਮ ਬੰਦ ਕਰਕੇ ਕੀਤੀ ਗਈ ਹੜਤਾਲ ਵਿੱਚ ਹੁੱਣ 28 ਨਵੰਬਰ ਤੱਕ ਵਾਧਾ ਕੀਤਾ ਗਿਆ ਹੈ। ਸੂਬਾ ਬਾਡੀ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਹਿਤ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਤੇ ਜਨਰਲ ਸਕੱਤਰ ਸੁਖਦੇਵ ਚੰਦ ਕੰਬੋਜ ਦੀ ਅਗਵਾਈ ਹੇਠ ਯੂਨੀਅਨ ਆਗੂਆਂ ਸਮੇਤ ਸਮੁੱਚੇ ਦਫਤਰੀ ਸਟਾਫ ਵੱਲੋਂ ਫਾਜ਼ਿਲਕਾ ਜ਼ਿਲ੍ਹੇ ਅੰਦਰ ਵੀ ਹੜਤਾਲ ਨੂੰ ਪੂਰਨ ਤੌਰ 'ਤੇ ਲਾਗੂ ਕੀਤਾ ਗਿਆ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਦੀ ਜਾਇਜ਼ ਤੇ ਹੱਕੀ ਮੰਗਾਂ ਜਿਸ ਵਿਚ ਪੇਅ ਕਮਿਸ਼ਨ ਨੂੰ ਸਹੀ ਢੰਗ ਨਾਲ ਲਾਗੂ ਕਰਨਾ, ਡੀ.ਏ. ਦੀਆਂ ਬਕਾਇਆ ਕਿਸ਼ਤਾਂ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਅਤੇ ਮੁਲਾਜ਼ਮਾਂ ਦੀ ਸਭ ਤੋਂ ਵੱਡੀ ਮੰਗ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨਾ ਆਦਿ ਹੋਰ ਵੱਖ-ਵੱਖ ਅਹਿਮ ਮੰਗਾਂ ਨੂੰ ਪੂਰਾ ਨਾ ਕਰਕੇ ਮੁਲਾਜ਼ਮਾਂ ਨਾਲ ਧੋਖਾ ਕੀਤਾ ਗਿਆ। ਜੇਕਰ ਸਰਕਾਰ ਵੱਲੋਂ ਮੁਲਾਜ਼ਮਾਂ ਪ੍ਰਤੀ ਕੋਈ ਹਾਂ-ਪੱਖੀ ਰਵੱਈਆ ਨਹੀ ਅਪਣਾਇਆ ਜਾਂਦਾ ਤਾਂ ਆਉਣ ਵਾਲੇ ਦਿਨਾਂ 'ਚ ਸੂਬਾ ਬਾਡੀ ਦੇ ਫੈਸਲੇ ਅਨੁਸਾਰ ਹੋਰ ਤਿਖੇ ਸੰਘਰਸ਼ ਉਲੀਕੇ ਜਾਣਗੇ। ਇਸ ਮੌਕੇ ਯੂਨੀਅਨ ਦੇ ਅਹੁਦੇਦਾਰ ਤੇ ਵੱਖ ਵੱਖ ਵਿਭਾਗਾਂ ਦੇ ਕਰਮਚਾਰੀ ਮੌਜੂਦ ਸਨ।

### 'ਗੁਰਬਾਣੀ ਅਤੇ ਗੁਰ ਇਤਿਹਾਸ' ਤੇ 'ਸਿੱਖ ਇਤਿਹਾਸ ਅਤੇ ਰਹਿਤ ਮਰਯਾਦਾ' 'ਤੇ ਇਮਤਿਹਾਨ

**ਜਲਾਲਾਬਾਦ (ਜੀਤ ਕੁਮਾਰ)** - ਅੱਜ ਸਥਾਨਕ ਭਾਈ ਮਹਾਂ ਸਿੰਘ ਖਾਲਸਾ ਪਬਲਿਕ ਸਕੂਲ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਇਮਤਿਹਾਨ ਲਏ ਗਏ, ਜਿਸ ਵਿਚ ਲਗਭਗ ਅੱਸੀ ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿਚ ਪਹਿਲਾ ਪੇਪਰ 'ਗੁਰਬਾਣੀ ਅਤੇ ਗੁਰ ਇਤਿਹਾਸ' ਅਤੇ ਦੂਜਾ ਪੇਪਰ 'ਸਿੱਖ ਇਤਿਹਾਸ ਅਤੇ ਰਹਿਤ ਮਰਯਾਦਾ' ਸੀ। ਇਨ੍ਹਾਂ ਪੇਪਰਾਂ ਵਿੱਚ ਗੁਰੂ ਸਾਹਿਬਾਨ ਅਤੇ ਸਿੱਖ ਸ਼ਹੀਦ ਸੂਰਮਿਆਂ ਦੇ ਜੀਵਨ, ਸਿੱਖਿਆ ਅਤੇ ਉਨ੍ਹਾਂ ਦੀਆਂ ਮਹਾਨ ਕੁਰਬਾਨੀਆਂ ਦੇ ਨਾਲ ਨਾਲ ਗੁਰਬਾਣੀ ਨਾਲ ਸੰਬੰਧਤ ਤੁਕਾਂ, ਰਾਗਾਂ, ਬਾਣੀ ਦੀ ਪਹਿਚਾਣ, ਨਿੱਤਨੇਮ ਦੀਆਂ ਬਾਣੀਆਂ ਸੰਬੰਧੀ ਬੜੇ ਰੌਚਕ ਪ੍ਰਸ਼ਨ ਸਨ, ਜਿਨ੍ਹਾਂ ਨਾਲ ਵਿਦਿਆਰਥੀ ਵੱਲੋਂ ਧਰਮ, ਇਤਿਹਾਸ ਅਤੇ ਨੈਤਿਕਤਾ ਸੰਬੰਧੀ ਗ੍ਰਹਿਣ ਕੀਤੇ ਗਿਆਨ ਦੀ ਪਰਖ ਹੁੰਦੀ ਏ, ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਤੋਂ ਤਸ਼ਰੀਫ ਲਿਆਏ ਪਰਮਜੀਤ ਸਿੰਘ ਸੁਪ੍ਰਿੰਟੈਂਡੈਂਟ ਦੀ ਦੇਖਰੇਖ ਹੇਠ ਇੰਚਾਰਜ ਗੁਰਮੀਤ ਸਿੰਘ ਹੋਰਾਂ ਦੇ ਪ੍ਰਬੰਧਾ ਵਿੱਚ ਇਹ ਦੋ ਦਿਨਾ ਇਮਤਿਹਾਨ ਸੁਚੱਜੇ ਢੰਗ ਨਾਲ ਨੇਪਰੇ ਚੜ੍ਹੇ।

# ਡੀ ਸੀ ਨੇ ਪਰਾਲੀ ਪ੍ਰਬੰਧਨ ਸਬੰਧੀ ਪੁਲਸ ਤੇ ਖੇਤੀਬਾੜੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ )**-ਜ਼ਿਲ੍ਹੇ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਇਸ ਲੜੀ ਤਹਿਤ ਡਿਪਟੀ ਕਮਿਸਨਰ ਡਾ. ਰੂਹੀ ਦੁੱਗ ਵੱਲੋਂ ਪੁਲਸ ਅਤੇ ਖੇਤੀਬਾੜੀ ਦੇ ਅਧਿਕਾਰੀਆਂ ਨਾਲ ਅੱਜ ਦਫਤਰ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ ਵਿਖੇ ਮੀਟਿੰਗ ਕੀਤੀ ਗਈ। ਡਿਪਟੀ ਕਮਿਸਨਰ ਨੇ ਕਲੱਸਟਰ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਜਲਦ ਤੋਂ ਜਲਦ ਅਤੇ ਜ਼ਿਆਦਾ ਤੋਂ ਜ਼ਿਆਦਾ ਪਰਾਲੀ ਦੀਆਂ ਬਣੀਆਂ ਹੋਈਆਂ ਗੱਠਾਂ ਨੂੰ ਚਕਾਉਣ ਤਾਂ ਜੋ ਕਿਸਾਨ ਆਪਣੀ ਅਗਲੀ ਫਸਲ ਦੀ ਬਿਜਾਈ ਸਮੇਂ ਸਿਰ ਕਰ ਸਕਣ ਅਤੇ ਜੇਕਰ ਪਰਾਲੀ ਦੀਆਂ ਗੱਠਾਂ ਨੂੰ ਚਕਾਉਣ ਸਮੇਂ ਕੋਈ ਪ੍ਰੇਸ਼ਾਨੀ ਆ ਰਹੀ ਹੈ ਤਾਂ ਤੁਰੰਤ ਗੱਠਾਂ ਚੁੱਕਣ ਵਾਲੀਆਂ ਇੰਡਸਟਰੀਆਂ ਦੇ ਨੁਮਾਇੰਦਿਆਂ ਨਾਲ ਰਾਬਤਾ ਕਰਨ। ਇਸ ਮੌਕੇ ਉਨ੍ਹਾਂ ਕਲੱਸਟਰ ਅਫਸਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਪਰਾਲੀ ਨੂੰ ਸਾੜਨ ਦੇ ਕੇਸਾਂ ਵਿੱਚ ਵਾਧਾ ਨਾ ਹੋਣ ਦਿੱਤਾ ਜਾਵੇ ਅਤੇ ਇਸ ਲਈ ਉਹ ਸਮੂਹ ਨੋਡਲ ਅਫਸਰਾਂ ਨਾਲ ਮੀਟਿੰਗ ਵੀ ਆਯੋਜਿਤ ਕਰਨ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿਹੜੇ ਕਿਸਾਨ ਪਰਾਲੀ ਦੀਆਂ ਗੱਠਾਂ ਬਣਵਾ ਕੇ ਵੀ ਪਿੱਛੇ ਬਚੀ ਰਹਿੰਦ ਖੂੰਹਦ ਨੂੰ ਅੱਗ ਲਗਾਉਂਦੇ ਹਨ ਉਹ ਅਜਿਹਾ ਨਾ ਕਰਨ, ਕਿਉਂਕਿ ਗੱਠਾਂ ਬਣਾਉਣ ਤੋਂ ਬਾਅਦ ਆਮ ਮਸ਼ੀਨਾਂ ਨਾਲ ਵੀ ਆਸਾਨੀ ਨਾਲ ਬਿਜਾਈ ਹੋ ਸਕਦੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਬਹੁਤ ਸਾਰੀਆਂ ਮਸ਼ੀਨਾਂ ਸਬਸਿਡੀ ਰਾਹੀਂ ਮੁਹੱਈਆ ਕਰਵਾਈਆਂ ਜੀ ਰਹੀਆਂ ਹਨ। ਇਸ ਮੌਕੇ ਐਸ. ਐਸ. ਪੀ., ਭਾਗੀਰਥ ਮੀਨਾ ਨੇ ਕਿਹਾ ਕਿ ਸਮੂਹ ਨੋਡਲ ਅਤੇ ਕਲੱਸਟਰ ਅਫਸਰਾਂ ਨਾਲ ਪੁਲਸ ਅਫਸਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਤਾਂ ਜੋ ਪਰਾਲੀ ਨੂੰ ਲਗਾਈ ਜਾ ਰਹੀ ਅੱਗ ਨੂੰ ਮੌਕੇ 'ਤੇ ਰੋਕਿਆ ਜਾ ਸਕੇ। ਇਸ ਮੌਕੇ ਐਸ.ਡੀ.ਐਮ ਮੁਕਤਸਰ ਸਾਹਿਬ ਕੰਵਰਜੀਤ ਸਿੰਘ, ਐਸ.ਡੀ.ਐਮ ਮਲੋਟ ਸੰਜੀਵ ਕੁਮਾਰ, ਐਸ.ਡੀ.ਐਮ. ਗਿੱਦੜਬਾਹਾ, ਸ੍ਰੀਮਤੀ ਬਲਜੀਤ ਕੌਰ, ਮੁੱਖ ਖੇਤੀਬਾੜੀ ਅਫਸਰ ਗੁਰਪ੍ਰੀਤ ਸਿੰਘ ਤੋਂ ਇਲਾਵਾ ਪੁਲਸ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਸਲਾਣਾ ਪਿੰਡ ਦੇ ਅਧਿਕਾਰਤ ਪੰਚ ਦੀ ਚੋਣ ਨੂੰ ਲੈ ਕੇ ਹੰਗਾਮਾ





**ਅਮਲੋਹ (ਲਖਵੀਰ ਸਿੰਘ )**-ਬਲਾਕ ਅਮਲੋਹ ਦੇ ਪਿੰਡ ਸਲਾਣਾ ਜੀਵਨ ਸਿੰਘ ਵਾਲਾ ਦੇ ਅਧਿਕਾਰਤ ਪੰਚ ਦੀ ਚੋਣ ਨੂੰ ਲੈ ਕੇ ਅੱਜ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਦੇ ਗੇਟ ਅੱਗੇ ਹੋਏ ਕਥਿਤ ਝਗੜੇ ਕਾਰਨ ਜਿਥੇ ਬਲਾਕ ਅਫ਼ਸਰ ਨੇ ਇਹ ਚੋਣ ਮੁਲਤਵੀ ਕਰ ਦਿੱਤੀ ਉਥੇ ਕਾਂਗਰਸ ਪੱਖੀ ਕਈ ਪੰਚਾਂ ਦੀ ਹੋਈ ਕੁੱਟਮਾਰ ਕਾਰਨ ਇਕ ਪੰਚ ਨਿਰਮਲ ਸਿੰਘ ਨੂੰ ਸਿਵਲ ਹਸਪਤਾਲ ਅਮਲੋਹ ਵਿਚ ਦਾਖਲ ਕਰਵਾਇਆ ਗਿਆ।

ਗੁੱਸੇ ਵਿਚ ਆਏ ਕਾਂਗਰਸ ਵਰਕਰਾਂ, ਪੰਚ, ਸਰਪੰਚ ਅਤੇ ਸੰਮਤੀ ਮੈਂਬਰਾਂ ਨੇ ਥਾਣਾ ਅਮਲੋਹ ਅਤੇ ਐਸ.ਡੀ.ਐਮ. ਦਫ਼ਤਰ ਅੱਗੇ ਧਰਨਾ ਦੇ ਕੇ ਸਰਕਾਰ ਅਤੇ ਬਲਾਕ ਅਧਿਕਾਰੀ ਖਿਲਾਫ਼ ਨਾਹਰੇਬਾਜ਼ੀ ਕੀਤੀ। ਪਿੰਡ ਸਲਾਣਾ ਦਾ ਬਲਾਕ ਕਾਂਗਰਸ ਦਾ ਪ੍ਰਧਾਨ ਜਗਵੀਰ ਸਿੰਘ ਸਰਪੰਚ ਸੀ, ਨੂੰ ਅਹੁਦੇ ਤੋਂ ਮੁੱਅਤਲ ਕਰ ਦਿੱਤਾ ਸੀ। ਜਿਸ ਕਾਰਨ ਪੰਚ ਹਰਪ੍ਰੀਤ ਸਿੰਘ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਰਿਟ ਪਟੀਸ਼ਨ ਦਾਇਰ ਕੀਤੀ ਸੀ ਜਿਸ ਵਿਚ ਮਾਨਯੋਗ ਅਦਾਲਤ ਨੇ 17 ਨਵੰਬਰ ਨੂੰ ਵਿਭਾਗ ਨੂੰ ਇਹ ਚੋਣ ਕਰਵਾਉਣ ਦੀ ਹਦਾਇਤ ਕੀਤੀ ਸੀ ਜਿਸ 'ਤੇ ਬਲਾਕ ਅਧਿਕਾਰੀ ਨੇ 20 ਨਵੰਬਰ ਨੂੰ ਪੱਤਰ ਜਾਰੀ ਕਰਕੇ ਇਹ ਚੋਣ 21 ਨਵੰਬਰ ਨੂੰ ਆਪਣੇ ਦਫ਼ਤਰ ਵਿਚ ਸਵੇਰੇ 10 ਵਜੇ ਰੱਖੀ ਸੀ। ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ, ਸੰਮਤੀ ਦੇ ਉਪ ਚੇਅਰਮੈਨ ਬਲਵਿੰਦਰ ਸਿੰਘ ਗੁਰਧਨਪੁਰ, ਮੈਬਰ ਬਿਕਰ ਸਿੰਘ ਦੀਵਾ, ਹਰਚੰਦ ਸਿੰਘ ਸਮਸ਼ਪੁਰ, ਜਗਜੀਤ ਸਿੰਘ ਮਛਰਾਏ ਅਤੇ ਬਲਵੀਰ ਸਿੰਘ ਮਿੰਟੂ, ਖਨਿਆਣ ਦੇ ਸਰਪੰਚ ਦੇ ਪਤੀ ਜਸਵੰਤ ਸਿੰਘ, ਸ਼ਿਵ ਕੁਮਾਰ ਗਰਗ, ਰਕੇਸ਼ ਗੋਗੀ ਅਤੇ ਦਫ਼ਤਰ ਸਕੱਤਰ ਮਨਪ੍ਰੀਤ ਸਿੰਘ ਮਿੰਟਾ ਆਦਿ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਇਸ ਕਾਰਵਾਈ ਦੀ ਸਖਤ ਨਿਖੇਧੀ ਕਰਦਿਆਂ ਦੋਸ਼ ਲਾਇਆ ਕਿ ਇਹ ਸਾਰਾ ਕੁਝ ਰਾਜਸੀ ਸ਼ਹਿ ਉਪਰ ਹੋ ਰਿਹਾ ਹੈ। ਪੰਚ ਹਰਪ੍ਰੀਤ ਸਿੰਘ ਨੇ ਵਿਰੋਧੀਆਂ 'ਤੇ ਜਾਤੀਸੂਚਕ ਸ਼ਬਦ ਵਰਤਣ ਦਾ ਵੀ ਦੋਸ਼ ਲਾਇਆ। ਉਨ੍ਹਾਂ ਔਰਤ ਪੰਚਾਂ ਦੀ ਵੀ ਖਿੱਚ ਧੂਹ ਕਰਨ ਦੇ ਦੋਸ਼ ਲਗਾਏ। ਹਸਪਤਾਲ ਵਿਚ ਦਾਖਲ ਪੰਚ ਨਿਰਮਲ ਸਿੰਘ ਨੇ ਆਪਣੇ ਸਰੀਰ 'ਤੇ ਲੱਗੇ ਸੱਟਾਂ ਦੇ ਨਿਸਾਨ ਵੀ ਦਿਖਾਏ। ਉਨ੍ਹਾਂ ਦੋਸ਼ ਲਾਇਆ ਕਿ ਸੰਮਤੀ ਦੇ ਦਫ਼ਤਰ ਅੱਗੇ ਦੂਸਰੀ ਧਿਰ ਵਲੋਂ ਇਕ ਜਿਪਸੀ ਅਤੇ ਹੋਰ ਵਾਹਨਾਂ ਵਿਚ ਸੋਟੀਆਂ, ਕ੍ਰਿਪਾਨਾਂ ਆਦਿ ਰਖੀਆਂ ਹੋਈਆਂ ਸਨ ਅਤੇ ਪਹਿਲਾਂ ਹੀ ਬਣਾਈ ਸਕੀਮ ਤਹਿਤ ਉਨ੍ਹਾਂ ਉਪਰ ਹਮਲਾ ਕਰਕੇ ਉਨ੍ਹਾਂ ਨੂੰ ਦਫ਼ਤਰ ਜਾਣ ਤੋਂ ਰੋਕਿਆ ਗਿਆ ਅਤੇ ਪੁਲਸ ਤੋਂ ਸੁਰਖਿਆ ਮੰਗਣ ਦੇ ਬਾਵਜੂਦ ਕੋਈ ਸੁਣਵਾਈ ਨਹੀਂ ਹੋਈ। ਬਾਅਦ ਵਿਚ ਧਰਨਾਕਾਰੀਆਂ ਨੇ ਐਸ.ਡੀ.ਐਮ. ਗੁਰਵਿੰਦਰ ਸਿੰਘ ਜੌਹਲ ਨੂੰ ਮੰਗ ਪੱਤਰ ਦਿਤਾ। ਇਸ ਸਬੰਧੀ ਜਦੋਂ ਬਲਾਕ ਅਧਿਕਾਰੀ ਮੋਹਿਤ ਕਲਿਆਨ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਪਿੰਡ ਸਲਾਣਾ ਦੇ 9 ਪੰਚ ਹਨ। ਉਨ੍ਹਾਂ ਅਧਿਕਾਰਤ ਪੰਚ ਦੀ ਚੋਣ ਰੱਖੀ ਗਈ ਸੀ ਲੇਕਿਨ ਕੋਈ ਵੀ ਪੰਚ ਹਾਜ਼ਰ ਨਾ ਹੋਣ ਕਾਰਨ ਚੋਣ ਮੁਲਤਵੀ ਕਰਨੀ ਪਈ। ਕਾਂਗਰਸ ਧਿਰ ਦੇ ਬਹੁਗਿਣਤੀ ਪੰਚਾਂ ਦੀ ਹੋਈ ਕੁਟਮਾਰ ਬਾਰੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਦੀ ਕੋਈ ਜਾਣਕਾਰੀ ਨਹੀਂ। ਐਸ.ਡੀ.ਐਮ. ਜੌਹਲ ਨੇ ਸੰਪਰਕ ਕਰਨ ਤੇ ਦੱਸਿਆ ਕਿ ਧਰਨਾਕਾਰੀਆਂ ਦਾ ਮੰਗ ਪੱਤਰ ਮਿਲਿਆ ਹੈ ਜਿਸ ਬਾਰੇ ਜਾਂਚ ਕੀਤੀ ਜਾਵੇਗੀ।

# ਸਿਰਫ਼ 400 ਰੁਪਏ ਖਰਚ ਕਰਕੇ ਕੀਤੀ ਜਾ ਰਹੀ ਹੈ ਕਣਕ ਦੀ ਬਿਜਾਈ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਬਲਾਕ ਮਲੋਟ ਪਿੰਡ ਕੋਲਿਆਂਵਾਲੀ ਦੇ ਕਿਸਾਨ ਸੁਖਜਿੰਦਰ ਸਿੰਘ ਵੱਲੋਂ ਪਰਾਲੀ ਨੂੰ ਅੱਗ ਨਾ ਲਗਾ ਕੇ ਸਹੀ ਢੰਗ ਨਾਲ ਪ੍ਰਬੰਧਨ ਕਰਕੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਵਿੱਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਸੁਖਜਿੰਦਰ ਸਿੰਘ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਪਿਛਲੇ ਸਾਲ ਉਸ ਵੱਲੋਂ ਡੇਢ ਏਕੜ ਰਕਬੇ ਵਿੱਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਮਲਚਿੰਗ ਤਕਨੀਕ ਨਾਲ ਕਣਕ ਦੀ ਬਿਜਾਈ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਇਸ ਤਕਨੀਕ ਨਾਲ ਉਸ ਨੂੰ ਕਾਫੀ ਫਾਇਦਾ ਹੋਇਆ ਅਤੇ ਇਸ ਸਾਲ ਉਸਨੇ ਇਹ ਰਕਬਾ ਵਧਾ ਕੇ ਛੇ ਏਕੜ ਕਰ ਦਿੱਤਾ ਹੈ। ਕਿਸਾਨ ਨੇ ਦੱਸਿਆ ਕਿ ਘੱਟ ਖਰਚੇ ਨਾਲ ਬਿਜਾਈ ਵੀ ਅਗੇਤੀ ਹੋਈ, ਫਸਲ ਦਾ ਝਾੜ ਵੀ ਦੂਸਰੀ ਫਸਲ ਮੁਕਾਬਲੇ ਵੱਧ ਰਿਹਾ, ਬਾਰਸ਼ ਅਤੇ ਹਨੇਰੀ ਨਾਲ ਫ਼ਸਲ ਡਿੱਗੀ ਵੀ ਨਹੀਂ ਅਤੇ ਨਦੀਨ ਵੀ ਬਹੁਤ ਘੱਟ ਹੋਇਆ। ਕਿਸਾਨ ਨੇ ਦੱਸਿਆ ਕਿ ਇਸ ਕਰਕੇ ਪਰਾਲੀ ਨੂੰ ਅੱਗ ਲਗਾਉਣ ਦੀ ਲੋੜ ਨਹੀਂ, ਇਸ ਤਕਨੀਕ ਨਾਲ ਕਿਸਾਨ ਬਿਜਾਈ ਕਰਨ ਅਤੇ ਪਰਾਲੀ ਨੂੰ ਖੇਤ ਵਿਚ ਹੀ ਰੱਖਣ ਨਾਲ ਜੋ ਗਲ ਕੇ ਰੂੜੀ ਬਣੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੇਗੀ। ਖੇਤੀਬਾੜੀ ਵਿਕਾਸ ਅਫਸਰ, ਅੰਮ੍ਰਿਤਕ੍ਰਿਪਾਲ ਸਿੰਘ ਨੇ ਕਿਹਾ ਕਿ ਇਹ ਤਕਨੀਕ ਕਿਸਾਨਾਂ ਵਿੱਚ ਲੋਕਪ੍ਰਿਯ ਹੋ ਰਹੀ ਹੈ ਅਤੇ ਇਸ ਤਰ੍ਹਾਂ ਸਸਤੇ ਤਰੀਕੇ ਨਾਲ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਮੁੱਖ ਖੇਤੀਬਾੜੀ ਅਫਸਰ ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ ਸਗੋਂ ਇਸ ਤਰ੍ਹਾਂ ਦੇ ਸਸਤੇ ਤਰੀਕੇ ਨਾਲ ਬਿਨਾਂ ਪਰਾਲੀ ਸਾੜੇ ਕਣਕ ਦੀ ਬਿਜਾਈ ਕਰਨ।

# ਭਰਾ ਤੇ ਜੀਜੇ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਭਰਾ ਸਣੇ ਤਿੰਨ ਵਿਅਕਤੀਆਂ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪਿੰਡ ਬੁਰਜ ਵਿਖੇ ਰਹਿੰਦੀ ਆਪਣੀ ਮਾਂ ਨੂੰ ਸਪੇਨ ਤੋਂ ਮਿਲਣ ਆਏ ਵਿਅਕਤੀ ਅਤੇ ਉਸ ਦੇ ਜੀਜੇ ਦੀ ਘੇਰ ਕੇ ਕੁੱਟਮਾਰ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਖੇੜੀ ਨੌਧ ਸਿੰਘ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਸਵੰਤ ਸਿੰਘ ਵਾਸੀ ਪਿੰਡ ਬੁਰਜ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਆਪਣੇ ਭਰਾ ਹਰਬੰਸ ਸਿੰਘ ਨਾਲ ਜ਼ਮੀਨ-ਜਾਇਦਾਦ ਨੂੰ ਲੈ ਕੇ ਕੇਸ ਚੱਲਦਾ ਹੈ ਤੇ ਉਹ ਸਪੇਨ ਤੋਂ ਭਾਰਤ ਆ ਕੇ ਪਿੰਡ ਮਹੇਸ਼ਪੁਰਾ ਵਿਖੇ ਆਪਣੇ ਜੀਜੇ ਗੁਰਜੀਤ ਸਿੰਘ ਕੋਲ ਠਹਿਰਿਆ ਹੋਇਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਆਪਣੇ ਜੀਜੇ ਨਾਲ ਪਿੰਡ ਬੁਰਜ ਵਿਖੇ ਰਹਿ ਰਹੀ ਆਪਣੀ ਮਾਤਾ ਨੂੰ ਮਿਲਣ ਆਇਆ ਸੀ। ਜਿਸ ਨੂੰ ਮਿਲ ਕੇ ਉਹ ਜਦੋਂ ਵਾਪਸ ਜਾ ਰਹੇ ਸਨ ਤਾਂ ਉਸ ਦੇ ਭਰਾ ਹਰਬੰਸ ਸਿੰਘ, ਅਵਤਾਰ ਸਿੰਘ ਅਤੇ ਤਿੰਨ ਹੋਰ ਨਾਮਾਲੂਮ ਵਿਅਕਤੀਆਂ ਨੇ ਉਨ੍ਹਾਂ ਦੀ ਗੱਡੀ ਘੇਰ ਕੇ ਉਨ੍ਹਾਂ ਦੀ ਕੁੱਟਮਾਰ ਕੀਤੀ ਜਿਸ ਕਾਰਨ ਉਸ ਨੂੰ ਅਤੇ ਉਸ ਦੇ ਜੀਜੇ ਗੁਰਜੀਤ ਸਿੰਘ ਨੂੰ ਇਲਾਜ ਲਈ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਦਾਖਲ ਹੋਣਾ ਪਿਆ। ਖੇੜੀ ਨੌਧ ਸਿੰਘ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਹਰਬੰਸ ਸਿੰਘ ਵਾਸੀ ਪਿੰਡ ਬੁਰਜ, ਅਵਤਾਰ ਸਿੰਘ ਵਾਸੀ ਪਿੰਡ ਸੱਖੋਮਾਜਰਾ (ਰੂਪਨਗਰ) ਅਤੇ ਤਿੰਨ ਹੋਰ ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

# ਮਾਛੀਵਾੜਾ ਨਗਰ ਕੌਂਸਲ ਦੀਆਂ ਸਾਰੀਆਂ ਸੀਟਾਂ 'ਤੇ ਸ਼ਾਨਦਾਰ ਜਿੱਤ ਹਾਸਲ ਕਰਾਂਗੇ : ਸੰਨੀ ਦੂਆ

**ਸਮਰਾਲਾ, (ਸੁਰਜੀਤ ਸਿੰਘ)**-ਅੱਜ ਬਲਾਕ ਕਾਂਗਰਸ ਕਮੇਟੀ ਸ਼ਹਿਰੀ ਸਮਰਾਲਾ 31 ਮੈਂਬਰੀ ਦੀ ਮੀਟਿੰਗ ਬਲਾਕ ਪ੍ਰਧਾਨ ਕਾਂਗਰਸ ਕਮੇਟੀ ਸਹਿਰੀ ਸਨੀ ਦੂਆ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਇੰਚਾਰਜ ਕਾਂਗਰਸ ਪਾਰਟੀ ਰੁਪਿੰਦਰ ਸਿੰਘ ਰਾਜਾ ਗਿੱਲ ਪਹੁੰਚੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਮਾਛੀਵਾੜਾ ਸਾਹਿਬ ਦੀ ਚੋਣਾਂ ਦੀ ਵਿਚਾਰ ਚਰਚਾ ਕੀਤੀ ਗਈ ਅਤੇ 31 ਮੈਂਬਰੀ ਕਮੇਟੀ ਦੀਆਂ ਚੋਣਾਂ ਵਿੱਚ ਡਿਊਟੀਆਂ ਲਗਾਈਆਂ ਜਾਣਗੀਆਂ। ਪ੍ਰਧਾਨ ਸਨੀ ਦੂਆ ਨੇ ਕਿਹਾ ਕਿ ਪਾਰਟੀ ਜੋ ਵੀ ਡਿਊਟੀ ਲਾਏਗੀ ਸਾਰੇ ਮੈਂਬਰ ਉਸ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣਗੇ। ਸਮਰਾਲਾ ਸ਼ਹਿਰ ਵਿੱਚ ਵੀ ਬੂਥ ਕਮੇਟੀਆਂ ਬਣਾਈਆਂ ਜਾਣਗੀਆਂ। ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਸੱਤਾਧਾਰੀ ਪਾਰਟੀ ਨੇ ਜੋ ਵਾਅਦੇ ਪੂਰੇ ਨਹੀਂ ਕੀਤੇ ਉਸ ਨੂੰ ਹਰ ਮਹੱਲੇ ਵਿੱਚ ਪਹੁੰਚਾਉਣ ਦੀ ਗੱਲ ਕੀਤੀ ਜਾਵੇਗੀ। ਇਸ ਮੌਕੇ ਹਾਜ਼ਰ ਲੱਖਾ ਰੌਣੀ ਸੀਨੀਅਰ ਕਾਂਗਰਸੀ ਆਗੂ, ਅਮਰਨਾਥ ਤਾਗਰਾ ਵਾਈਸ ਚੇਅਰਮੈਨ ਗਰੇਵੀਐਸ ਸੈਲ, ਪੰਜਾਬ ਕਾਂਗਰਸ, ਗੁਰਮੇਲ ਸਿੰਘ ਪ੍ਰਧਾਨ ਬੀ ਸੀ ਸੈਲ ਸਮਰਾਲਾ, ਜੁਗਲ ਕਿਸ਼ੋਰ ਸਾਹਨੀ ਬੁਲਾਰਾ ਕਾਂਗਰਸ ਸ਼ਹਿਰੀ, ਮੰਗਤ ਰਾਏ ਪ੍ਰਭਾਕਰ ਜਨਰਲ ਸਕੱਤਰ, ਮਿੱਤਰਪਾਲ ਸਿੰਘ ਲਵਲੀ ਸਾਬਕਾ ਪ੍ਰਧਾਨ ਨਗਰ ਕੌਂਸਲ, ਮਨਦੀਪ ਖੁਲਰ ਵਾਈਸ ਪ੍ਰਧਾਨ ਜ਼ਿਲਾ ਕਾਂਗਰਸ, ਅਮਰਜੀਤ ਮਿਗਲਾਨੀ ਵਾਈਸ ਪ੍ਰਧਾਨ ਕਾਂਗਰਸ ਸ਼ਹਿਰੀ, ਇਕਬਾਲ ਸਿੰਘ ਵਾਈਸ ਪ੍ਰਧਾਨ, ਵਿਸ਼ਾਲ ਭਾਰਤੀ ਯੂਥ ਆਗੂ, ਪ੍ਰੇਮ ਨਾਥ ਦਾਨਾ ਸੀਨੀਅਰ ਵਾਈਸ ਪ੍ਰਧਾਨ ਕਾਂਗਰਸ ਸ਼ਹਿਰੀ, ਨਵਰੂਪ ਧਾਲੀਵਾਲ ਮੀਤ ਪ੍ਰਧਾਨ ਕਾਂਗਰਸ ਸ਼ਹਿਰੀ, ਸੁਮਿੰਦਰ ਸਿੰਘ, ਸੁਸ਼ੀਲ ਕੁਮਾਰ, ਕੁਲਵਿੰਦਰ ਸਿੰਘ ਭੋਲੂ, ਰਵੀ ਸ਼ੰਕਰ ਕਲਿਆਣ, ਆਸ਼ੂ ਵਰਮਾ, ਰਾਮ ਜੀ ਦਾਸ ਮੱਟੂ, ਪਰਵਿੰਦਰ ਸਿੰਘ, ਹਰਚੰਦ ਸਿੰਘ ਪੀਏ, ਗੁਰਮੁਖ ਸਿੰਘ ਹਾਜ਼ਰ ਸਨ।

# ਕਿਸਾਨ ਗਾਵਾ ਸਿੰਘ ਤੇ ਮੈਂਗਲ ਸਿੰਘ ਨੇ 6-7 ਸਾਲਾਂ ਤੋਂ ਨਹੀਂ ਲਗਾਈ ਪਰਾਲੀ ਨੂੰ ਅੱਗ



**ਸੰਗਤ ਮੰਡੀ (ਰਾਜਦੀਪ ਜੋਸ਼ੀ)**-ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਜ਼ਮੀਨ ਅੰਦਰਲੇ ਕੁਦਰਤੀ ਤੱਤਾਂ ਨੂੰ ਬਚਾਉਣ ਲਈ ਪਰਾਲੀ ਦੀ ਸਾਂਭ-ਸੰਭਾਲ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਕੁਦਰਤੀ ਤੱਤਾਂ ਦਾ ਖਾਤਮਾ ਹੁੰਦਾ ਹੈ ਉੱਥੇ ਵਾਤਾਵਰਣ ਵੀ ਗੰਧਲਾ ਹੁੰਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਝੋਨੇ ਪਰਾਲੀ ਤੇ ਰਹਿੰਦ-ਖੂੰਹਦ ਸਾੜਨ ਉਪਰੰਤ ਨਿਕਲੇ ਗੰਦੇ ਧੂੰਦੇ ਦੇ ਕਾਰਨ ਮਨੁੱਖੀ ਸਿਹਤ, ਪਸ਼ੂਆਂ, ਜਾਨਵਰਾਂ ਅਤੇ ਜੀਵ ਜੰਤੂਆਂ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਜ਼ਿਲ੍ਹੇ ਦੇ ਕਈ ਅਗਾਂਹਵਧੂ ਕਿਸਾਨ ਪਰਾਲੀ ਨੂੰ ਅੱਗ ਲਗਾਏ ਬਗੈਰ ਵੀ ਕਣਕ ਦੀ ਬਿਜਾਈ ਕਰ ਰਹੇ ਹਨ, ਅਜਿਹੇ ਕਿਸਾਨਾਂ ਵਿਚੋਂ ਇੱਕ ਹੈ ਪਿੰਡ ਜ਼ਿਲ੍ਹੇ ਦੇ ਪਿੰਡ ਬੁਰਜ ਮਹਿਮਾ ਵਿਖੇ ਅਗਾਂਹਵਧੂ ਕਿਸਾਨ ਗਾਵਾ ਸਿੰਘ ਤੇ ਮੈਂਗਲ ਸਿੰਘ ਜੋ ਹੋਰਨਾਂ ਕਿਸਾਨਾਂ ਲਈ ਵੀ ਚਾਨਣ ਮੁਨਾਰਾ ਬਣ ਰਹੇ ਹਨ। ਜ਼ਿਲ੍ਹੇ ਦੇ ਪਿੰਡ ਬੁਰਜ ਮਹਿਮਾ ਦੇ ਅਗਾਂਹਵਧੂ ਕਿਸਾਨ ਗਾਵਾ ਸਿੰਘ ਅਤੇ ਮੈਂਗਲ ਸਿੰਘ ਨੇ ਦੱਸਿਆ ਕਿ ਉਹ 50 ਕਿੱਲਿਆਂ ਦੀ ਪਰਾਲੀ ਨੂੰ ਪਿਛਲੇ 6-7 ਸਾਲਾਂ ਤੋਂ ਖੇਤ ਵਿੱਚ ਹੀ ਵਾਹ ਕੇ ਸੁਚੱਜਾ ਪਰਾਲੀ ਪ੍ਰਬੰਧ ਕਰਦੇ ਹਨ। ਉਹ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਆਪਣੇ ਪਿੰਡ ਦੇ ਹੋਰਨਾਂ ਕਿਸਾਨਾਂ ਨੂੰ ਵੀ ਉਤਸ਼ਾਹਿਤ ਕਰਦੇ ਰਹਿੰਦੇ ਹਨ ਕਿ ਉਹ ਪਰਾਲੀ ਨੂੰ ਜਲਾਉਣ ਦੀ ਥਾਂ ਆਧੁਨਿਕ ਤਕਨੀਕਾਂ ਨਾਲ ਕਣਕ ਦੀ ਬਿਜਾਈ ਕਰਨ। ਕਿਸਾਨ ਗਾਵਾ ਸਿੰਘ ਅਤੇ ਮੈਂਗਲ ਸਿੰਘ ਦਾ ਕਹਿਣਾ ਹੈ ਕਿ ਦੂਸਰੇ ਕਿਸਾਨਾਂ ਨੂੰ ਵੀ ਪਰਾਲੀ ਦਾ ਨਿਪਟਾਰਾ ਖੇਤੀ ਮਾਹਰਾਂ ਦੀ ਸਲਾਹ ਅਨੁਸਾਰ ਕਰਨਾ ਚਾਹੀਦਾ ਹੈ। ਇਸ ਮੌਕੇ ਕਲਾਸਟਰ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਐਸਡੀਓ ਜਗਦੀਪ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਦੂਸਰੇ ਕਿਸਾਨਾਂ ਨੂੰ ਵੀ ਵਾਤਾਵਰਨ ਪ੍ਰੇਮੀ ਕਿਸਾਨ ਗਾਵਾ ਸਿੰਘ ਅਤੇ ਮੈਂਗਲ ਸਿੰਘ ਤੋਂ ਸੇਧ ਲੈਣ ਦੀ ਲੋੜ ਹੈ। ਇਸ ਤਰ੍ਹਾਂ ਕਣਕ ਦੀ ਬਿਜਾਈ ਕਰਨ ਨਾਲ ਪਰਾਲੀ ਤੇ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਪੁਖਤਾ ਪ੍ਰਬੰਧਨ ਆਧੁਨਿਕ ਮਸ਼ੀਨਰੀ ਨਾਲ ਕਰਨ।

# ਦੁਤਾਲ 'ਚ ਲਗਾਇਆ ਖੂਨਦਾਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਾਤੜਾਂ ਟਰਾਂਸਮਿਸ਼ਨ ਕੰਪਨੀ ਲਿਮਟਿਡ ਪਾਤੜਾਂ ਵੱਲੋਂ ਸ੍ਰੀ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਪਿੰਡ ਦੁਤਾਲ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 57 ਮਰਦ ਔਰਤਾਂ ਵੱਲੋਂ ਖੂਨਦਾਨ ਕੀਤਾ ਗਿਆ। ਕੈਂਪ ਦਾ ਉਦਘਾਟਨ ਪੀ ਟੀ ਸੀ ਐਲ ਏ ਦੇ ਰੀਜਨਲ ਮੈਨੇਜਰ ਪ੍ਰਯਾਸ ਗੁਪਤਾ ਵੱਲੋਂ ਕੀਤਾ ਗਿਆ।

ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਪ੍ਰਧਾਨ ਹਰਜਿੰਦਰ ਸਿੰਘ ਬਿੱਟਾ ਨੇ ਦੱਸਿਆ ਕਿ ਇਲਾਜ ਪੱਖੋਂ ਪਛੜੇ ਹੋਏ ਪਿੰਡਾਂ ਦੇ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਲਈ ਵਿੱਢੀ ਗਈ ਮੁਹਿੰਮ ਤਹਿਤ ਪਿੰਡ ਦੁਤਾਲ ਵਿੱਚ ਪਹਿਲਾ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ ਹੈ, ਜਿਸ ਅਧੀਨ ਖੂਨਦਾਨ ਕੈਂਪ ਦਾ ਵੀ ਆਯੋਜਨ ਕੀਤਾ ਗਿਆ ਹੈ, ਜਿਸ ਵਿੱਚ 57 ਦੇ ਕਰੀਬ ਮਰਦ ਅਤੇ ਔਰਤਾਂ ਵੱਲੋਂ ਪੂਰੇ ਉਤਸ਼ਾਹ ਨਾਲ ਖੂਨਦਾਨ ਕੀਤਾ ਗਿਆ ਹੈ । ਇਸ ਮੌਕੇ ਮੈਨੇਜਰ ਪ੍ਰਯਾਸ ਗੁਪਤਾ ਨੇ ਸ੍ਰੀ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਸਮੂਹ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਪੀ ਟੀ ਸੀ ਐਲ ਭਵਿੱਖ ਵਿੱਚ ਹੋਰ ਵੀ ਅਜਿਹੇ ਕੈਂਪਾਂ ਦਾ ਆਯੋਜਨ ਕਰਦੀ ਰਹੇਗੀ। ਇਸ ਮੌਕੇ ਪੀ ਐਚ ਸੀ ਸ਼ੁਤਰਾਣਾ ਤੋਂ ਹੈਲਥ ਸੁਪਰਵਾਈਜ਼ਰ ਮਹਿੰਦਰ ਪਾਲ ਲੂੰਬਾ ਨੇ ਹਾਜ਼ਰ ਲੋਕਾਂ ਨੂੰ ਖੂਨਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਤੋਂ 65 ਸਾਲ ਦੀ ਉਮਰ ਦਾ ਹਰ ਤੰਦਰੁਸਤ ਵਿਅਕਤੀ ਜਿਸ ਦਾ ਭਾਰ 45 ਕਿਲੋ ਤੋਂ ਉਪਰ ਹੈ, ਹਰ ਤਿੰਨ ਮਹੀਨਿਆਂ ਬਾਅਦ ਖੂਨਦਾਨ ਕਰ ਸਕਦਾ ਹੈ। ਇਸ ਨਾਲ ਸਰੀਰ ਵਿਚ ਕੋਈ ਕਮਜ਼ੋਰੀ ਨਹੀਂ ਆਉਂਦੀ ਬਲਕਿ ਸਰੀਰ ਪਹਿਲਾਂ ਨਾਲੋਂ ਵੀ ਵੱਧ ਚੁਸਤ ਦਰੁਸਤ ਅਤੇ ਤੰਦਰੁਸਤ ਰਹਿੰਦਾ ਹੈ। ਇਸ ਮੌਕੇ ਸ੍ਰੀ ਵਿਸ਼ਵਕਰਮਾ ਜੀ ਬਲੱਡ ਡੋਨਰਜ਼ ਕਲੱਬ ਪਾਤੜਾਂ ਦੇ ਪ੍ਰਧਾਨ ਹਰਜਿੰਦਰ ਸਿੰਘ ਬਿੱਟਾ ਨੇ ਕੈਂਪ ਨੂੰ ਸਫਲ ਬਨਾਉਣ ਲਈ ਸਮੂਹ ਖੂਨਦਾਨੀ ਵੀਰਾਂ ਭੈਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਉਕਤ ਤੋਂ ਇਲਾਵਾ ਇੰਡੀ ਗਰਿੱਡ ਟਰੱਸਟ ਮੈਂਬਰ ਪੀ ਸ਼ਕਤੀਵੈਲ, ਇੰਜ: ਗੁਰਵਿੰਦਰ ਸਿੰਘ, ਇੰਜ: ਐਸ ਮੁਖਰਜੀ, ਮੰਡੀ ਬੋਰਡ ਦੇ ਚੀਫ ਅਪਰੇਟਿੰਗ ਅਫਸਰ ਪਰਮਜੀਤ ਸਿੰਘ ਮਨੇਸ਼, ਕਲੱਬ ਦੇ ਸਰਪ੍ਰਸਤ ਹਰਦੀਪ ਸਿੰਘ ਸੋਹਲ, ਸੁਰਜੀਤ ਸਿੰਘ ਹੰਜਰਾਂ, ਬੰਤ ਸਿੰਘ ਬਾਹੜੇ, ਪ੍ਰਧਾਨ ਅਮਰੀਕ ਸਿੰਘ ਠੇਕੇਦਾਰ, ਬਲਕਾਰ ਸਿੰਘ ਭੁੱਲਰ, ਸੁਖਪਾਲ ਸਿੰਘ ਪਾਲ ਐਮ ਸੀ, ਡਾ. ਰਣਧੀਰ ਸਿੰਘ ਚੌਹਾਨ ਸਮੇਤ ਟੀਮ, ਨਵੀਨ ਧੀਮਾਨ, ਗੁਰਮੀਤ ਸਿੰਘ ਰੱਲਣ, ਗੁਰਜੰਟ ਸਿੰਘ ਮਾਨਸਾ, ਬਲਵਿੰਦਰ ਸਿੰਘ, ਗੁਰਧਿਆਨ ਸਿੰਘ ਬੰਟੀ, ਲਾਡੀ ਸਿੰਘ, ਵਿੱਕੀ, ਜਗਤਾਰ ਸਿੰਘ ਜੱਗ, ਜੱਗੀ ਸਰੀਏਵਾਲਾ, ਨਾਹਰ ਸਿੰਘ, ਦੇਸ ਰਾਜ ਨੰਬਰਦਾਰ, ਪ੍ਰਿੰਸੀਪਲ ਸਿਲਕੀ ਰਾਣੀ ਆਦਿ ਹਾਜ਼ਰ ਸਨ।

# ਕੌਮਾਂਤਰੀ ਮੱਛੀ ਦਿਵਸ ਮੌਕੇ ਈਨਾ ਖੇੜਾ ਵਿਖੇ ਰਾਜ ਪੱਧਰੀ ਸਮਾਗਮ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ ਦੇ ਮੱਛੀ ਪਾਲਣ ਵਿਭਾਗ ਵੱਲੋਂ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਪ੍ਰਦਰਸ਼ਨੀ ਫਾਰਮ ਕਮ ਟ੍ਰੇਨਿੰਗ ਸੈਂਟਰ ਈਨਾ ਖੇੜਾ ਵਿਖੇ ਰਾਜ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਅਮਿਤ ਸਿੰਘ ਖੁੱਡੀਆਂ ਅਤੇ ਮਲੋਟ ਦੇ ਐਸ ਡੀ ਐਮ ਸੰਜੀਵ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਉਥੇ ਹੀ ਮੱਛੀ ਪਾਲਣ ਵਿਭਾਗ ਦੇ ਚੰਡੀਗੜ੍ਹ ਦਫ਼ਤਰ ਤੋਂ ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਨੇ ਵੀ ਇਸ ਸਮਾਗਮ ਵਿਚ ਭਾਗ ਲਿਆ। ਇਸ ਮੌਕੇ ਖੁੱਡੀਆਂ ਨੇ ਕਿਹਾ ਕਿ ਮੱਛੀ ਪਾਲਣ ਅਤੇ ਝੀਂਗਾ ਪਾਲਣ ਕਿੱਤੇ ਨਾਲ ਜੁੜੇ ਕਿਸਾਨਾਂ ਦੀਆਂ ਮੁਸ਼ਕਲਾਂ ਸਰਕਾਰ ਦੇ ਪੱਧਰ 'ਤੇ ਉਠਾ ਕੇ ਇਨ੍ਹਾਂ ਦਾ ਹੱਲ ਕਰਵਾਇਆ ਜਾਵੇਗਾ ਤਾਂ ਜੋ ਇਸ ਕਿੱਤੇ ਨੂੰ ਹੋਰ ਪ੍ਰਫੁੱਲਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮੰਗ ਅਨੁਸਾਰ ਝੀਂਗੇ ਦੇ ਪੂੰਗ ਦੀ ਗਿਣਤੀ ਕਰਨ ਵਾਲੀ ਮਸ਼ੀਨ ਵੀ ਇੱਥੇ ਉਪਲਬਧ ਕਰਵਾਈ ਜਾਵੇਗੀ।

ਉਨ੍ਹਾਂ ਨੇ ਕਿਹਾ ਕਿ ਇਸ ਕਿੱਤੇ ਨੂੰ ਹੋਰ ਪ੍ਰਫੁਲਿਤ ਕਰਨ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ। ਐਸ ਡੀ ਐਮ ਸੰਜੀਵ ਕੁਮਾਰ ਨੇ ਕਿਹਾ ਕਿ ਪ੍ਰਸ਼ਾਸਨਿਕ ਪੱਧਰ 'ਤੇ ਝੀਂਗਾ ਪਾਲਕਾਂ ਅਤੇ ਮੱਛੀ ਪਾਲਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਨੇ ਇਸ ਕਿੱਤੇ ਵਿਚ ਔਰਤਾਂ ਦੀ ਸਰਗਰਮ ਭਾਗੀਦਾਰੀ ਦੀ ਵੀ ਸ਼ਲਾਘਾ ਕੀਤੀ। ਮੱਛੀ ਪਾਲਣ ਵਿਭਾਗ ਦੇ ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ 42 ਹਜ਼ਾਰ ਏਕੜ ਵਿਚ ਮੱਛੀ ਪਾਲਣ ਕੀਤਾ ਜਾ ਰਿਹਾ ਹੈ ਅਤੇ 1,84,646 ਟਨ ਮੱਛੀ ਉਤਪਾਦਨ ਹੋ ਰਿਹਾ ਹੈ ਜਦਕਿ 1200 ਏਕੜ ਵਿਚ ਝੀਂਗਾ ਪਾਲਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦੱਖਣੀ ਪੱਛਮੀ ਪੰਜਾਬ ਜਿੱਥੇ ਧਰਤੀ ਹੇਠਲਾ ਪਾਣੀ ਖਾਰਾ ਹੈ ਉਥੇ ਦੇ ਕਿਸਾਨਾਂ ਲਈ ਝੀਂਗਾ ਪਾਲਣ ਵਰਦਾਨ ਸਾਬਤ ਹੋ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਇੱਥੇ ਸਰਕਾਰ ਵਲੋਂ ਕਿਸਾਨਾਂ ਨੂੰ ਮੱਛੀ ਪਾਲਣ ਦੀ ਸਿਖਲਾਈ ਅਤੇ ਲੈਬ ਦੀ ਸਹੂਲਤ ਵੀ ਈਨਾ ਖੇੜਾ ਵਿਖੇ ਦਿੱਤੀ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਲਈ ਹੁਣ ਤੱਕ 21.70 ਕਰੋੜ ਰੁਪਏ ਦੀ ਸਬਸਿਡੀ ਦਿੱਤੀ ਜਾ ਚੁੱਕੀ ਹੈ। ਇਸ ਸਮਾਗਮ ਵਿਚ ਦੱਖਣੀ ਤੇ ਪੱਛਮੀ ਇਲਾਕੇ ਦੇ ਪੰਜ ਜ਼ਿਲ੍ਹਿਆਂ ਦੇ ਕਿਸਾਨਾਂ ਨੇ ਸ਼ਿਰਕਤ ਕੀਤੀ। ਜ਼ਿਲ੍ਹੇ ਦੇ ਸਹਾਇਕ ਡਾਇਰੈਕਟਰ ਮੱਛੀ ਪਾਲਣ ਕੇਵਲ ਕ੍ਰਿਸ਼ਨ ਨੇ ਸਭ ਨੂੰ ਜੀ ਆਇਆਂ ਨੂੰ ਆਖਿਆ ਅਤੇ ਵਿਭਾਗ ਦੀਆਂ ਸਕੀਮਾਂ ਦੀ ਜਾਣਕਾਰੀ ਦੇਣ ਦੇ ਨਾਲ ਨਾਲ ਕਿਸਾਨਾਂ ਨੂੰ ਝੀਂਗੇ ਮੱਛੀ ਪਾਲਣ ਲਈ ਵੀ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਸੀਨੀਅਰ ਮੱਛੀ ਪਾਲਣ ਅਫ਼ਸਰ ਬਠਿੰਡਾ ਦੀਪਨਜੋਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਮੱਛੀ ਪਾਲਣ ਤੇ ਝੀਂਗਾ ਪਾਲਣ ਲਈ 40 ਤੋਂ 60 ਫੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ। ਇਸ ਤੋਂ ਬਿਨਾਂ ਮੱਛੀਆਂ ਦੇ ਮੰਡੀਕਰਨ, ਭੰਡਾਰਨ ਅਤੇ ਫੀਡ ਨਾਲ ਸਬੰਧਤ ਯੂਨਿਟਾਂ ਤੇ ਵੀ ਸਬਸਿਡੀ ਦਿੱਤੀ ਜਾ ਰਹੀ ਹੈ। ਇਸ ਮੌਕੇ ਝੀਂਗਾ ਪਾਲਕ ਐਸੋਸੀਏਸ਼ਨ ਦੇ ਪ੍ਰਧਾਨ ਸਰੂਪ ਸਿੰਘ ਨੇ ਵੀ ਸੰਬੋਧਨ ਕੀਤਾ। ਮੰਚ ਸੰਚਾਲਨ ਪ੍ਰਭਦਿਆਲ ਸਿੰਘ ਮੱਛੀ ਪਾਲਣ ਅਫ਼ਸਰ ਮਾਨਸਾ ਨੇ ਵੀ ਸੰਬੋਧਨ ਕੀਤਾ। ਸਫਲ ਕਿਸਾਨ ਮਨਜਿੰਦਰ ਸਿੰਘ, ਹਰਪਿੰਦਰ ਕੌਰ, ਫਤਿਹ ਸਿੰਘ ਨੇ ਵੀ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਮੱਛੀ ਅਫਸਰ ਕੋਕਮ ਕੌਰ ਫਾਜਿਜ਼ਲਕਾ, ਪ੍ਰਭਜੋਤ ਕੌਰ ਮੱਛੀ ਅਫਸਰ ਸ੍ਰੀ ਮੁਕਤਸਰ ਸਾਹਿਬ ਵੀ ਹਾਜ਼ਰ ਸਨ।

# ਉਜਾਗਰ ਸਿੰਘ ਚਹਿਲਾਂ ਬੀ ਕੇ ਯੂ (ਕਾਦੀਆਂ) ਦੇ ਬਲਾਕ ਪ੍ਰਧਾਨ ਬਣੇ



**ਸਮਰਾਲਾ, (ਸੁਰਜੀਤ ਸਿੰਘ)**-ਕਿਸਾਨ ਯੂਨੀਅਨ (ਕਾਦੀਆਂ) ਦੀ ਇੱਕ ਮੀਟਿੰਗ ਪਿੰਡ ਬੌਂਦਲੀ ਦੇ ਗੁਰਦੁਆਰਾ ਸਾਹਿਬ ਵਿਖੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਬਲਾਕ ਸਮਰਾਲਾ ਵਿੱਚ ਯੂਨੀਅਨ ਦੀ ਕਾਰਗੁਜ਼ਾਰੀ ਸਬੰਧੀ ਅਤੇ ਕਿਸਾਨੀ ਮਸਲਿਆਂ ਸਬੰਧੀ ਗੱਲਬਾਤ ਕੀਤੀ ਗਈ। ਇਸ ਉਪਰੰਤ ਬਲਾਕ ਸਮਰਾਲਾ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਜਿਸ ਵਿੱਚ ਸਰਬਸੰਮਤੀ ਨਾਲ ਉਜਾਗਰ ਸਿੰਘ ਚਹਿਲਾਂ ਨੂੰ ਬਲਾਕ ਸਮਰਾਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਹੋਰ ਅਹੁਦੇਦਾਰਾਂ ਵਿੱਚ ਸਤਵੀਰ ਸਿੰਘ ਸੀਨੀ: ਮੀਤ ਪ੍ਰਧਾਨ, ਬਹਾਦਰ ਸਿੰਘ ਸੀਨੀ: ਮੀਤ ਪ੍ਰਧਾਨ, ਬਲਵਿੰਦਰ ਸਿੰਘ ਮੁਸ਼ਕਾਬਾਦ ਮੀਤ ਪ੍ਰਧਾਨ, ਮਨਪ੍ਰੀਤ ਸਿੰਘ ਰੋਹਲੇ ਸਕੱਤਰ, ਨਵਦੀਪ ਸਿੰਘ ਗੋਲਡੀ ਬੌਂਦਲੀ ਮੀਤ ਪ੍ਰਧਾਨ ਨਿਯੁਕਤ ਕੀਤੇ ਗਏ ਹਨ। ਇਸ ਤੋਂ ਇਲਾਵਾ ਨਵਰੋਜ਼ ਸਿੰਘ ਉਟਾਲਾਂ ਨੂੰ ਜ਼ਿਲ੍ਹਾ ਲੁਧਿਆਣਾ ਦਾ ਸਕੱਤਰ ਲਗਾਇਆ ਗਿਆ। ਇਨ੍ਹਾਂ ਸਾਰੇ ਚੁਣੇ ਅਹੁਦੇਦਾਰਾਂ ਨੂੰ ਸਾਰਿਆਂ ਨੇ ਸਰਬਸੰਮਤੀ ਨਾਲ ਪ੍ਰਵਾਨਗੀ ਦੇ ਦਿੱਤੀ। ਇਸ ਉਪਰੰਤ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਨੇ ਆਪਣੇ ਸੰਬੋਧਨ ਵਿੱਚ ਸੰਯੁਕਤ ਕਿਸਾਨ ਮੋਰਚੇ ਦੁਆਰਾ ਦਿੱਤੇ ਸੱਦੇ ਅਨੁਸਾਰ ਪੂਰੇ ਭਾਰਤ ਵਿੱਚ ਹਰੇਕ ਰਾਜ ਦੀ ਰਾਜਧਾਨੀ ਵਿੱਚ 26, 27 ਅਤੇ 28 ਨਵੰਬਰ ਨੂੰ ਕਿਸਾਨ ਰੋਸ ਪ੍ਰਦਰਸ਼ਨ ਕਰਨਗੇ। ਇਸੇ ਸੰਦਰਭ ਵਿੱਚ ਪੂਰੇ ਪੰਜਾਬ ਵਿੱਚੋਂ ਕਿਸਾਨ ਚੰਡੀਗੜ੍ਹ ਵਿਖੇ ਤਿੰਨ ਦਿਨ ਧਰਨਾ ਦੇਣਗੇ। ਪੂਰੇ ਪੰਜਾਬ ਵਿੱਚੋਂ ਬੀ. ਕੇ. ਯੂ. (ਕਾਦੀਆਂ) ਦੇ ਸਮੂਹ ਅਹੁਦੇਦਾਰਾਂ ਅਤੇ ਵਰਕਰ ਸ਼ਿਰਕਤ ਕਰਨਗੇ। ਜ਼ਿਲ੍ਹਾ ਲੁਧਿਆਣਾ ਦੇ ਬਲਾਕ ਸਮਰਾਲਾ, ਖੰਨਾ, ਦੋਰਾਹਾ, ਮਾਛੀਵਾੜਾ, ਗਿੱਲ, ਸਾਹਨੇਵਾਲ, ਮਾਂਗਟ, ਕੂੰਮਕਲਾਂ ਅਤੇ ਡੇਹਲੋਂ ਤੋਂ ਬੀ. ਕੇ. ਯੂ.(ਕਾਦੀਆਂ) ਦੇ ਵਰਕਰ ਵੱਡੀ ਗਿਣਤੀ ਵਿੱਚ ਆਪੋ ਆਪਣੀਆਂ ਟਰੈਕਟਰ ਟਰਾਲੀਆਂ ਨਾਲ ਚੰਡੀਗੜ੍ਹ ਧਰਨੇ ਵਿੱਚ ਸ਼ਮੂਲੀਅਤ ਕਰਨਗੇ। ਕਿਸਾਨਾਂ ਦੀਆਂ ਪ੍ਰਮੁੱਖ ਮੰਗਾਂ ਜਿਨ੍ਹਾਂ ਵਿੱਚ ਪਰਾਲੀ ਸਾੜਨ ਦਾ ਮਸਲਾ ਹੱਲ ਨਾ ਕਰਨਾ, ਗੰਨੇ ਦਾ ਰੇਟ 500 ਰੁਪਏ ਕਰਨ, ਪਰਾਲੀ ਸਾੜਨ ਵਾਲੇ ਕਿਸਾਨਾਂ ਨੂੰ ਜੁਰਮਾਨੇ ਜਾਂ ਪਰਚੇ ਦਰਜ ਕੀਤੇ ਹਨ, ਉਨ੍ਹਾਂ ਰੱਦ ਕਰਨ ਸਬੰਧੀ, ਐਸ. ਵਾਈ. ਐਲ. ਨਹਿਰ ਦਾ ਮੁੱਦਾ, ਲਖੀਮਪੁਰ ਖੀਰੀ ਕਾਂਡ ਤੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਬਾਰੇ, ਪਰਾਲੀ ਸਾੜਨ ਦਾ ਮਸਲਾ ਹੱਲ ਕਰਨ ਸਬੰਧੀ, ਕਿਸਾਨ ਮੋਰਚੇ ਦੌਰਾਨ ਕਿਸਾਨਾਂ ਵਿਰੁੱਧ ਦਰਜ ਕੀਤੇ ਕੇਸ ਖਾਰਜ ਕਰਨ ਸਬੰਧੀ, 60 ਸਾਲ ਦੀ ਉਮਰ ਉਪਰੰਤ ਕਿਸਾਨਾਂ ਨੂੰ ਪੈਨਸ਼ਨ ਲਗਾਉਣ ਸਬੰਧੀ ਮਸਲੇ ਹੱਲ ਕੀਤੇ ਜਾਣ। ਉਨ੍ਹਾਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਜੇਕਰ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਇਸ ਤਿੰਨ ਦਿਨਾਂ ਧਰਨੇ ਦੌਰਾਨ ਕੋਈ ਮਸਲਾ ਹੱਲ ਨਾ ਕੀਤਾ, ਕਿਸਾਨ ਪੱਕਾ ਮੋਰਚਾ ਲਗਾਉਣ ਤੋਂ ਵੀ ਗੁਰੇਜ਼ ਨਹੀਂ ਕਰਨਗੇ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸੁਖਵਿੰਦਰ ਸਿੰਘ ਜ਼ਿਲ੍ਹਾ ਖਜ਼ਾਨਚੀ, ਮਨਪ੍ਰੀਤ ਸਿੰਘ ਘੁਲਾਲ ਜ਼ਿਲ੍ਹਾ ਜਨਰਲ ਸਕੱਤਰ, ਹਰਪ੍ਰੀਤ ਸਿੰਘ ਸੀਨੀ: ਮੀਤ ਪ੍ਰਧਾਨ ਜ਼ਿਲ੍ਹਾ ਲੁਧਿਆਣਾ, ਗੁਰਜੀਤ ਸਿੰਘ ਜ਼ਿਲ੍ਹਾ ਸਕੱਤਰ, ਕੁਲਦੀਪ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਨਛੱਤਰ ਸਿੰਘ ਬੌਂਦਲੀ, ਅਮਰੀਕ ਸਿੰਘ ਮੁਸ਼ਕਾਬਾਦ, ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਨ ਮਾਛੀਵਾੜਾ, ਰਜਿੰਦਰ ਸਿੰਘ ਬਾਲਿਓਂ, ਮੱਘਰ ਸਿੰਘ ਘੁੰਗਰਾਲੀ, ਨੇਤਰ ਸਿੰਘ ਉਟਾਲਾਂ ਇਕਾਈ ਪ੍ਰਧਾਨ, ਕਰਮਜੀਤ ਸਿੰਘ ਬੌਂਦਲੀ, ਜੋਧ ਸਿੰਘ, ਬਲਦੇਵ ਸਿੰਘ, ਜਸਪ੍ਰੀਤ ਸਿੰਘ ਇਕਾਈ ਪ੍ਰਧਾਨ, ਅਮਨਦੀਪ ਸਿੰਘ, ਜਗਜੀਤ ਸਿੰਘ ਸਹਿਜੋ ਮਾਜਰਾ ਸਰਕਲ ਪ੍ਰਧਾਨ, ਹਰਪ੍ਰੀਤ ਸਿੰਘ ਇਕਾਈ ਪ੍ਰਧਾਨ ਕੋਟਲਾ, ਮੇਵਾ ਸਿੰਘ ਬੌਂਦਲੀ ਆਦਿ ਹਾਜ਼ਰ ਸਨ।

# ਪ ਸ ਸ ਫ ਵੱਲੋਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸ ਯੂਨੀਅਨ ਦੀ ਹੜਤਾਲ ਦਾ ਪੂਰਨ ਸਮਰਥਨ

**ਜਲੰਧਰ, (ਰਾਜੇਸ਼ ਥਾਪਾ)**

ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਸਿੰਘ ਬੀਹਲਾ, ਸੁਖਵਿੰਦਰ ਚਾਹਲ, ਮੱਖਣ ਸਿੰਘ ਵਾਹਿਦਪੁਰੀ, ਹਰਮਨਪ੍ਰੀਤ ਕੌਰ ਗਿੱਲ ਅਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਇੱਕ ਸਾਂਝੇ ਬਿਆਨ ਰਾਹੀ ਕਿਹਾ ਹੈ ਕਿ ਜੱਥੇਬੰਦੀ ਵਲੋਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵਲੋਂ ਕੀਤੀ ਜਾ ਰਹੀ ਕਲਮ ਛੋੜ/ ਕੰਪਿਊਟਰ ਬੰਦ ਹੜਤਾਲ ਦਾ ਪੂਰਨ ਤੌਰ ਤੇ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਡਿੱਠਾ ਹੀ ਕੀਤਾ ਜਾ ਰਿਹਾ ਹੈ ਅਤੇ ਮੁਲਾਜ਼ਮ ਵਿਰੋਧੀ ਫੈਸਲੇ ਬੜੀ ਤੇਜ਼ੀ ਨਾਲ ਲਾਗੂ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਵਲੋਂ ਜੱਥੇਬੰਦੀਆਂ ਨੂੰ ਮੀਟਿੰਗ ਦਾ ਸਮਾਂ ਤੱਕ ਨਹੀਂ ਦਿੱਤਾ ਜਾ ਰਿਹਾ ਅਤੇ ਝੂਠੇ ਪ੍ਰਚਾਰ ਰਾਹੀਂ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਹੈ। ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਪੱਕਾ ਕਰਨ ਅਤੇ ਮਾਣ ਭੱਤਾ/ ਇੰਨਸੈਨਟਿਵ ਤੇ ਕੰਮ ਕਰਦੇ ਕਰਮਚਾਰੀਆਂ ਦੀਆਂ ਉਜਰਤਾਂ ਵਿੱਚ ਵਾਧਾ ਕਰਨ ਦੀ ਥਾਂ ਪੰਜਾਬ ਦੇ ਲੋਕਾਂ ਦੇ ਕਰੋੜਾਂ ਰੁਪਏ ਝੂਠੇ ਪ੍ਰਚਾਰ ਤੇ ਉਡਾਏ ਜਾ ਰਹੇ ਹਨ। ਸ਼ਹੀਦ ਭਗਤ ਸਿੰਘ ਦੇ ਨਾ ਹੇਠ ਵੋਟਾਂ ਵਟੋਰ ਕੇ ਮੁੱਖ ਮੰਤਰੀ ਵਲੋਂ ਸ਼ਹੀਦਾਂ ਦੇ ਸੁਪਨਿਆਂ ਨੂੰ ਪੈਰਾਂ ਥੱਲੇ ਰੋਲ ਕੇ ਸਰਮਾਏਦਾਰਾਂ ਨੂੰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਮਜ਼ਦੂਰ ਜਮਾਤ ਨੂੰ ਮਿਲ ਰਹੀਆਂ ਸਹੂਲਾਂ ਨੂੰ ਇੱਕ-ਇੱਕ ਕਰਕੇ ਖੋਹਿਆ ਜਾ ਰਿਹ ਹੈ। ਕੱਚੇ ਕਮਿਆਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਮੰਗ ਨੂੰ ਜਾਣ ਬੁਝ ਕੇ ਲਟਕਾਇਆ ਜਾ ਰਿਹਾ ਹੈ ਜਦਕਿ ਭਗਵੰਤ ਮਾਨ ਵਲੋਂ ਬਾਕੀ ਰਾਜਾਂ ਵਿੱਚ ਜਾ ਕੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ, ਹਿਮਾਚਲ ਪ੍ਰਦੇਸ਼ ਵਿੱਚ ਪੁਰਾਣੀ ਪੈਨਸ਼ਨ ਲਾਗੂ ਵੀ ਕਰ ਦਿੱਤੀ ਗਈ ਹੈ। ਮੰਹਿਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ, ਤਨਖਾਹ ਕਮਿਸ਼ਨ ਦੀਆਂ ਤਰੁਟੀਆਂ ਦੂਰ ਕਰਨ ਤੋਂ ਵੀ ਸਰਕਾਰ ਭੱਜ ਰਹੀ ਹੈ ਆਗੂਆਂ ਨੇ ਕਿਹਾ ਕਿ ਕਲੈਰੀਕਲ ਅਮਲੇ ਵਲੋਂ ਕੀਤੇ ਜਾ ਰਹੇ ਸੰਘਰਸ਼ ਦਾ ਸਮਰਥਨ ਕੀਤਾ ਜਾਂਦਾ ਹੈ ਅਤੇ 24 ਨਵੰਬਰ ਨੂੰ ਡੀ.ਸੀ. ਦਫਤਰਾਂ ਅੱਗੇ ਕੀਤੀਆਂ ਜਾਣ ਵਾਲੀਆਂ ਜ਼ਿਲ੍ਹਾ ਪੱਧਰੀ ਰੈਲੀਆਂ ਵਿੱਚ ਪ.ਸ.ਸ.ਫ. ਵਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਕਲੈਰੀਕਲ ਅਮਲੇ ਦੀ ਹੜਤਾਲ ਕਾਰਣ ਜੇਕਰ ਤਨਖਾਹਾਂ ਲੇਟ ਵੀ ਹੁੰਦੀਆਂ ਹਨ ਤਾਂ ਮੁਲਾਜ਼ਮਾਂ ਵਲੋਂ ਇਸਨੂੰ ਸਵਿਕਾਰ ਕਰਦਿਆ ਇਸ ਸੰਘਰਸ਼ ਅਤੇ ਹੜਤਾਲ ਨੂੰ ਜਿੱਤ ਤੱਕ ਪਹੁੰਚਾਉਣ ਵਿੱਚ ਪੂਰਾ ਸਹਿਯੋਗ ਕਰਨਗੇ। ਇਸ ਮੌਕੇ ਉਪੋਕਤ ਆਗੂਆਂ ਤੋਂ ਇਲਾਵਾ ਗੁਰਦੀਪ ਸਿੰਘ ਬਾਜਵਾ, ਇੰਦਰਜੀਤ ਵਿਰਦੀ, ਸਰਬਜੀਤ ਸਿੰਘ, ਸੁਭਾਸ਼ ਚੰਦਰ, ਬੋਬਿੰਦਰ ਸਿੰਘ, ਜਰਨੈਲ ਸਿੰਘ, ਜਤਿੰਦਰ ਕੁਮਾਰ, ਕਿਸ਼ੋਰ ਚੰਦ ਗਾਜ, ਗੁਰਦਵ ਸਿੰਘ ਸਿੱਧੂ, ਮਾਲਵਿੰਦਰ ਸਿੰਘ, ਅਨਿਲ ਕੁਮਾਰ, ਕੁਲਦੀਪ ਪੁਰੋਵਾਲ, ਰਜੇਸ਼ ਕੁਮਾਰ ਅਮਲੋਹ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਪ੍ਰਿ. ਅਮਨਦੀਪ ਸ਼ਰਮਾ, ਰਜਿੰਦਰ ਸਿੰਘ ਰਿਆੜ, ਮੋਹਣ ਸਿੰਘ ਪੂਨੀਆ, ਗੁਰਵਿੰਦਰ ਸਿੰਘ, ਨਿਰਭੈ ਸਿੰਘ ਸ਼ੰਕਰ, ਪੂਰਨ ਸਿੰਘ ਸੰਧੂ, ਤਰਸੇਮ ਮਾਧੋਪੁਰੀ, ਅਮਰੀਕ ਸਿੰਘ, ਗੁਰਪ੍ਰੀਤ ਰੰਗੀਲਪੁਰ, ਜੱਗਾ ਸਿੰਘ ਅਲੀਸ਼ੇਰ, ਜਸਵਿੰਦਰ ਸੋਜਾ, ਗੁਰਤੇਜ ਸਿੰਘ ਖਹਿਰਾ, ਜਗਦੀਪ ਸਿੰਘ ਮਾਂਗਟ, ਫੁਮਣ ਸਿੰਘ ਕਾਠਗੜ੍ਹ, ਗੁਰਪ੍ਰੀਤ ਕੌਰ, ਰਣਜੀਤ ਕੌਰ, ਰਾਣੋ ਖੇੜੀ ਗਿੱਲਾਂ, ਬਿਮਲਾ ਰਾਣੀ, ਸ਼ਰਮੀਲਾ ਦੇਵੀ ਆਦਿ ਆਗੂ ਵੀ ਹਾਜਰ ਸਨ।



# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਹੜਤਾਲ ਜਾਰੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਕਾਲ ਤੇ ਅੱਜ 15ਵੇਂ ਦਿਨ ਵੀ ਪੰਜਾਬ ਭਰ ਦੇ ਦਫਤਰਾਂ ਅਤੇ ਚੰਡੀਗੜ੍ਹ ਸਥਿਤ ਡਾਇਰੈਕਟੋਰੇਟ ਦੇ ਦਫਤਰਾਂ ਦੇ ਕਰਮਚਾਰੀਆਂ ਵੱਲੋਂ ਕਲਮਛੋੜ/ ਕੰਪਿਊਟਰ ਬੰਦ ਹੜਤਾਲ ਕੀਤੀ ਗਈ। ਇਸ ਜ਼ਿਲ੍ਹੇ ਵਿੱਚ ਹੜਤਾਲ ਕਰਨ ਵਾਲੇ ਮੁੱਖ ਦਫਤਰਾਂ ਵਿੱਚ ਡੀਸੀ ਦਫਤਰ, ਖਜ਼ਾਨਾ ਦਫਤਰ, ਇਰੀਗੇਸ਼ਨ ਦਫਤਰ ਪੀਡਬਲਯੂਡੀ ਦਫਤਰ, ਜਿਲ੍ਹਾ ਰੋਜ਼ਗਾਰ ਦਫਤਰ, ਐਕਸਾਈਜ਼ ਵਿਭਾਗ, ਰੋਡਵੇਜ਼ ਦਫਤਰ, ਖੇਤੀਬਾੜੀ ਦਫਤਰ, ਪਸ਼ੂ ਪਾਲਣ ਵਿਭਾਗ, ਬਾਗਬਾਨੀ ਵਿਭਾਗ, ਮੱਛੀ ਪਾਲਣ ਵਿਭਾਗ, ਜ਼ਿਲ੍ਹਾ ਭਾਸ਼ਾ ਵਿਭਾਗ, ਸਿੱਖਿਆ ਵਿਭਾਗ, ਸਿਹਤ ਵਿਭਾਗ ਆਦਿ ਦੇ ਦਫਤਰ ਸ਼ਾਮਲ ਸਨ। ਪੀਡਬਲਯੂਡੀ ਦੇ ਸਰਕਲ ਦਫਤਰ ਵਿੱਚ ਕਰਮਚਾਰੀਆਂ ਵੱਲੋਂ ਇੱਕ ਰੋਸ ਰੈਲੀ ਕੀਤੀ ਗਈ, ਜਿਸ ਦੀ ਅਗਵਾਈ ਹਰਕਮਲ ਸਿੰਘ ਵੱਲੋਂ ਕੀਤੀ ਗਈ। ਇਹ ਜਾਣਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੋਦਗਿੱਲ ਵੱਲੋਂ ਜਾਰੀ ਕੀਤੇ ਪ੍ਰੈੱਸ ਬਿਆਨ ਰਾਹੀਂ ਦਿੱਤੀ ਗਈ। ਮੋਦਗਿੱਲ ਵੱਲੋਂ ਕਿਹਾ ਗਿਆ ਕਿ 24.11.2023 ਦਿਨ ਸ਼ੁੱਕਰਵਾਰ ਨੂੰ ਸਾਰੇ ਵਿਭਾਗਾਂ ਦੇ ਕਰਮਚਾਰੀ ਆਪਣੇ ਦਫਤਰਾਂ ਤੋਂ ਚੱਲ ਕੇ ਠੀਕ ਸਵੇਰੇ 9:30 ਵਜੇ ਮਿੰਨੀ ਸਕੱਤਰੇਤ ਇੱਕਤਰ ਹੋਣ ਉਪਰੰਤ ਪੈਦਲ ਮਾਰਚ ਕਰਦੇ ਹੋਏ ਸ਼ਹਿਰ ਵਿੱਚ ਕਿਸੇ ਸਥਾਨ 'ਤੇ ਸਰਕਾਰ ਦੀ ਝੂਠ ਦੀ ਪੰਡ ਫੂਕਣਗੇ। ਇਸ ਰੈਲੀ ਨੂੰ ਕਾਮਯਾਬ ਕਰਨ ਅੱਜ ਡੀ. ਸੀ. ਦਫਤਰ ਹੁਸ਼ਿਆਰਪੁਰ ਵਿਖੇ ਸਮੂਹ ਵਿਭਾਗਾਂ ਦੇ ਪ੍ਰਧਾਨਾਂ ਨਾਲ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਡੀਸੀ ਦਫਤਰ ਦੇ ਪ੍ਰਧਾਨ ਬਲਕਾਰ ਸਿੰਘ, ਦੀਪਕ ਤ੍ਰੇਹਣ, ਬਿਕਰਮ ਆਦੀਆ, ਦਿਲਬਾਗ ਸਿੰਘ, ਸਿੱਖਿਆ ਵਿਭਾਗ ਦੇ ਪ੍ਰਧਾਨ ਬਿਕਰਮਜੀਤ ਸਿੰਘ ਆਹਲੂਵਾਲੀਆ, ਐਕਸਾਈਜ਼ ਦੇ ਪ੍ਰਧਾਨ ਅਮਰਜੀਤ ਮਾਹੀ, ਪ੍ਰਭਜੀਤ, ਸਿਹਤ ਵਿਭਾਗ ਤੋਂ ਦਵਿੰਦਰ ਭੱਟੀ, ਖਜਾਨਾ ਦਫਤਰ ਤੋਂ ਪੁਸ਼ਪਿੰਦਰ ਪਠਾਨੀਆ, ਰੋਜਗਾਰ ਦਫਤਰ ਤੋਂ ਗੁਰਜੀਤ ਸਿੰਘ, ਪ੍ਰਧਾਨ ਭੂਮੀ ਰੱਖਿਆ ਵਿਭਾਗ ਤੋਂ, ਪ੍ਰਿਤਪਾਲ ਸਿੰਘ ਫੂਡ ਸਪਲਾਈ ਵਿਭਾਗ, ਹਰਕਮਲ ਸਿੰਘ ਪੀ. ਡਬਲਯੂ. ਡੀ. ਦਫਤਰ, ਸਿੱਖਿਆ ਵਿਭਾਗ ਦੇ ਬਲਬੀਰ ਸਿੰਘ, ਭੁਪਿੰਦਰ ਕੁਮਾਰ, ਸਤਵਿੰਦਰ ਸਿੰਘ, ਗੁਰਮਿੰਦਰ ਕੌਰ, ਹਰਵਿੰਦਰ ਕੌਰ ,ਪਰਮਜੀਤ ਕੌਰ, ਹਰਸ਼ ਸ਼ਰਮਾ, ਬਿਸ਼ੰਭਰ ਦਾਸ, ਰਜਿੰਦਰ ਕੁਮਾਰ, ਜ਼ਿਲ੍ਹਾ ਆਯੂਰਵੈਦ ਤੋਂ ਡਿੰਪਲ ਸਿੰਘ, ਮੱਛੀ ਪਾਲਣ ਵਿਭਾਗ ਤੋਂ ਕੁਲਵਿੰਦਰ ਸਿੰਘ, ਇਰੀਗੇਸ਼ਨ ਵਿਭਾਗ ਤੋਂ ਸੰਦੀਪ ਸੰਧੀ ਅਤੇ ਸੁਖਵਿੰਦਰ ਸਿੰਘ ਆਦਿ ਸ਼ਾਮਿਲ ਸਨ। ਸ੍ਰੀ ਮੋਦਗਿੱਲ ਵੱਲੋਂ ਕਿਹਾ ਗਿਆ ਕਿ ਕੱਲ ਵੀ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਵੱਲੋਂ ਭਰਾਤਰੀ ਜਥੇਬੰਦੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਸਬੰਧੀ ਧੰਨਵਾਦ ਕੀਤਾ ਗਿਆ। ਸਾਰੇ ਵਿਭਾਗਾਂ ਦੇ ਕਰਮਚਾਰੀਆਂ ਨੂੰ 24 ਦੀ ਰੈਲੀ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ।





# ਖੇਤੀਬਾੜੀ ਕੋਅਪਰੇਟਿਵ ਸੁਸਾਇਟੀ ਕੋਟ ਬਾਦਲ ਖਾਂ ਦੀ ਚੋਣ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲ)**

ਨਜਦੀਕੀ ਪਿੰਡ ਕੋਟ ਬਾਦਲ ਖਾਂ ਵਿੱਚ ਸਥਿਤ ਖੇਤੀਬਾੜੀ ਕੋਅਪਰੇਟਿਵ ਸੁਸਾਇਟੀ ਦੀ ਚੋਣ ਸਰਵਨ ਸਿੰਘ ਇੰਸਪੈਕਟਰ ਦੀ ਨਿਗਰਾਨੀ ਹੇਠ ਹੋਈ।



ਇੰਸਪੈਕਟਰ ਸਰਵਨ ਸਿੰਘ ਨੇ ਦੱਸਿਆ ਕਿ ਇਸ ਚੋਣ ਵਿਚ 11 ਮੈਂਬਰਾਂ ਦੀ ਚੋਣ ਕੀਤੀ ਗਈ ਸੀ। ਜਿਸ ਵਿੱਚ ਬਲਦੇਵ ਸਿੰਘ ਕੋਟ ਬਾਦਲ ਖਾਂ, ਬਲਦੇਵ ਸਿੰਘ ਫਤਿਹਪੁਰ, ਹਰਜੀਤ ਸਿੰਘ ਜੰਮੂ ਸ਼ਮਸ਼ਾਬਾਦ, ਮੁਖਤਿਆਰ ਸਿੰਘ ਗੋਰਸੀਆਂ ਪੀਰਾਂ, ਸ਼ਰਨਜੀਤ ਸਿੰਘ ਰਾਜੋਵਾਲ, ਸੋਹਣ ਲਾਲ ਰਾਮੇਵਾਲ, ਪਰਮਜੀਤ ਫਤਿਹਪੁਰ, ਗੁਰਮੁਖ ਸਿੰਘ ਕੋਟ ਬਾਦਲ ਖਾਂ, ਗੁਰਪਾਲ ਕੋਲ ਅਜਤਾਨੀ, ਜਸਵਿੰਦਰ ਸਿੰਘ ਰਾਜੋਵਾਲ, ਨਿਰਮਲ ਸਿੰਘ ਸ਼ਮਸ਼ਾਬਾਦ ਚੁਣੇ ਗਏ। ਇਸ ਤੋ ਉਪਰੰਤ ਇਨ੍ਹਾਂ 11 ਮੈਂਬਰਾਂ ਵਿਚੋਂ ਪ੍ਰਧਾਨ, ਮੀਤ ਪ੍ਰਧਾਨ, ਯੂਨੀਅਨ ਮੀਤ ਪ੍ਰਧਾਨ ਦੀ ਚੋਣ ਹੋਈ। ਜਿਸ ਵਿੱਚ ਬਲਦੇਵ ਸਿੰਘ ਕੋਟ ਬਾਦਲ ਖਾਂ ਨੂੰ ਪਧਾਨ, ਬਲਦੇਵ ਸਿੰਘ ਫਤਹਿਪੁਰ ਨੂੰ ਮੀਤ ਪ੍ਰਧਾਨ ਤੇ ਸ਼ਰਨਜੀਤ ਸਿੰਘ ਰਾਜੋਵਾਲ ਨੂੰ ਯੂਨੀਅਨ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਬਲਵੰਤ ਸਿੰਘ, ਕੁਲਦੀਪ ਸਿੰਘ, ਸਰਬਜੀਤ ਸਿੰਘ, ਤਜਿੰਦਰ ਸਿੰਘ ਤੇਜੀ, ਅਵਤਾਰ ਸਿੰਘ ਰਾਮੇਵਾਲ, ਬਲਦੇਵ ਰਾਜ ਉਰਫ ਪੱਪਾ, ਮੱਖਣ ਸਿੰਘ, ਪਰਮਜੀਤ ਸਿੰਘ, ਮੇਜਰ ਸਿੰਘ, ਪਰਮਜੀਤ ਸਿੰਘ ਰਾਮੇਵਾਲ, ਰੇਸ਼ਮ ਸਿੰਘ, ਬੂਟਾ ਰਾਮ, ਭੁਪਿੰਦਰ ਸਿੰਘ, ਲਖਵੀਰ ਸਿੰਘ ਸੀਰਿਆ, ਮਨਜੀਤ ਸਿੰਘ ਕੰਦੋਲਾ, ਦਵਿੰਦਰ ਪਾਲ ਚਾਹਲ, ਅਵਤਾਰ ਸਿੰਘ ਗੋਰਸੀਆਂ, ਸੁਖਦੇਵ ਕੁਮਾਰ ਬਾਵਾ, ਬਿੱਟੂ ਪੰਚ, ਹਰਜਿੰਦਰ ਸਿੰਘ ਸਰਪੰਚ ਤੱਗੜਾ, ਗੁਰਪੀਤ ਸਿੰਘ, ਕੁਲਦੀਪ ਕੁਮਾਰ, ਬੂਟਾ ਰਾਮ ਸਾਬਕਾ ਬਲਾਕ ਸੰਮਤੀ ਮੈਂਬਰ ਹਾਜ਼ਰ ਸਨ। ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਚੁਣੇ ਹੋਏ ਮੈਂਬਰਾਂ ਨੂੰ ਵਧਾਈ ਦਿੱਤੀ।

# ਆਰੀਅਨਜ਼ ਦੀ 12ਵੀਂ ਕਾਨਵੋਕੇਸ਼ਨ 'ਚ ਰਾਜਪਾਲ ਸ਼ਿਰਕਤ ਕਰਨਗੇ

**ਮੋਹਾਲੀ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਗਵਰਨਰ ਬੰਡਾਰੂ ਦੱਤਾਤਰਾਯ 25 ਨਵੰਬਰ ਨੂੰ ਆਰੀਅਨਜ ਗਰੁੱਪ ਆਫ ਕਾਲਜਿਜ, ਰਾਜਪੁਰਾ, ਨੇੜੇ ਚੰਡੀਗੜ੍ਹ ਪੀ.ਐਚ.ਡੀ. ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਵਿੱਚ 12ਵੀਂ ਕਾਨਵੋਕੇਸ਼ਨ ਵਿੱਚ ਸ਼ਿਰਕਤ ਕਰਨਗੇ। ਪ੍ਰੋ. ਰਾਜੀਵ ਕੁਮਾਰ, ਮੈਂਬਰ ਸਕੱਤਰ, ਆਲ ਇੰਡੀਆ ਕੌਂਸਲ ਆਫ ਟੈਕਨੀਕਲ ਐਜੂਕੇਸ਼ਨ (ਏ.ਆਈ.ਸੀ.ਟੀ.ਈ.), ਨਵੀਂ ਦਿੱਲੀ ਵਿਸ਼ੇਸ਼ ਮਹਿਮਾਨ ਹੋਣਗੇ। ਇਸ ਸਬੰਧੀ ਡਾ. ਅੰਸ਼ੂ ਕਟਾਰੀਆ, ਚੇਅਰਮੈਨ, ਆਰੀਅਨਜ ਗਰੁੱਪ ਨੇ ਹਰਿਆਣਾ ਰਾਜ ਭਵਨ, ਚੰਡੀਗੜ੍ਹ ਵਿੱਚ ਰਾਜਪਾਲ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੇ ਇਸ ਗ੍ਰੈਜੂਏਸ਼ਨ ਸਮਾਰੋਹ ਦੇ ਮੁੱਖ ਮਹਿਮਾਨ ਬਣਨ ਲਈ ਸਹਿਮਤੀ ਦਿੱਤੀ। ਬੀ.ਟੈਕ, ਫਾਰਮੇਸੀ, ਲਾਅ, ਐਮ.ਬੀ.ਏ. ਬੀ.ਬੀ.ਏ. ਬੀ.ਸੀ.ਏ. ਪੈਰਾਮੈਡੀਕਲ, ਬੀ.ਐਡ ਆਦਿ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।



# ਕੁਲਦੀਪ ਚਾਹਲ ਦਾ ਕਾਰਜਕਾਲ ਦਲਿਤਾਂ ਖਿਲਾਫ ਨਜਾਇਜ਼ ਪੁਲਸ ਬਲ ਦੀ ਵਰਤੋਂ ਵਜੋਂ ਯਾਦ ਰੱਖਿਆ ਜਾਵੇਗਾ : ਐਡਵੋਕੇਟ ਬਲਵਿੰਦਰ ਕੁਮਾਰ

**ਜਲੰਧਰ (ਸ਼ੈਲੀ ਅਲਬਰਟ, ਸੁਰਿੰਦਰ ਕੁਮਾਰ)**

ਬਹੁਜਨ ਸਮਾਜ ਪਾਰਟੀ (ਬਸਪਾ) ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਪੁਲਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਦਾ ਕਾਰਜਕਾਲ ਆਮ ਲੋਕਾਂ, ਮਜ਼ਦੂਰਾਂ ਤੇ ਖਾਸ ਕਰਕੇ ਦਲਿਤਾਂ ਦੇ ਲਈ ਬਹੁਤ ਮਾੜਾ ਰਿਹਾ ਹੈ ਤੇ ਇੱਕ ਤਰ੍ਹਾਂ ਨਾਲ ਦਲਿਤ ਮਜ਼ਦੂਰ ਵਿਰੋਧੀ ਰਿਹਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਵੱਲੋਂ ਕਰੀਬ 10 ਮਹੀਨੇ ਪਹਿਲਾਂ ਉਨ੍ਹਾਂ ਨੂੰ ਜਲੰਧਰ ਦਾ ਪੁਲਸ ਕਮਿਸ਼ਨਰ ਲਗਾਇਆ ਗਿਆ ਸੀ। ਉਨ੍ਹਾਂ ਦੇ ਸਿਰਫ 10 ਮਹੀਨੇ ਦੇ ਹੀ ਕਾਰਜਕਾਲ ਵਿੱਚ ਪੁਲਸ ਵੱਲੋਂ ਦੋ ਵਾਰ ਦਲਿਤ ਵਰਗ 'ਤੇ ਨਜਾਇਜ਼ ਤੌਰ 'ਤੇ ਲਾਠੀਚਾਰਜ ਕੀਤਾ ਗਿਆ ਅਤੇ ਉਨ੍ਹਾਂ ਦੇ ਆਗੂਆਂ ਨੂੰ ਨਜਾਇਜ਼ ਤੌਰ 'ਤੇ ਪੁਲਸ ਵੱਲੋਂ ਹਿਰਾਸਤ ਵਿੱਚ ਵੀ ਲਿਆ ਗਿਆ। ਬਸਪਾ ਆਗੂ ਨੇ ਕਿਹਾ ਕਿ ਕੁਲਦੀਪ ਚਾਹਲ ਦੀ ਜਲੰਧਰ ਵਿੱਚ ਤੈਨਾਤੀ ਦੇ ਕੁਝ ਸਮੇਂ ਬਾਅਦ ਹੀ ਪ੍ਰੀਖਿਆ ਦੇਣ ਤੋਂ ਬਾਂਝੇ ਕੀਤੇ ਜਾਣ 'ਤੇ ਰੋਹ ਦਾ ਮੁਜ਼ਾਹਰਾ ਕਰ ਰਹੇ ਐਸ ਸੀ ਵਿਦਿਆਰਥੀਆਂ 'ਤੇ ਕਮਿਸ਼ਨਰੇਟ ਪੁਲਸ ਵੱਲੋਂ ਲਾਠੀਚਾਰਜ ਕੀਤਾ ਗਿਆ ਅਤੇ ਉਨ੍ਹਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਵਿਦਿਆਰਥਣਾਂ ਜਿਹੜੀਆਂ ਕਿ ਪਹਿਲਾਂ ਹੀ ਪ੍ਰੀਖਿਆ ਤੋਂ ਬਾਹਰ ਕੱਢੇ ਜਾਣ ਕਾਰਨ ਪ੍ਰੇਸ਼ਾਨ ਸਨ, ਉਨ੍ਹਾਂ ਨੂੰ ਬੱਸ ਵਿੱਚ ਬਿਠਾ ਕੇ ਕਰੀਬ 20 ਕਿੱਲੋਮੀਟਰ ਦੂਰ ਆਦਮਪੁਰ ਨਹਿਰ 'ਤੇ ਛੱਡਿਆ ਗਿਆ, ਜਿੱਥੋਂ ਉਹ ਆਪਣੇ ਪਰਵਾਰਕ ਮੈਂਬਰਾਂ ਨਾਲ ਸੰਪਰਕ ਕਰਕੇ ਕਾਫੀ ਜੱਦੋਜਹਿਦ ਬਾਅਦ ਘਰ ਪਹੁੰਚੀਆਂ। ਇਸੇ ਤਰ੍ਹਾਂ ਹੀ ਸਈਪੁਰ ਵਿੱਚ ਵੀ ਕਮਿਸ਼ਨਰੇਟ ਪੁਲਿਸ ਵੱਲੋਂ ਬਸਪਾ ਆਗੂਆਂ ਤੇ ਵਰਕਰਾਂ 'ਤੇ ਨਜਾਇਜ਼ ਤੌਰ 'ਤੇ ਲਾਠੀਚਾਰਜ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਜਾਇਜ਼ ਤੌਰ 'ਤੇ ਹਿਰਾਸਤ ਵਿੱਚ ਲਿਆ ਗਿਆ, ਜਦਕਿ ਉਹ ਸਿਰਫ ਸ਼ਾਂਤਮਈ ਮੁਜ਼ਾਹਰਾ ਕਰ ਰਹੇ ਸਨ। ਜਦਕਿ ਦੂਜੀ ਧਿਰ ਜਿਸ ਵੱਲੋਂ ਹਥਿਆਰਬੰਦ ਹੋ ਕੇ ਬਾਬਾ ਸਾਹਿਬ ਦੇ ਨਾਂ 'ਤੇ ਬਣੀ ਪਾਰਕ ਨੂੰ ਤੋੜਿਆ ਗਿਆ, ਉਸਨੂੰ ਪ੍ਰੋਟੈਕਸ਼ਨ ਦਿੱਤੀ ਗਈ।

ਬਸਪਾ ਆਗੂ ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਪੁਲਸ ਕਮਿਸ਼ਨਰ ਕੁਲਦੀਪ ਚਾਹਲ ਦੇ ਕਾਰਜਕਾਲ ਵਿੱਚ ਪੁਲਸ ਵੱਲੋਂ ਆਮ ਲੋਕਾਂ ਖਿਲਾਫ ਨਜਾਇਜ਼ ਤੌਰ 'ਤੇ ਬੱਲ ਦੀ ਦੁਰਵਰਤੋਂ ਕੀਤੀ ਗਈ। ਆਮ ਲੋਕਾਂ ਤੇ ਖਾਸਕਰ ਦਲਿਤਾਂ ਦੀ ਆਵਾਜ਼ ਨੂੰ ਦਬਾਉਣ ਦਾ ਕੰਮ ਕੀਤਾ ਗਿਆ। ਇਹ ਇੱਕ ਤਰ੍ਹਾਂ ਦੇ ਨਾਲ ਪੁਲਿਸ ਦਾ ਭੇਦਭਾਵ ਵਾਲਾ ਰਵੱਈਆ ਸੀ। ਉਨ੍ਹਾਂ ਕਿਹਾ ਕਿ ਚਾਹਲ ਦੇ ਕਾਰਜਕਾਲ ਵਿੱਚ ਅਜਿਹੀਆਂ ਵਧੀਕੀਆਂ ਕਰਕੇ ਆਮ ਲੋਕਾਂ ਤੇ ਖਾਸਕਰ ਦਲਿਤਾਂ ਦਾ ਪ੍ਰਸ਼ਾਸਨ ਵਿੱਚ ਵਿਸ਼ਵਾਸ ਟੁੱਟਿਆ। ਇਸ ਕਰਕੇ ਦਲਿਤਾਂ ਤੇ ਬਸਪਾ ਵੱਲੋਂ ਆਪ ਸਰਕਾਰ ਤੇ ਪੁਲਿਸ ਕਮਿਸ਼ਨਰ ਕੁਲਦੀਪ ਚਾਹਲ ਦਾ ਪੁਲਸ ਬੱਲ ਦੀ ਦੁਰਵਰਤੋਂ ਖਿਲਾਫ ਲਗਾਤਾਰ ਵਿਰੋਧ ਕੀਤਾ ਗਿਆ। ਉਨ੍ਹਾਂ ਦਾ ਕਾਰਜਕਾਲ ਪੁਲਸ ਦੇ ਲੋਕਾਂ ਖਿਲਾਫ ਨਜਾਇਜ਼ ਤੌਰ 'ਤੇ ਆਪਣੀਆਂ ਸ਼ਕਤੀਆਂ ਦੀ ਦੁਰਵਰਤੋਂ ਦੇ ਤੌਰ 'ਤੇ ਯਾਦ ਰੱਖਿਆ ਜਾਵੇਗਾ। ਉਹ ਆਪਣੇ ਕਾਰਜਕਾਲ ਵਿੱਚ ਨਸ਼ੇ ਤੇ ਅਪਰਾਧ 'ਤੇ ਵੀ ਰੋਕ ਨਹੀਂ ਲਗਾ ਸਕੇ। ਬਸਪਾ ਆਗੂ ਨੇ ਕਿਹਾ ਕਿ ਕੋਈ ਵੀ ਸਰਕਾਰ ਜਾਂ ਅਫ਼ਸਰ ਕਿਸੇ ਵੀ ਧਿਰ ਦੀ ਆਵਾਜ਼ ਦਬਾ ਕੇ ਮਕਬੂਲ ਨਹੀਂ ਹੋ ਸਕਦਾ ਅਤੇ ਜੇਕਰ ਉਨ੍ਹਾਂ ਵੱਲੋਂ ਸੰਵਿਧਾਨ ਰਾਹੀਂ ਮਿਲੀਆਂ ਸ਼ਕਤੀਆਂ ਦੀ ਲੋਕਾਂ ਖਿਲਾਫ ਦੁਰਵਰਤੋਂ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਦਾ ਵਿਰੋਧ ਲਾਜ਼ਮੀ ਹੈ, ਜੋ ਕਿ ਚਾਹਲ ਦੇ ਮਾਮਲੇ ਵਿੱਚ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਸਾਰੀਆਂ ਧਿਰਾਂ ਨੂੰ ਬਣਦਾ ਸਥਾਨ ਤੇ ਨਿਆਂ ਦੇ ਕੇ ਹੀ ਵਧੀਆ ਢੰਗ ਨਾਲ ਚੱਲ ਸਕਦਾ ਹੈ।

# ਸੇਖਵਾਂ ਨੇ ਖੁਸ਼ੀਪੁਰ ਦੀਆਂ ਗਲੀਆਂ-ਨਾਲੀਆਂ ਦੇ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਗ੍ਰਾਮ ਪੰਚਾਇਤ ਖੁਸ਼ੀਪੁਰ ਵਿਖੇ ਗਲੀਆਂ-ਨਾਲੀਆਂ ਦੇ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਪਿੰਡ ਖੁਸ਼ੀਪੁਰ ਨੂੰ ਆਪਣੇ ਅਖਤਿਆਰੀ ਫੰਡ ਵਿੱਚੋਂ ਵਿਕਾਸ ਕਾਰਜਾਂ ਲਈ 3.50 ਲੱਖ ਰੁਪਏ ਗ੍ਰਾਂਟ ਜਾਰੀ ਕੀਤੀ ਸੀ। ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਖੁਸ਼ੀਪੁਰ ਪਿੰਡ ਵਿੱਚ ਗਲੀਆਂ-ਨਾਲੀਆਂ ਦੇ ਕਾਰਜ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਸਹੂਲਤ ਮਿਲੇਗੀ। ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਚੇਅਰਮੈਨ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਹੋਏ ਵਾਅਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਸਹੂਲਤ, ਸਕੂਲ ਆਫ ਐਮੀਨੈਂਸ, ਆਮ ਆਦਮੀ ਕਲੀਨਿਕ, ਨੌਜਵਾਨਾਂ ਨੂੰ ਮੈਰਿਟ ਉੱਪਰ ਸਰਕਾਰੀ ਨੌਕਰੀਆਂ ਤੇ ਰੁਜ਼ਗਾਰ ਦੇ ਮੌਕੇ, ਸੂਬੇ ਵਿੱਚ ਸਨਅਤ ਪੱਖੀ ਮਾਹੌਲ, ਸਰਕਾਰੀ ਦਫ਼ਤਰਾਂ ਵਿੱਚ ਪਾਰਦਰਸ਼ਤਾ, ਖੇਡ ਸੱਭਿਆਚਾਰ ਪੈਦਾ ਕਰਨ ਅਤੇ ਬੁਨਿਆਦੀ ਢਾਂਚੇ ਵਿੱਚ ਕੀਤੇ ਜਾ ਰਹੇ ਵੱਡੇ ਪੱਧਰ 'ਤੇ ਸੁਧਾਰਾਂ ਨੇ ਸੂਬੇ ਨੂੰ ਤਰੱਕੀ ਦੀ ਰਾਹੇ ਤੋਰਿਆ ਹੈ। ਇਸ ਮੌਕੇ ਸਰਪੰਚ ਨਿਸ਼ਾਨ ਸਿੰਘ ਪਿੰਡ ਖੁਸ਼ੀਪੁਰ, ਸੀਨੀਅਰ ਆਗੂ ਹਰਜੀਤ ਸਿੰਘ ਟਿੱਕਾ ਅਤੇ ਹੋਰ ਵੀ ਮੋਹਤਬਰ ਮੌਜੂਦ ਸਨ।



# ਦੁਕਾਨਾਂ ਦੇ ਮੁੱਖ ਬੋਰਡ ਪੰਜਾਬੀ ਭਾਸ਼ਾ/ਗੁਰਮੁਖੀ ਲਿਪੀ 'ਚ ਲਿਖੇ ਜਾਣ ਸੰਬੰਧੀ ਕੀਤਾ ਜਾਗਰੂਕ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਕਰਨ ਅਤੇ ਪੂਰਾ ਮਾਣ- ਸਨਮਾਨ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਉਚੇਰੀ ਸਿੱਖਿਆ ਅਤੇ ਭਾਸਾ ਵਿਭਾਗ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਪੰਜਾਬ ਰਾਜ ਦੀਆਂ ਗੈਰ-ਸਰਕਾਰੀ ਸੰਸਥਾਵਾਂ, ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਦੇ ਨਾਂਅ ਅਤੇ ਸੜਕਾਂ ਦੇ ਨਾਂਅ, ਨਾਂਅ ਪੱਟੀਆਂ, ਮੀਲ ਪੱਥਰ, ਸਾਈਨ ਬੋਰਡ ਪੰਜਾਬੀ ਭਾਸ਼ਾ/ਗੁਰਮੁਖੀ ਲਿਪੀ ਵਿੱਚ ਲਿਖੇ ਜਾਣ ਦੇ ਹੁਕਮ ਜਾਰੀ ਕੀਤੇ ਗਏ ਸਨ। ਇਸ ਦੇ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਅਜਿਹਾ ਕਰਦੇ ਸਮੇਂ ਸਭ ਤੋਂ ਉੱਪਰ ਪੰਜਾਬੀ ਭਾਸ਼ਾ/ ਗੁਰਮੁਖੀ ਲਿਪੀ ਵਿੱਚ ਲਿਖਿਆ ਜਾਵੇ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿੱਚ ਲਿਖਣਾ ਹੋਵੇ ਤਾਂ ਹੇਠਾਂ ਦੂਸਰੀ ਭਾਸ਼ਾ ਵਿੱਚ ਲਿਖਿਆ ਜਾਵੇ। ਇਹਨਾਂ ਹਦਾਇਤਾਂ ਵਿੱਚ ਸਰਕਾਰੀ ਅਦਾਰਿਆਂ ਤੋਂ ਇਲਾਵਾ ਗੈਰ- ਸਰਕਾਰੀ, ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਨੂੰ ਵੀ ਆਪੋ-ਆਪਣੇ ਸਾਈਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣ ਦੇ ਨਿਰਦੇਸ ਜਾਰੀ ਕੀਤੇ ਗਏ ਹਨ। ਇਸ ਕਾਰਜ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਭਾਸ਼ਾ ਅਫ਼ਸਰ ਸੰਦੀਪ ਸਿੰਘ ਅਤੇ ਲੇਬਰ ਅਫਸਰ ਰਣਦੀਪ ਸਿੰਘ ਨੇ ਨਵਾਂਸ਼ਹਿਰ ਵਿਖੇ ਦੁਕਾਨਦਾਰਾਂ ਨੂੰ ਦੁਕਾਨਾਂ ਦੇ ਬੋਰਡ ਪੰਜਾਬੀ ਭਾਸ਼ਾ ਵਿੱਚ ਲਿਖਣ ਲਈ ਜਾਗਰੂਕ ਕੀਤਾ। ਜ਼ਿਲ੍ਹਾ ਭਾਸ਼ਾ ਅਫ਼ਸਰ ਸੰਦੀਪ ਸਿੰਘ ਨੇ ਜ਼ਿਲ੍ਹਾ ਵਾਸੀਆਂ ਅਤੇ ਜ਼ਿਲ੍ਹੇ ਦੇ ਸਮੂਹ ਦੁਕਾਨਦਾਰਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਕਰਨ ਲਈ ਆਪਣੀ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ ਇਸ ਕਾਰਜ ਲਈ ਪੂਰਨ ਸਹਿਯੋਗ ਦਿੱਤਾ ਜਾਵੇ। ਸੂਚਨਾ ਅਤੇ ਮੁੱਖ ਬੋਰਡ ਲਿਖਣ ਸਮੇਂ ਪੰਜਾਬੀ ਸ਼ਬਦ-ਜੋੜਾਂ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਇਸ ਮੌਕੇ 'ਤੇ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਅਤੇ ਬਾਲ ਭਲਾਈ ਕਮੇਟੀ ਦੇ ਚੇਅਰਮੈਨ ਅਤੇ ਪੁਲਸ ਕਰਮਚਾਰੀ ਵੀ ਨਾਲ ਸਨ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ 25 ਨੂੰ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸਮੇਸ਼ ਨਗਰ ਟਾਂਡਾ ਤੋਂ ਮਹਾਨ ਨਗਰ ਕੀਰਤਨ 25 ਨਵੰਬਰ ਨੂੰ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਜਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਦੀਪ ਸਿੰਘ, ਮਨਮੋਹਨ ਸਿੰਘ, ਭਾਈ ਜਸਵੀਰ ਸਿੰਘ ਤੇ ਭਾਈ ਸਰਧਾ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਜੋਰਾਵਰ ਸਿੰਘ ਸਿੰਘ ਸਭਾ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਜਾ ਰਹੇ ਮਹਾਨ ਨਗਰ ਕੀਰਤਨ ਦੀ ਆਰੰਭਤਾ ਸਵੇਰੇ 10 ਵਜੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਵੇਗੀ। ਪ੍ਰਬੰਧਕਾਂ ਨੇ ਹੋਰ ਦੱਸਿਆ ਕਿ ਮਹਾਨ ਨਗਰ ਕੀਰਤਨ ਦਸਮੇਸ਼ ਨਗਰ ਟਾਂਡਾ ਤੋਂ ਆਰੰਭ ਹੋ ਕੇ ਤਹਿਸੀਲ ਰੋਡ, ਸ਼ਿਮਲਾ ਪਹਾੜੀ ਉੜਮੁੜ, ਦਾਰਾਪੁਰ ਤੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਵੇਗਾ। ਇਸ ਮੌਕੇ ਪ੍ਰਬੰਧਕ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਪ੍ਰਕਾਸ ਪੁਰਬ ਦੇ ਸਬੰਧ ਵਿੱਚ 25 ਨਵੰਬਰ ਨੂੰ ਹੀ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। ਜਿਨਾਂ ਦੇ ਭੋਗ 27 ਨਵੰਬਰ ਨੂੰ ਪੈਣ ਉਪਰੰਤ ਭਾਈ ਜਸਵੀਰ ਸਿੰਘ, ਭਾਈ ਸੁਰਜੀਤ ਸਿੰਘ, ਢਾਡੀ ਗਿਆਨੀ ਗੁਰਦੇਵ ਸਿੰਘ ਕੋਮਲ ਸ਼ਾਹਕੋਟੀ ਤੇ ਲੋਹੀਆਂ ਵਾਲੀਆਂ ਬੀਬੀਆਂ ਦਾ ਜੱਥਾ ਤੇ ਹੋਰ ਰਾਗੀ ਢਾਡੀ ਜੱਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ।

# ਸ੍ਰੀ ਹਨੂਮੰਤ ਸ਼ਿਆਮ ਸੇਵਕ ਸੰਘ ਵੱਲੋਂ ਸੰਕੀਰਤਨ 25 ਨੂੰ

**ਫਗਵਾੜਾ (ਢੱਡਾ)**

ਸ੍ਰੀ ਹਨੂਮੰਤ ਸ਼ਿਆਮ ਸੇਵਕ ਸੰਘ ਫਗਵਾੜਾ ਦੀ ਤਰਫੋਂ ਸ੍ਰੀ ਸ਼ਿਆਮ ਜਨਮ ਉਤਸਵ ਮੌਕੇ 23 ਨਵੰਬਰ ਦਿਨ ਵੀਰਵਾਰ ਨੂੰ ਬਾਅਦ ਦੁਪਹਿਰ 2 ਵਜੇ ਵਿਸ਼ਾਲ ਨਿਸ਼ਾਨ ਯਾਤਰਾ ਕੱਢੀ ਜਾਵੇਗੀ। ਜਿਸਦਾ ਸ਼ੁਭ ਆਰੰਭ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਧਰਮ ਪਤਨੀ ਸ੍ਰੀਮਤੀ ਅਨੀਤਾ ਕੈਂਥ ਕਰਨਗੇ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਪ੍ਰੋਗਰਾਮ ਦੇ ਪ੍ਰਬੰਧਕ ਪੰਡਿਤ ਰਾਹੁਲ ਸਾਸਤਰੀ, ਅਮਿਤ ਗੁਪਤਾ ਅਤੇ ਅੰਕਿਤ ਗੁਪਤਾ ਨੇ ਦੱਸਿਆ ਕਿ ਇਸ ਯਾਤਰਾ ਵਿੱਚ 251 ਨਿਸ਼ਾਨ ਸ਼ਾਮਲ ਹੋਣਗੇ। ਯਾਤਰਾ ਸ੍ਰੀ ਬਾਲਾ ਜੀ ਧਾਮ ਮੰਦਿਰ, ਹੁਸ਼ਿਆਰਪੁਰ ਰੋਡ, ਫਗਵਾੜਾ ਤੋਂ ਸ਼ੁਰੂ ਹੋਵੇਗੀ। ਜਿਸਦਾ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 25 ਨਵੰਬਰ ਦਿਨ ਸ਼ਨੀਵਾਰ ਨੂੰ ਸ੍ਰੀ ਸ਼ਿਆਮ ਜਨਮ ਉਤਸਵ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਪੁਰਾਣਾ ਡਾਕਖਾਨਾ ਰੋਡ ਵਿਖੇ ਸ਼ਾਮ 7 ਵਜੇ ਰਾਤ ਦੇ ਸੰਕੀਰਤਨ ਦਾ ਆਯੋਜਨ ਕੀਤਾ ਜਾਵੇਗਾ। ਸਾਲਾਸਰ ਧਾਮ (ਰਾਜਸਥਾਨ) ਤੋਂ ਆ ਰਹੇ ਅਜੈ ਪੁਜਾਰੀ ਦੀ ਰਹਿਨੁਮਾਈ ਹੇਠ ਕਰਵਾਏ ਜਾ ਰਹੇ ਇਸ ਸਮਾਗਮ ਦੌਰਾਨ ਪ੍ਰਕਾਸ ਮਿਸਰਾ ਕੋਲਕਾਤਾ, ਹਰਸ ਸ਼ਰਮਾ ਮੋਗਾ ਅਤੇ ਨਕੁਲ ਗੁਪਤਾ ਫਿਰੋਜ਼ਪੁਰ ਸ੍ਰੀ ਖਾਟੂ ਸ਼ਿਆਮ ਦੀ ਮਹਿਮਾ ਦਾ ਮਨੋਹਰ ਕੀਰਤਨ ਕਰਨਗੇ। ਸਵੇਰੇ 4 ਵਜੇ ਮਹਾਕਾਲ ਗਰੁੱਪ ਲੁਧਿਆਣਾ ਦੇ ਲੋਕਾਂ ਵੱਲੋਂ ਆਰਤੀ ਕੀਤੀ ਜਾਵੇਗੀ। ਸਮਾਗਮ ਦੌਰਾਨ ਅਲੌਕਿਕ ਮੇਕਅੱਪ ਅਤੇ ਸ਼ਾਨਦਾਰ ਦਰਬਾਰ ਵਿਸ਼ੇਸ਼ ਖਿੱਚ ਦਾ ਕੇਂਦਰ ਹੋਵੇਗਾ। ਇਸ ਮੌਕੇ ਮਹੇਸ਼ ਅਗਰਵਾਲ, ਸ਼ਾਮ ਅਰੋੜਾ, ਰਾਹੁਲ ਛਾਬੜਾ, ਰੋਹਿਤ ਛਪਾਰਾਲ, ਈਸੂ ਦੁੱਗਲ, ਮਲਕੀਅਤ ਸਿੰਘ ਰਘਬੋਤਰਾ, ਕੇਸਵ ਅਰੋੜਾ, ਅਸ਼ਵਨੀ ਕੁਮਾਰ, ਰੋਹਿਤ ਸੀਹਰਾ ਆਦਿ ਹਾਜਰ ਸਨ।

# ਜੀ ਆਰ ਡੀ ਇੰਟਰਨੈਸਨਲ ਸਕੂਲ ਟਾਂਡਾ ਵਿਖੇ 2 ਦਿਨਾ ਖੇਡ ਉਤਸਵ ਸੰਪੰਨ

**ਟਾਂਡਾ ਉੜਮੁੜ,(ਉਕਾਰ ਸਿੰਘ, ਜਸਵਿੰਦਰ ਸੰਧੂ)** ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸਿਮਰਨ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ. ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਸਲਾਨਾ ਖੇਡ ਉਤਸਵ ਸਫਲਤਾ ਪੂਰਵਕ ਸੰਪੰਨ ਹੋ ਗਿਆ। ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪ੍ਰਦੀਪ ਕੌਰ, ਐਮ ਡੀ ਬਿਕਰਮ ਸਿੰਘ ਦੀ ਅਗਵਾਈ ਵਿੱਚ ਪ੍ਰਬੰਧਕ ਅਮਨਦੀਪ ਸਿੰਘ ਸਾਹੀ, ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਦੇਖ-ਰੇਖ ਹੇਠ ਸ਼ੁਰੂ ਹੋਏ ਦੋ ਦਿਨਾਂ ਖੇਡ ਉਤਸਵ ਦੀ ਸਮਾਪਤੀ ਸਮੇਂ ਮਹਿਮਾਨ ਵਜੋਂ ਪਹੁੰਚੇ ਸੇਵਾ ਮੁਕਤ ਚੀਫ ਕੈਮੀਕਲ ਐਗਜਾਈਮਰ ਪੰਜਾਬ ਡਾ. ਕੇਵਲ ਸਿੰਘ ਕਾਜਲ, ਐਸ.ਐਮ.ਓ ਸਰਕਾਰੀ ਹਸਪਤਾਲ ਟਾਂਡਾ ਡਾ. ਕਰਨ ਕੁਮਾਰ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋ ਕੇ ਜੇਤੂ ਖਿਡਾਰੀਆਂ ਨੂੰ ਇਨਾਮ ਭੇਟ ਕੀਤੇ। ਇਸ ਮੌਕੇ ਡਾ. ਕੇਵਲ ਸਿੰਘ ਤੇ ਡਾ.ਕਰਨ ਕੁਮਾਰ ਸੈਣੀ ਨੇ ਸੰਬੋਧਨ ਕਰਦਿਆਂ ਸਕੂਲ ਦੇ ਸਮੂਹ ਪ੍ਰਬੰਧਕਾਂ ਨੂੰ ਸ਼ਾਨਦਾਰ ਖੇਡ ਉਤਸਵ ਕਰਵਾਉਣ ਤੇ ਮੁਬਾਰਕਬਾਦ ਦਿੱਤੀ ਅਤੇ ਖਿਡਾਰੀਆਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਅਤੇ ਦੱਸਿਆ ਕਿ ਖੇਡਾਂ ਵਿੱਚ ਭਾਗ ਲੈ ਕੇ ਅਸੀਂ ਆਪਣੀ ਜਿੰਦਗੀ ਦੇ ਉੱਚੇ ਮੁਕਾਮ ਹਾਸਲ ਕਰਨ ਵਿੱਚ ਸਫਲਤਾ ਕਰ ਸਕਦੇ ਹਾਂ ਇਸ ਲਈ ਸਾਨੂੰ ਖੇਡਾਂ ਨਾਲ ਜੁੜ ਨਾ ਚਾਹੀਦਾ ਹੈ। ਇਸ ਮੌਕੇ ਜੀਆਰਡੀ ਸਿੱਖਿਆ ਸੰਸਥਾਵਾਂ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਪਹੁੰਚੇ ਮੁੱਖ ਮਹਿਮਾਨਾਂ, ਸਮੂਹ ਸਟਾਫ ਵਿਦਿਆਰਥੀ ਅਤੇ ਉਹਨਾਂ ਦੇ ਮਾਪਿਆਂ ਦਾ ਸਹਿਯੋਗ ਕਰਨ ਲਈ ਧੰਨਵਾਦ ਕੀਤਾ। ਇਸ ਮੌਕੇ ਹੋਏ ਫਾਈਨਲ ਮੁਕਾਬਲਿਆਂ ਦੌਰਾਨ 100 ਮੀਟਰ ਦੌੜ ਵਿੱਚ ਲੜਕੀਆਂ ਦੇ ਵਰਗ ਦੌਰਾਨ ਰੈਡ ਹਾਊਸ ਦੀ ਸੁਖਪ੍ਰੀਤ ਕੌਰ ਨੇ ਪਹਿਲਾ, ਗਰੀਨ ਹਾਊਸ ਦੀ ਸੁਖਮਨਪ੍ਰੀਤ ਕੌਰ ਨੇ ਦੂਸਰਾ ਅਤੇ ਵਲਿਊ ਹਾਊਸ ਦੀ ਕਮਲਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਲੜਕਿਆਂ ਦੇ ਵਰਗ ਵਿੱਚ ਵਲਿਓ ਹਾਊਸ ਦੇ ਦਮਨਪ੍ਰੀਤ ਸਿੰਘ ਨੇ ਪਹਿਲਾ, ਗਰੀਨ ਹਾਊਸ ਦੇ ਹਰਕੀਰਤ ਸਿੰਘ ਨੇ ਦੂਸਰਾ ਅਤੇ ਰੈਡ ਹਾਊਸ ਦੇ ਸਾਗਰ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। 200 ਮੀਟਰ ਦੌੜ ਵਿੱਚ ਬਲੂ ਹਾਊਸ ਦੀ ਰੌਸ਼ਨੀ ਨੇ ਪਹਿਲਾ, ਰੈਡ ਹਾਊਸ ਦੀ ਸਹਜਦੀਪ ਕੌਰ ਨੇ ਦੂਸਰਾ ਅਤੇ ਬਲੂ ਹਾਊਸ ਦੀ ਅਲੀਸ਼ਾ ਨੇ ਤੀਸਰਾ ਸਥਾਨ ਹਾਸਿਲ ਕੀਤਾ। 400 ਮੀਟਰ ਦੌੜ ਰੇਸ ਲੜਕਿਆਂ ਦੇ ਵਰਗ ਵਿੱਚ ਯੈਲੋ ਹਾਊਸ ਦੇ ਗੁਰਮਤ ਸਿੰਘ ਨੇ ਪਹਿਲਾ, ਗਰੀਨ ਹਾਊਸ ਤੇ ਪਰਮਪ੍ਰੀਤ ਸਿੰਘ ਨੇ ਦੂਸਰਾ ਅਤੇ ਵਲਿਊ ਹਾਊਸ ਦੇ ਕਰਮਜੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਫਰੋਗ ਰੇਸ ਲੜਕੀਆਂ ਦੇ ਵਰਗ ਵਿੱਚ ਰੈਡ ਹਾਊਸ ਦੀ ਇਸਿਨਾ ਨੇ ਪਹਿਲਾ, ਰੈਡ ਹਾਊਸ ਦੀ ਹੀ ਤਨਵੀਰ ਨੇ ਦੂਸਰਾ ਤੇ ਗਰੀਨ ਹਾਊਸ ਦੀ ਅੰਮ੍ਰਿਤ ਕੌਰ ਤੇ ਕਮਲਪ੍ਰੀਤ ਕੌਰ ਨੇ ਸਾਂਝੇ ਤੌਰ ਤੇ ਤੀਸਰਾ ਸਥਾਨ ਹਾਸਿਲ ਕੀਤਾ। ਲੈਮਨ ਰੇਸ ਲੜਕੀਆਂ ਦੇ ਵਰਗ ਵਿੱਚ ਰੈਡ ਹਾਊਸ ਦੇ ਏਕਮ ਪ੍ਰੀਤ ਸਿੰਘ ਨੇ ਪਹਿਲਾ, ਬਲੂ ਹਾਊਸ ਦੇ ਅਮਰਜੋਤ ਸਿੰਘ ਨੇ ਦੂਸਰਾ ਤੇ ਰੈਡ ਹਾਊਸ ਦੇ ਅਕਾਲ ਜੋਤ ਸਿੰਘ ਤੇ ਹਰਜੋਤ ਸਿੰਘ ਨੇ ਸਾਂਝੇ ਤੌਰ ਤੇ ਤੀਸਰਾ ਸਥਾਨ ਹਾਸਿਲ ਕੀਤਾ। ਸੂਜ ਐਂਡ ਸੋਕਸ ਦੇ ਫਾਈਨਲ ਮੁਕਾਬਲੇ ਲੜਕਿਆਂ ਦੇ ਵਰਗ ਵਿੱਚ ਵਲਿਓ ਹਾਊਸ ਦੇ ਕਰਮਵੀਰ ਸਿੰਘ ਨੇ ਪਹਿਲਾ, ਯੈਲੋ ਹਾਊਸ ਹਾਊਸ ਦੇ ਹਰਕੀਰਤ ਸਿੰਘ ਨੇ ਦੂਸਰਾ ਅਤੇ ਰੈਡ ਹਾਊਸ ਦੇ ਸੰਦੀਪ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਖੇਡ ਉਸ ਉਤਸਵ ਦੀ ਸਮਾਪਤੀ ਤੇ ਸਕੂਲ ਦੇ ਵਿਦਿਆਰਥੀਆਂ ਨੇ ਸਾਨਦਾਰ ਦੇਸ ਭਗਤੀ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਇਸ ਮੌਕੇ ਡਾ. ਲਵਪ੍ਰੀਤ ਸਿੰਘ ਪਾਬਲਾ, ਲਵਲੀ ਸੈਣੀ, ਦਲਜਿੰਦਰ ਕੌਰ, ਰਾਜਵਿੰਦਰ ਕੌਰ, ਹਰਪ੍ਰੀਤ ਸਿੰਘ ,ਕੁਲਵਿੰਦਰ ਸਿੰਘ, ਤਜਿੰਦਰ ਕੌਰ, ਬਲਜੀਤ ਕੌਰ, ਗੁਰਪ੍ਰੀਤ ਕੌਰ, ਸਿਮਰਨਜੀਤ ਕੌਰ, ਹਰਦੀਪ ਕੌਰ, ਮਨਜੀਤ ਕੌਰ, ਮਨਪ੍ਰੀਤ ਕੌਰ, ਮੈਡਮ ਨਿਸਾ ,ਮਨਪ੍ਰੀਤ ਕੌਰ, ਸਿਮਰਨਜੀਤ ਕੌਰ, ਕਸ਼ਮੀਰ ਕੌਰ,ਹਰਿੰਦਰ ਕੌਰ, ਰਾਜਵਿੰਦਰ ਕੌਰ, ਰਜਨੀ ਸੈਣੀ, ਸੀਮਾ ਜਾਜਾ ,ਪਿੰਕੀ ਰਾਣੀ ਆਦਿ ਵੀ ਮੌਜੂਦ ਸਨ।

# ਸਰਕਾਰੀ ਆਈ ਟੀ ਆਈ ਵਿਖੇ ਵੋਟਰ ਜਾਗਰੂਕਤਾ ਕੈਂਪ ਲਗਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਕਾਰਜਕਾਰੀ ਪ੍ਰਿੰਸੀਪਲ ਗੁਰਨਾਮ ਸਿੰਘ, ਗੁਰਦੇਵ ਸਿੰਘ, ਨੋਡਲ ਅਫਸਰ ਹੰਸ ਰਾਜ ਦੀ ਅਗਵਾਈ ਵਿੱਚ ਦਫਤਰ ਸਬ ਡਵੀਜ਼ਨ ਮੈਜਿਸਟਰੇਟ ਕਮ ਚੋਣਕਾਰ ਰਜਿਸਟ੍ਰੇਸ਼ਨ ਅਫਸਰ 43 ਹੁਸ਼ਿਆਰਪੁਰ ਤੋਂ ਪਹੁੰਚੇ ਅਰੁਣ ਕਲਿਆਣ, ਸੰਦੀਪ ਪੁਰੀ, ਦੀਪਕ ਕੁਮਾਰ, ਸੁਖਵਿੰਦਰ ਸਿੰਘ ਵਲੋਂ ਵੋਟਰ ਸੂਚੀ ਦੀ ਸਪੈਸ਼ਲ ਸਮਰੀ ਰਿਵੀਜਨ ਤਹਿਤ 01-01-2024 ਤੱਕ 18 ਸਾਲ ਜਾਂ ਉਸ ਤੋਂ ਜਿਆਦਾ ਉਮਰ ਦੇ ਸਿਖਿਆਰਥੀਆਂ ਨੂੰ ਵੋਟ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਅਤੇ ਵੋਟਰ ਰਜਿਸਟ੍ਰੇਸ਼ਨ ਲਈ ਸਪੈਸ਼ਲ ਕੈਂਪ ਲਗਾਇਆ ਗਿਆ। ਇਸ ਮੌਕੇ ਸਿਖਿਆਰਥੀਆਂ ਨੂੰ ਵੋਟ ਦੀ ਮਹੱਤਤਾ ਤੋਂ ਜਾਣੂ ਕਰਵਾਉਦਿਆਂ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਵੋਟ ਬਣਾਉਣ ਲਈ ਲਈ ਫਾਰਮ ਨੰ 6 ਵੋਟਰ ਹੈਲਪਲਾਈਨ ਐਪ, ਵੋਟਰ ਪੋਰਟਲ ਤੇ ਜਾਂ ਆਫਲਾਈਨ ਸਬੰਧਤ ਬੂਥ ਲੈਵਲ ਅਫਸਰ ਰਾਹੀਂ ਭਰਨ ਲਈ ਸਿਖਿਅਤ ਕੀਤਾ। ਇਸ ਮੌਕੇ ਨੋਡਲ ਅਫਸਰ ਹੰਸ ਰਾਜ ਅਤੇ ਚੋਣ ਦਫਤਰ ਵਲੋਂ ਪਹੁੰਚੇ ਅਧਿਕਾਰੀਆਂ ਵਲੋਂ ਸਿਖਿਆਰਥੀਆਂ ਨੂੰ ਵੋਟਰ ਹੈਲਪਲਾਈਨ ਐਪ ਡਾਊਨਲੋਡ ਕਰਵਾਈ ਗਈ ਅਤੇ ਇਸ ਦੀ ਵਰਤੋਂ ਕਰਨ ਦੀ ਜਾਣਕਾਰੀ ਦਿੱਤੀ। ਇਸ ਮੌਕੇ ਸ੍ਰੀ ਦਵਿੰਦਰ ਸਿੰਘ, ਦਲਜੀਤ ਸਿੰਘ, ਪੁਸ਼ਪਿੰਦਰ ਸਿੰਘ, ਅਸ਼ਵਨੀ ਕੁਮਾਰ, ਅਵਤਾਰ ਸਿੰਘ, ਪੁਨੀਤ ਕੌਰ, ਇੰਦਰਜੀਤ ਕੌਰ, ਰਵੀ ਕੁਮਾਰ, ਗਰਿਮਾ, ਮਨਜਿੰਦਰ ਸਿੰਘ, ਚੰਦਰ ਸ਼ੇਖਰ ਆਜ਼ਾਦ, ਲਖਵਿੰਦਰ ਸਿੰਘ, ਅਨਿਲ ਕੁਮਾਰ, ਸੁਖਵਿੰਦਰ ਸਿੰਘ, ਨਰੇਸ਼ ਕੁਮਾਰ, ਗੁਰਮੇਲ ਸਿੰਘ, ਸ਼ਤੀਸ ਕੁਮਾਰ ਤੋਂ ਇਲਾਵਾ ਸੰਸਥਾ ਦੇ ਸਟਾਫ ਮੈਂਬਰ ਅਤੇ ਸਿਖਿਆਰਥੀ ਹਾਜਰ ਸਨ।



# ਪ੍ਰਕਾਸ ਪੁਰਬ ਸੰਬੰਧੀ ਪ੍ਰਭਾਤ ਫੇਰੀਆਂ ਜਾਰੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਨਿਰੰਕਾਰੀ ਜੋਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਪ੍ਰਕਾਸ ਪੁਰਬ ਸੰਬੰਧੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮਹਲਾ ਟਿੱਬਾ ਸਾਹਿਬ ਤੋਂ ਪ੍ਰਭਾਤ ਫੇਰੀਆਂ ਆਰੰਭ ਹੋ ਚੁੱਕੀਆਂ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਦਰਸ਼ਨ ਸਿੰਘ ਪਲਾਹਾ ਅਤੇ ਜਸਵਿੰਦਰ ਸਿੰਘ ਪਰਮਾਰ ਜਨਰਲ਼ ਸਕੱਤਰ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਨੇ ਦੱਸਿਆ ਕਿ 27 ਨਵੰਬਰ ਨੂੰ ਮਨਾਏ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਤੋਂ ਆਰੰਭ ਹੋ ਕੇ ਪ੍ਰਭਾਤ ਫੇਰੀਆਂ ਦੌਰਾਨ ਮੁਹੱਲਾ ਟਿੱਬਾ ਸਾਹਿਬ, ਸੁਭਾਸ਼ ਨਗਰ, ਲਾਭ ਨਗਰ, ਦਸਮੇਸ਼ ਨਗਰ, ਡਗਾਣਾ ਰੋਡ, ਪ੍ਰੀਤਮ ਨਗਰ, ਰਾਮਗੜ੍ਹ, ਮਿਲਾਪ ਨਗਰ ਆਦਿ ਇਲਾਕਿਆਂ ਵਿੱਚ ਸੰਗਤਾਂ ਵੱਲੋਂ 'ਤੱਕਿਆ ਮੈਂ ਬਾਬਰ ਦੇ ਦਰਬਾਰ ਇੱਕ ਮਸਤਾਨਾ ਜੋਗੀ', 'ਜਾਗ ਸੰਗਤੇ ਪ੍ਰਭਾਤ ਫੇਰੀ ਆਈ ਆ', 'ਅੰਮ੍ਰਿਤ ਵੇਲੇ ਉੱਠਿਆ ਕਰ, ਨਾਮੁ ਜਪਿਆ ਕਰ, ਵੰਡ ਛਕਿਆ ਕਰ', ਉਚਾ ਦਰ ਬਾਬੇ ਨਾਨਕ ਦਾ, ਮੈਂ ਸੋਭਾ ਸੁਣ ਕੇ ਆਇਆ' ਆਦਿ ਧਾਰਮਿਕ ਗੀਤਾ ਅਤੇ ਸ਼ਬਦਾਂ ਦਾ ਗਾਇਨ ਕਰਦੀਆਂ ਹੋਈਆਂ ਸੰਗਤਾਂ ਗੁਰਮੁਖ ਪਿਆਰਿਆਂ ਦੇ ਗ੍ਰਹਿ ਵਿਖੇ ਪਹੁੰਚ ਕੇ ਕੀਰਤਨ ਦੇ ਦੀਵਾਨ ਸਜਾਦੀਆਂ ਹਨ. ਜਿਸ 'ਚ ਭਾਈ ਸਤਿੰਦਰ ਸਿੰਘ ਆਲਮ ਹਜੂਰੀ ਰਾਗੀ ਅਤੇ ਭਾਈ ਜਸਵਿੰਦਰ ਸਿੰਘ ਪਰਮਾਰ ਤੁਰਕੀ ਬਾਣੀ ਦਾ ਰਸਭਿੰਨੇ ਕੀਰਤਨ ਅਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਨਿਹਾਲ ਕਰਦੇ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਭਾਟ ਸਿੱਖ ਯੂਥ ਕਲੱਬ ਵੱਲੋਂ ਲਾਭ ਨਗਰ, ਡਾਕਟਰ ਸਰਵਨ ਸਿੰਘ ਵੱਲੋਂ ਮਹੱਲਾ ਸੁਭਾਸ਼ ਨਗਰ, ਸਤਵੰਤ ਸਿੰਘ ਸਿਆਣ ਵੱਲੋਂ ਮਹੱਲਾ ਟਿੱਬਾ ਸਾਹਿਬ, ਗੁਰਚਰਨ ਸਿੰਘ ਗਰੇਵਾਲ ਵੱਲੋਂ ਮਹੱਲਾ ਆਦਰਸ ਨਗਰ ਰਜਿੰਦਰ ਸਿੰਘ ਵੱਲੋਂ ਮਹਲਾ ਮਾਊਂਟ ਐਵਨਿਊ ਅਤੇ ਮਹਿੰਦਰ ਸਿੰਘ ਵੱਲੋਂ ਮਹਲਾ ਪ੍ਰੀਤਮ ਨਗਰ ਵਿਖੇ ਪ੍ਰਭਾਤ ਫੇਰੀਆਂ ਦੀ ਸੇਵਾ ਕੀਤੀ ਗਈ ਹੈ ਜਿਨਾਂ ਨੂੰ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



# ਸਦਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗੁਰਪੁਰਬ

**ਫਿਲੌਰ (ਬੀ ਐਸ ਕੈਨੈਡੀ)** ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸਕੂਲ ਅਤੇ ਟਰਾਂਸਪੋਰਟ ਵਿਭਾਗ ਦੇ ਸਹਿਯੋਗ ਨਾਲ ਸਰਵ ਸ਼ਕਤੀਮਾਨ ਦਾ ਆਸ਼ੀਰਵਾਦ ਲੈਣ ਲਈ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਸ਼ੁਰੂਆਤ 'ਸੁਖਮਨੀ ਸਾਹਿਜ' ਦੇ ਪਾਠ ਨਾਲ ਹੋਈ ਅਤੇ ਇਸ ਤਿਉਹਾਰ ਨੂੰ ਸਾਰਿਆਂ ਨੇ ਬੜੇ ਮਾਣ ਅਤੇ ਸਤਿਕਾਰ ਨਾਲ ਮਨਾਇਆ। ਅਧਿਆਤਮਿਕ ਮਾਹੌਲ ਭਗਤੀ ਭਰੇ 'ਭਜਨਾਂ' ਅਤੇ 'ਅਰਦਾਸ' ਨਾਲ ਗੂੰਜ ਉਠਿਆ ਜਿਸ ਨਾਲ ਇੱਕ ਡੂੰਘਾ ਧਾਰਮਿਕ ਜਸ਼ਨ ਪੈਦਾ ਹੋਇਆ। ਇਸ ਮੌਕੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਰਵਾਇਤੀ ਪਹਿਰਾਵੇ ਨੂੰ ਸਜਾਇਆ ਅਤੇ ਸਕੂਲ ਦੇ ਵਿਹੜੇ ਵਿੱਚ ਲੰਗਰ ਲਗਾਇਆ ਗਿਆ। ਇਸ ਜਸ਼ਨ ਨੂੰ ਹੋਰ ਭਰਪੂਰ ਬਣਾਉਣ ਲਈ, ਅੱਟੀ ਸਥਿਤ ਗੁਰੂ ਅਮਰਦਾਸ ਬਿਰਧ ਆਸ਼ਰਮ (ਬੁੱਢੇ ਘਰ) ਤੋਂ ਸੀਨੀਅਰ ਨਾਗਰਿਕਾਂ ਨੂੰ ਸੱਦਾ ਦਿੱਤਾ ਗਿਆ ਸੀ, ਜਿਨ੍ਹਾਂ ਨੇ ਸਕੂਲ ਪ੍ਰਬੰਧਨ ਦੇ ਸੁਚੱਜੇ ਇਸਾਰੇ ਲਈ ਧੰਨਵਾਦ ਪ੍ਰਗਟ ਕੀਤਾ। ਪ੍ਰਿੰਸੀਪਲ ਡਾ. ਯੋਗੇਸ਼ ਗੰਭੀਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦੀ ਡੂੰਘੀ ਮਹੱਤਤਾ 'ਤੇ ਜੋਰ ਦਿੰਦੇ ਹੋਏ ਕਿਹਾ ਕਿ ਇਹ ਸਮਾਜ ਲਈ ਪਰਿਵਰਤਨਸ਼ੀਲ ਸੰਭਾਵਨਾਵਾਂ ਰੱਖਦੀਆਂ ਹਨ। ਪ੍ਰੋਗਰਾਮ ਦੀ ਸਮਾਪਤੀ ਖੁਸੀ ਦੇ ਜਜਬੇ ਨਾਲ ਹੋਈ, ਜਿਸ ਨਾਲ ਵਿਦਿਆਰਥੀਆਂ ਵਿਚ ਉਤਸ਼ਾਹ ਅਤੇ ਤਿਉਹਾਰ ਦੀ ਅਮਿੱਟ ਭਾਵਨਾ ਪੈਦਾ ਹੋਈ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਗੁਰੂ ਨਾਨਕ ਦੇਵ ਜੀ ਦੀਆਂ ਕਦਰਾਂ-ਕੀਮਤਾਂ, ਨੈਤਿਕਤਾ, ਸਿਧਾਂਤਾਂ ਅਤੇ ਸਿੱਖਿਆਵਾਂ ਨੂੰ ਮਜਬੂਤ ਕਰਨਾ ਹੈ।



# ਭਗਵਾਨ ਵਾਲਮੀਕਿ ਦੇ ਦਰਸਾਏ ਮਾਰਗ 'ਤੇ ਚਲਦੇ ਹੋਏ ਚੰਗੇ ਕਰਮ ਕਰਨੇ ਚਾਹੀਦੇ : ਮਿੱਕੀ, ਫਿਰੋਜ਼

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਭਗਵਾਨ ਵਾਲਮੀਕਿ ਮੰਦਿਰ ਫਿਰੋਜ ਰੋਲੀਆ ਵਿਖੇ ਮੰਦਰ ਦੇ ਮੁਖ ਸੇਵਾਦਾਰ ਸੁਖਦੇਵ ਸਿੰਘ ਦੀ ਅਗਵਾਈ ਵਿੱਚ ਭਗਵਾਨ ਸ੍ਰੀ ਵਾਲਮੀਕਿ ਜੀ ਮਹਾਰਾਜ ਦੇ ਪ੍ਰਕਾਸ ਦਿਹਾੜੇ ਨੂੰ ਸਮਰਪਿਤ ਇੱਕ ਸਤਿਸੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ, ਦੋਆਬਾ ਪ੍ਰਧਾਨ ਰਾਹੁਲ ਖੰਨਾ, ਦੋਆਬਾ ਚੇਅਰਮੈਨ ਸ਼ਿਵਮ ਵੈਦ, ਬੇਟ ਏਰੀਆ ਪ੍ਰਧਾਨ ਗਗਨ ਫਿਰੋਜ ਹਾਜਰ ਹੋਏ। ਇਸ ਮੌਕੇ ਤੇ ਨੰਬਰਦਾਰ ਸਲਿੰਦਰ ਸਿੰਘ ਫਿਰੋਜ, ਸੂਬੇਦਾਰ ਸ਼ਿੰਗਾਰਾ ਸਿੰਘ, ਗੁਰਵਿੰਦਰ ਸਿੰਘ ਗਿੰਦਾ, ਮੰਗਾ ਭੱਟੀ ਜਲੰਧਰ, ਬਲਵੀਰ ਸਿੰਘ, ਪ੍ਰਿੰਸ ਮੱਟੂ, ਪਰਦੀਪ ਸਿੰਘ ਮੱਟੂ, ਸਾਬੀ ਟਾਂਡਾ ਨੇ ਹਾਜਰੀ ਲਗਵਾਈ। ਵੀਰ ਸਰਵਣ ਦ੍ਰਾਵਿੜ ਆਧਸ ਭਜਨ ਮੰਡਲੀ ਟਾਂਡਾ ਵਾਲਿਆਂ ਨੇ ਆਪਣੇ ਭਜਨਾਂ ਰਾਹੀਂ ਭਗਵਾਨ ਸ੍ਰੀ ਵਾਲਮੀਕਿ ਜੀ ਦੀ ਜੀਵਨੀ 'ਤੇ ਰੋਸ਼ਨੀ ਪਾਉਂਦੇ ਹੋਏ ਉਨ੍ਹਾਂ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤ ਨੂੰ ਪ੍ਰਭੂ ਚਰਨਾਂ ਦੇ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਮੁਖ ਸੇਵਾਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਜਿਹੜਾ ਇਨਸਾਨ ਹੋ ਕੇ ਇਨਸਾਨ ਨਾਲ ਪਿਆਰ ਨਹੀਂ ਕਰਦਾ ਉਹ ਕਦੇ ਵੀ ਪਰਮਾਤਮਾ ਨੂੰ ਪ੍ਰਾਪਤ ਨਹੀਂ ਕਰ ਸਕਦਾ ਅਤੇ ਨਾ ਹੀ ਉਹ ਇਨਸਾਨ ਪਰਮਾਤਮਾ ਦੇ ਚਰਨ ਛੋਹ ਪ੍ਰਾਪਤ ਕਰ ਸਕਦਾ ਹੈ। ਇਸ ਮੌਕੇ ਤੇ ਹਾਜਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਨੇ ਕਿਹਾ ਕਿ ਜੇਕਰ ਅਸੀਂ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਦਰਸਾਏ ਮਾਰਗ 'ਤੇ ਚਲਦੇ ਹੋਏ ਚੰਗੇ ਕਰਮ ਨਹੀਂ ਕਰ ਸਕਦੇ ਤਾਂ ਸਾਡਾ ਇਹ ਇਨਸਾਨੀ ਜਾਮਾ ਵਿਅਰਥ ਹੈ। ਉਨ੍ਹਾਂ ਕਿਹਾ ਕਿ ਸਾਨੂੰ ਹਰ ਵੇਲੇ ਭਗਵਾਨ ਸ੍ਰੀ ਵਾਲਮੀਕਿ ਜੀ ਦਾ ਧਿਆਨ ਕਰਦੇ ਹੋਏ ਨਾਮ ਸਿਮਰਨ ਕਰਨਾ ਚਾਹੀਦਾ ਹੈ ਇਸ ਨਾਲ ਇਨਸਾਨ ਦੇ ਅੰਦਰੋਂ ਧੰਨ ਮੋਹ ਦੀ ਲਾਲਸਾ ਅਤੇ ਅਹਿੰਕਾਰ ਦਾ ਖਾਤਮਾ ਹੁੰਦਾ ਹੈ। ਇਸ ਮੌਕੇ ਤੇ ਗਗਨ ਫਿਰੋਜ ਰੋਲੀਆ ਨੇ ਕਿਹਾ ਕਿ ਭਗਵਾਨ ਸ੍ਰੀ ਵਾਲਮੀਕਿ ਜੀ ਨੇ ਸਾਰੀ ਦੁਨੀਆ ਨੂੰ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੇ ਹੋਏ ਨਾਮ ਸਿਮਰਨ ਦਾ ਜਾਪ ਕਰਨ ਦੀ ਪ੍ਰੇਰਨਾ ਦਿੱਤੀ ਸੀ ਤਾਂ ਜੋ ਜੀਵਨ ਵਿੱਚ ਚੰਗੇ ਕਰਮ ਕਰਦੇ ਹੋਏ ਹਰ ਵੇਲੇ ਹਰ ਹੋਰਾਂ ਦੇ ਭਲੇ ਦੀ ਹੀ ਅਰਦਾਸ ਕੀਤੀ ਜਾਵੇ। ਇਸ ਮੌਕੇ 'ਤੇ ਮੁੱਖ ਸੇਵਾਦਾਰ ਸੁਖਦੇਵ ਸਿੰਘ, ਸੂਬੇਦਾਰ ਸ਼ਿੰਗਾਰਾ ਸਿੰਘ, ਗਗਨ ਫਿਰੋਜ, ਗਿੰਦਾ ਫਿਰੋਜ ਅਤੇ ਸਮੂਹ ਮੈਂਬਰਾਂ ਨੇ ਆਏ ਹੋਏ ਮੁੱਖ ਮਹਿਮਾਨਾਂ ਨੂੰ ਸਿਰੋਪੇ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਵੀਰੂ ਤੱਲਾ, ਸਾਗਰ ਤੱਲਾ, ਗੁਰਬਚਨ ਸਿੰਘ ਫਿਰੋਜ, ਵਿਸ਼ਾਲ ਫਿਰੋਜ ਅਤੇ ਹੋਰ ਸੰਗਤ ਹਾਜਰ ਸੀ।



## ਉਦਯੋਗਪਤੀਆਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਉਦਯੋਗਿਕ ਸੁਵਿਧਾ ਸੈੱਲ ਦੀ ਸ਼ੁਰੂਆਤ : ਈ ਟੀ ਓ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਉਦਯੋਗਿਕ ਖੇਤਰ ਲਈ ਸੇਵਾਵਾਂ ਨੂੰ ਤਰਜੀਹ ਦੇਣ ਅਤੇ ਸੁਚਾਰੂ ਬਣਾਉਣ ਲਈ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਨੇ ਇੱਕ ਸਮਰਪਿਤ ਸੈੱਲ - ਉਦਯੋਗਿਕ ਸਹੂਲਤ ਸੈੱਲ (ਆਈ ਐਫ ਸੀ) ਦੀ ਸ਼ੁਰੂਆਤ ਕੀਤੀ ਹੈ ਜਿਸ ਦੀ ਪੀ ਐਸ ਪੀ ਸੀ ਐਲ ਦੇ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਦੇ ਦਫ਼ਤਰ ਦੁਆਰਾ ਨਿਗਰਾਨੀ ਕੀਤੀ ਜਾਵੇਗੀ। ਇਸ ਪਹਿਲਕਦਮੀ ਦਾ ਉਦੇਸ਼ ਉਦਯੋਗਪਤੀਆਂ ਨੂੰ ਨਵੇਂ ਕੁਨੈਕਸ਼ਨ ਜਾਰੀ ਕਰਨ, ਲੋਡ ਵਧਾਉਣ ਅਤੇ ਬਿਜਲੀ ਨਾਲ ਸਬੰਧਤ ਹੋਰ ਮਾਮਲਿਆਂ ਨਾਲ ਸਬੰਧਤ ਮੁੱਦਿਆਂ ਨੂੰ ਤੁਰੰਤ ਹੱਲ ਕਰਨਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਦੱਸਿਆ ਕਿ ਸਤੰਬਰ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਐਸ.ਏ.ਐਸ. ਨਗਰ (ਮੋਹਾਲੀ) ਵਰਗੇ ਪ੍ਰਮੁੱਖ ਉਦਯੋਗਿਕ ਹੱਬਾਂ ਵਿੱਚ ਉਦਯੋਗਪਤੀਆਂ ਨਾਲ ਲੜੀਵਾਰ ਮੀਟਿੰਗਾਂ ਕੀਤੀਆਂ ਸਨ। ਉਨ੍ਹਾਂ ਕਿਹਾ ਕਿ ਆਈ ਐਫ ਸੀ ਦੀ ਸਥਾਪਨਾ ਇਸ ਲੜੀਵਾਰ ਮੀਟਿੰਗਾਂ ਦੌਰਾਨ ਉਦਯੋਗਪਤੀਆਂ ਵੱਲੋਂ ਉਠਾਈਆਂ ਗਈਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ ਹੈ। ਬਿਜਲੀ ਮੰਤਰੀ ਨੇ ਕਿਹਾ ਕਿ ਇਨ੍ਹਾਂ ਮੀਟਿੰਗਾਂ ਦੌਰਾਨ ਉਦਯੋਗਪਤੀਆਂ ਵੱਲੋਂ ਬਿਜਲੀ ਸਪਲਾਈ ਅਤੇ ਰੱਖ-ਰਖਾਅ ਸੰਬੰਧੀ ਵੱਖ-ਵੱਖ ਚਿੰਤਾਵਾਂ ਨੂੰ ਜਾਹਿਰ ਕੀਤਾ ਗਿਆ ਸੀ ਅਤੇ ਇੰਨ੍ਹਾਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਲਈ ਇੱਕ ਸਮਰਪਿਤ ਵਿਧੀ ਦੀ ਲੋੜ 'ਤੇ ਜ਼ੋਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਉਦਯੋਗਪਤੀਆਂ ਦੀਆਂ ਇੰਨ੍ਹਾਂ ਚਿੰਤਾਵਾਂ ਦੇ ਹੱਲ ਲਈ ਪੰਜਾਬ ਸਰਕਾਰ ਵੱਲੋਂ ਪੀ.ਐਸ.ਪੀ.ਸੀ.ਐਲ ਦੇ ਢਾਂਚੇ ਦੇ ਅੰਦਰ ਉਦਯੋਗਿਕ ਸਹੂਲਤ ਸੈੱਲ ਦੀ ਸਥਾਪਨਾ ਕਰਨ ਵਾਸਤੇ ਤੇਜ਼ੀ ਨਾਲ ਕਾਰਵਾਈ ਕੀਤੀ ਗਈ। ਆਈ.ਐਫ.ਸੀ ਦੁਆਰਾ ਪੇਸ਼ ਕੀਤੀਆਂ ਜਾਣ ਵਾਲੀਆਂ ਨਵੀਆਂ ਸੇਵਾਵਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਇੱਕ ਸਮਰਪਿਤ ਹੈਲਪਲਾਈਨ ਵੱਟਸਐਪ ਨੰਬਰ 964-6119141 ਅਤੇ ਇੱਕ ਈਮੇਲ ਲਾਂਚ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸੰਚਾਰ ਮਾਧਿਅਮ ਉਦਯੋਗਪਤੀਆਂ ਅਤੇ ਆਈ.ਐਫ.ਸੀ ਦਰਮਿਆਨ ਨਿਰਵਿਘਨ ਗੱਲਬਾਤ ਦੀ ਸਹੂਲਤ ਪ੍ਰਦਾਨ ਕਰਨਗੇ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਆਈ.ਐਫ.ਸੀ ਦੀ ਸਥਾਪਨਾ ਨਾਲ ਸਮੱਸਿਆਵਾਂ ਦੇ ਹੱਲ ਵਿੱਚ ਤੇਜ਼ੀ ਆਵੇਗੀ ਅਤੇ ਇਹ ਸੈੱਲ ਉਦਯੋਗਿਕ ਖੇਤਰ ਅਤੇ ਪੀ.ਐਸ.ਪੀ.ਸੀ.ਐਲ ਵਿਚਕਾਰ ਸੰਚਾਰ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਇਹ ਕਦਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਵਿੱਚ ਸਨਅਤੀ ਭਾਈਚਾਰੇ ਦੀਆਂ ਵਿਸ਼ੇਸ਼ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਵਪਾਰ ਪੱਖੀ ਮਾਹੌਲ ਪੈਦਾ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਕੋਟਪਾ ਐਕਟ ਤਹਿਤ 12 ਚਲਾਨ ਕੱਟੇ

**ਬੁੱਲੋਵਾਲ, (ਵਿਰਦੀ)** ਸਿਵਲ ਸਰਜਨ ਹੁਸ਼ਿਆਰਪੁਰ ਡਾ. ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ.ਬਲਦੇਵ ਸਿੰਘ ਦੀ ਅਗਵਾਈ ਵਿਚ ਨਸਰਾਲਾ ਏਰੀਆ ਵਿਚ ਕੋਟਪਾ ਐਕਟ ਤਹਿਤ ਲੋਕਾਂ ਦੇ ਚਲਾਨ ਕੱਟੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਐਸ.ਐਮ.ਓ. ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਕੋਟਪਾ ਐਕਟ ਤਹਿਤ ਜੇਕਰ ਕੋਈ ਜਨਤਕ ਥਾਂਵਾਂ ਤੇ ਸਿਗਰਟਨੋਸ਼ੀ ਕਰਦਾ ਹੈ ਜਾਂ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਤੰਬਾਕੂ ਵੇਚਦਾ ਹੈ, ਉਸ ਵਿਅਕਤੀ ਦਾ ਚਲਾਨ ਕੱਟਿਆ ਜਾਂਦਾ ਹੈ। ਉਹਨਾਂ ਦੱਸਿਆ ਕਿ ਚੱਕੋਵਾਲ ਦੇ ਸਿਹਤ ਮੁਲਾਜ਼ਮ ਪੂਰੀ ਤਨਦੇਹੀ ਨਾਲ ਕੰਮ ਕਰਦੇ ਹਨ ਤੇ ਹਰ ਵਾਰ ਚੱਕੋਵਾਲ ਦੇ ਚਲਾਨ ਜ਼ਿਲੇ ਵਿਚ ਸਭ ਤੋਂ ਵੱਧ ਹੁੰਦੇ ਹਨ। ਤੰਬਾਕੂ ਸਿਹਤ ਲਈ ਖਤਰਨਾਕ ਹੈ ਇਸ ਨਾਲ ਕੈਂਸਰ, ਸਾਹ ਦੀਆਂ ਬਿਮਾਰੀਆਂ ਹੰਦੀਆਂ ਹਨ ਇਸ ਲਈ ਲੋਕਾਂ ਨੂੰ ਤੰਬਾਕੂਨੋਸ਼ੀ ਤੋਂ ਦੂਰ ਰਹਿਣਾ ਚਾਹੀਦਾ ਹੈ। ਇਸ ਮੌਕੇ ਐਚ.ਆਈ. ਕਸ਼ਮੀਰ ਲਾਲ, ਹਰਪ੍ਰੀਤ ਸਿੰਘ, ਲਹਿੰਬਰ ਸਿੰਘ ਤੇ ਕੁਲਦੀਪ ਕੁਮਾਰ



ਨੇ ਨਸਰਾਲਾ ਵਿਚ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ। ਸਿਹਤ ਵਿਭਾਗ ਦੀ ਟੀਮ ਨੇ 12 ਚਲਾਨ ਕੱਟੇ ਤੇ 1100 ਰੁਪਏ ਜੁਰਮਾਨਾ ਇਕੱਠਾ ਕੀਤਾ। ਕਸ਼ਮੀਰ ਲਾਲ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਨਸ਼ਿਆਂ ਖਾਸ ਤੌਰ ਤੇ ਤੰਬਾਕੂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਦੀ ਰਹਿੰਦੀ ਹੈ।

## ਕਾਂਗਰਸ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ 'ਚ ਸ਼ਾਮਲ

**ਬਹਿਰਾਮ (ਅਵਤਾਰ ਕਲੇਰ)**

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਕਾਂਗਰਸ ਪਾਰਟੀ ਨੂੰ ਉਦੋਂ ਵੱਡਾ ਝਟਕਾ ਲੱਗਾ ਜਦੋਂ ਕਾਂਗਰਸ ਮਹਿਲਾ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਕੌਰ ਮੰਜੂ ਸੈਣੀ ਨੇ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਤੇ ਇਸਤਰੀ ਅਕਾਲੀ ਦਲ ਦੇ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਦੀ ਹਾਜਰੀ ਵਿਚ ਅਕਾਲੀ ਦਲ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਮੰਜੂ ਸੈਣੀ ਨੇ ਅਹਿਦ ਕੀਤਾ ਕਿ ਅੱਜ ਤੋਂ ਸ੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਦੇ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ਤੇ ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਨੂੰ ਮਜਬੂਤ ਕਰਨ ਦੇ ਲਈ ਜੋ ਵੀ ਸੇਵਾ ਪਾਰਟੀ ਨੂੰ ਸੌਂਪੇਗੀ ਉਸਨੂੰ ਉਹ ਤਨਦੇਹੀ ਦੇ ਨਾਲ ਨਿਭਾਉਣਗੇ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸਮੁੱਚੇ ਪੰਜਾਬੀ ਇਸ ਵੇਲੇ ਇਹ ਮਹਿਸੂਸ ਕਰ ਰਹੇ ਹਨ ਕਿ ਆਮ ਆਦਮੀ ਪਾਰਟੀ ਨੇ 2022 ਦੀਆਂ ਚੋਣਾਂ ਵੇਲੇ ਉਹਨਾਂ ਨਾਲ ਵੱਡਾ ਧੋਖਾ ਕੀਤਾ ਹੈ ਤੇ ਕਾਂਗਰਸ ਪਾਰਟੀ ਨੇ ਹਮੇਸ਼ਾ ਪੰਜਾਬੀਆਂ ਨੂੰ ਗੁੰਮਰਾਹ ਕੀਤਾ ਹੈ। ਸਿਰਫ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਹੈ ਜਿਸਨੇ ਜਿਥੇ ਵੱਖ-ਵੱਖ ਸਮਾਜਿਕ ਸਕੀਮਾਂ ਰਾਹੀਂ ਸਮਾਜ ਭਲਾਈ ਦੇ ਕੰਮ ਕੀਤੇ ਹਨ, ਉਥੇ ਹੀ ਪੰਜਾਬ ਦੀ ਤਰੱਕੀ ਤੇ ਵਿਕਾਸ ਵਾਸਤੇ ਕੋਈ ਕੰਮ ਨਹੀਂ ਛੱਡਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ, ਜਗਤ ਸਿੰਘ, ਗੁਰਪ੍ਰੀਤ



ਗੁੱਜਰ, ਬੀਬੀ ਸੀਸ ਕੌਰ ਬੀਕਾ, ਪਰਸ ਸਿੰਘ ਖਾਲਸਾ, ਪੂਨਮ ਅਰੋੜਾ, ਪਰਮਜੀਤ ਕੌਰ ਨਵਾਂਸ਼ਹਿਰ, ਰੂਬੀ ਸਹਿਗਲ ਸਰਪੰਚ ਮਹਿਰਮਪੁਰ, ਮਨਪ੍ਰੀਤ ਕੌਰ ਸਰਪੰਚ ਝੰਡੇਰ, ਅਨੀਤਾ ਸ਼ਰਮਾ, ਬਲਬੀਰ ਕੌਰ ਪਠਲਾਵਾ, ਪੂਨਮ ਰਾਣੀ ਪ੍ਰਧਾਨ ਆਂਗਣਵਾੜੀ ਵਰਕਰ ਯੂਨੀਅਨ ਜ਼ਿਲ੍ਹਾ ਨਵਾਂਸ਼ਹਿਰ, ਕੁਲਵੰਤ ਸੜੋਆ, ਮਨਜੀਤ ਬਲਾਚੌਰ, ਕਵਿਤਾ ਸ਼ਰਮਾ ਨਵਾਂਸ਼ਹਿਰ ਅਤੇ ਹਰਜੀਤ ਕੌਰ ਵੀ ਹਾਜਰ ਸਨ।

## ਜੌੜਾ ਮਾਜਰਾ ਨੂੰ ਮਾਈਨਿੰਗ ਵਿਭਾਗ ਮਿਲਣ 'ਤੇ ਹਾਈਕਮਾਂਡ ਦਾ ਧੰਨਵਾਦ

**ਫਿਲੌਰ (ਨਿਰਮਲ)**-ਪੰਜਾਬ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਰੱਖਿਆ ਸੇਵਾਵਾਂ, ਸੁਤੰਤਰਤਾ ਸੰਗਰਾਮੀ ਅਤੇ ਬਾਗਬਾਨੀ ਮੰਤਰੀ, ਲੋਕ ਸੰਪਰਕ ਵਿਭਾਗ ਮੰਤਰੀ ਪੰਜਾਬ ਨੂੰ ਮਾਈਨਿੰਗ ਵਿਭਾਗ ਦਾ ਅਹੁਦਾ ਮਿਲਣਾ 'ਤੇ ਹਲਕਾ ਫਿਲੌਰ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸੰਧੂ ਬਲਾਕ ਪ੍ਰਧਾਨ, ਵਰਿੰਦਰ ਸਿੰਘ ਸੈਣੀ, ਪਰਮਿੰਦਰ ਸਿੰਘ ਮਾਹਲ, ਅਮਰਜੀਤ, ਇੰਦਰਜੀਤ ਸਿੰਘ ਸ਼ਾਹਪੁਰ, ਗੁਰਦੀਪ ਸਿੰਘ, ਮਨਦੀਪ ਸਿੰਘ ਸ਼ਾਹਪੁਰ, ਸੁਖਵਿੰਦਰ ਸਿੰਘ ਬ੍ਰਹਮਪੁਰੀ, ਤਰਲੋਕ ਸਿੰਘ ਵਿਰਕ ਅਤੇ ਹੋਰਾਂ ਵਲੋਂ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ ਨੇ ਜਲੰਧਰ ਦੀ ਜ਼ਿਮਨੀ ਚੋਣ 'ਚ ਵੱਡਾ ਯੋਗਦਾਨ ਪਾਇਆ ਸੀ, ਉਨ੍ਹਾਂ ਹਲਕਾ ਫਿਲੌਰ ਦੇ ਪਿੰਡ ਪਿੰਡ ਜਾ ਕੇ ਨੁਕੜ ਮੀਟਿੰਗਾਂ ਕਰਕੇ ਲੋਕਾਂ ਨੂੰ ਆਪ ਉਮੀਦਵਾਰ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕੀਤਾ ਸੀ। ਜੌੜਾ ਮਾਜਰਾ ਦੀ ਸਖਤ ਮਿਹਨਤ ਸਦਕਾ ਆਮ ਆਦਮੀ ਪਾਰਟੀ ਨੂੰ ਫਿਲੌਰ ਤੋਂ ਲੀਡ ਮਿਲੀ ਸੀ। ਉਨ੍ਹਾਂ ਕਿਹਾ ਉਨ੍ਹਾਂ ਦੀ ਅਗਵਾਈ 'ਚ 2024 ਲੋਕ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਇਤਿਹਾਸਕ ਜਿੱਤ ਪ੍ਰਾਪਤ ਕਰੇਗੀ।



## ਹਿਰਨ ਨੂੰ ਗੋਦ ਲੈ ਕੇ ਡੀ ਸੀ ਨੇ ਮਨਾਇਆ ਜਨਮ ਦਿਨ

**ਐਸ ਏ ਐਸ ਨਗਰ, ( ਕ੍ਰਿਸ਼ਨ ਗਰਗ)**

ਕੁਦਰਤ ਅਤੇ ਪਸ਼ੂ ਪੰਛੀਆਂ ਪ੍ਰਤੀ ਮਾਨਵੀ ਸਨੇਹ ਦੀ ਮਿਸਾਲ ਕਾਇਮ ਕਰਦੇ ਹੋਏ ਡਿਪਟੀ ਕਮਿਸ਼ਨਰ ਐਸ.ਏ.ਐਸ ਨਗਰ, ਸ੍ਰੀਮਤੀ ਆਸ਼ਿਕਾ ਜੈਨ ਨੇ ਆਪਣਾ ਜਨਮ ਦਿਨ ਵਿਲੱਖਣ ਢੰਗ ਨਾਲ ਮਨਾਉਂਦੇ ਹੋਏ ਛੱਤਬੀੜ ਚਿੜੀਆਘਰ ਵਿੱਚ ਇੱਕ ਸਾਲ ਲਈ ਹਿਰਨ ਨੂੰ ਗੋਦ ਲਿਆ। ਡਿਪਟੀ ਕਮਿਸ਼ਨਰ ਨੇ ਆਪਣੇ ਪਤੀ ਹਿਮਾਂਸ਼ੂ ਜੈਨ ਨਾਲ ਦੁਪਹਿਰ ਵੇਲੇ ਚਿੜੀਆਘਰ ਦਾ ਦੌਰਾ ਕੀਤਾ ਅਤੇ 14400 ਰੁਪਏ ਦੀ ਸਾਲਾਨਾ ਫੀਸ ਜਮ੍ਹਾਂ ਕਰਵਾ ਕੇ ਹਿਰਨ ਨੂੰ ਗੋਦ ਲੈਣ ਦੀ ਰਸਮ ਪੂਰੀ ਕੀਤੀ। ਉਨ੍ਹਾਂ ਨੇ ਇਹ ਫੀਸ ਪੰਜਾਬ ਚਿੜੀਆਘਰ ਵਿਕਾਸ ਸੁਸਾਇਟੀ ਨੂੰ ਜਮ੍ਹਾਂ ਕਰਵਾਈ ਜੋ ਚਿੜੀਆਘਰ ਵਿੱਚ ਪਸ਼ੂਆਂ ਦੀ ਦੇਖਭਾਲ ਲਈ ਕੰਮ ਕਰ ਰਹੀ ਹੈ। ਇਸ ਨੂੰ ਸੁਖਾਵਾਂ ਅਤੇ ਬੇਹਤਰੀਨ ਅਨੁਭਵ ਦੱਸਦੇ ਹੋਏ, ਸ੍ਰੀਮਤੀ ਆਸ਼ਿਕਾ ਜੈਨ ਨੇ ਕਿਹਾ ਕਿ ਇਸ ਕਾਰਜ ਤੋਂ ਬਾਅਦ ਹੁਣ ਉਹ ਹੋਰ ਸਰਗਰਮੀ ਨਾਲ ਲੋਕਾਂ ਨੂੰ ਇਸ ਕਾਰਜ ਪ੍ਰਤੀ ਯੋਗਦਾਨ ਪਾਉਣ ਲਈ ਪ੍ਰੇਰਨਗੇ। ਜੈਨ ਨੇ ਕਿਹਾ ਕਿ ਇਹ ਯਕੀਨੀ ਬਣਾਉਣਾ ਜਰੂਰੀ ਹੈ ਕਿ ਜਾਨਵਰਾਂ ਅਤੇ ਪੌਦਿਆਂ ਦੀਆਂ ਕੀਮਤੀ ਪ੍ਰਜਾਤੀਆਂ ਨੂੰ ਜਨਤਕ ਸਹਿਯੋਗ ਨਾਲ ਸੁਰੱਖਿਅਤ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਲੋਕਾਂ ਖਾਸ ਕਰਕੇ ਵਿਦਿਆਰਥੀਆਂ ਨੂੰ ਆਪਣੇ ਅਜਿਹੇ ਵਿਸ਼ੇਸ਼ ਦਿਨਾਂ 'ਤੇ ਇਸ ਨੇਕ ਕਾਰਜ ਲਈ ਅੱਗੇ ਆਉਣ ਅਤੇ ਯੋਗਦਾਨ ਪਾਉਣ ਲਈ ਅਪੀਲ ਕੀਤੀ। ਛੱਤਬੀੜ ਚਿੜੀਆਘਰ ਦੀ ਡਾਇਰੈਕਟਰ ਸ੍ਰੀਮਤੀ ਕਲਪਨਾ ਕੇ. ਨੇ ਇਸ ਨੇਕ ਕੰਮ ਲਈ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ। ਉਸਨੇ ਵਿਦਿਅਕ ਸੰਸਥਾਵਾਂ ਅਤੇ ਸਕੂਲ ਮੁਖੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ ਸਕੂਲ ਵਿੱਚ ਚਿੜੀਆਘਰ ਦੇ ਜੀਵ - ਜੰਤੂਆਂ ਨੂੰ ਗੋਦ ਲੈਣ ਦੀ ਲਹਿਰ ਚਲਾਉਣ। ਜ਼ਿਕਰਯੋਗ ਹੈ ਕਿ ਜੈਨ ਜੋੜਾ ਵਾਤਾਵਰਨ ਦੀ ਸੰਭਾਲ ਪ੍ਰਤੀ ਵੀ ਸਮਰਪਿਤ ਹੈ। ਹਿਮਾਂਸ਼ੂ ਜੈਨ ਜੋ ਪੰਜਾਬ ਦੇ ਮੁੱਖ ਮੰਤਰੀ ਦੇ ਵਧੀਕ ਪ੍ਰਮੁੱਖ ਸਕੱਤਰ ਵਜੋਂ ਕੰਮ ਕਰ ਰਹੇ ਹਨ, ਨੇ ਕਿਹਾ ਕਿ ਉਹ ਸੀਸਵਾਂ ਜੰਗਲੀ ਖੇਤਰ ਵਿੱਚ ਸ਼ਿਵਾਲਿਕ ਦੇ ਇਲਾਕੇ ਵਿੱਚ ਹਾਈਕਿੰਗ, ਟ੍ਰੇਲ ਵਾਕ ਵਰਗੀਆਂ ਵਾਤਾਵਰਣ ਜਾਗਰੂਕਤਾ ਗਤੀਵਿਧੀਆਂ ਵਿੱਚ ਅਕਸਰ ਹਿੱਸਾ ਲੈਂਦੇ ਹਨ। ਸੀਸਵਾਂ ਖੇਤਰ ਵਿੱਚ ਪਗਡੰਡੀਆਂ 'ਤੇ ਇੱਕ ਕੌਫੀ ਟੇਬਲ ਬੁੱਕ ਦੇ ਪ੍ਰਕਾਸ਼ਨ ਲਈ ਵੀ ਉਨ੍ਹਾਂ ਦਾ ਕੰਮ ਜਾਰੀ ਹੈ। ਉਨ੍ਹਾਂ ਆਪਣੇ ਜੀਵਨ ਸਾਥੀ ਦੇ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਕਦਮ ਦਾ ਉਦੇਸ਼ ਦੂਜਿਆਂ ਲਈ ਵੀ ਇੱਕ ਮਿਸਾਲ ਕਾਇਮ ਕਰਨਾ ਹੈ।



## ਭਾਰਤੀ ਫੁੱਟਬਾਲ ਟੀਮ ਲਈ ਸੁਮਿਤ ਸਹਾਇਕ ਕੋਚ ਨਿਯੁਕਤ

**ਗੁਰਾਇਆ (ਬਿੰਦਰ ਸੁੰਮਨ)**

ਕੋਚ ਸੁਮਿਤ ਪਿੰਡ ਬੰਡਾਲਾ ਜ਼ਿਲ੍ਹਾ ਜਲੰਧਰ ਇੱਕ ਗਰੀਬ ਪਿਛੋਕੜ ਤੋਂ ਆਉਣ ਦੇ ਬਾਵਜੂਦ, ਉਸਨੇ ਫੁੱਟਬਾਲ ਲਈ ਆਪਣੇ ਜਨੂੰਨ ਨੂੰ ਇੱਕ ਕੋਚਿੰਗ ਕਰੀਅਰ ਵਿੱਚ ਬਦਲ ਦਿੱਤਾ। ਸੁਮਿਤ ਪ੍ਰੋਫੈਸ਼ਨਲੀ ਤੌਰ 'ਤੇ ਫੁੱਟਬਾਲ ਖੇਡਿਆ ਅਤੇ ਸੱਟ ਲੱਗਣ ਤੋਂ ਬਾਅਦ ਵਾਈ.ਐਫ.ਸੀ ਰੁੜਕਾ ਕਲਾਂ ਦੇ ਵਿੱਚ ਆਪਣੀ ਕੋਚਿੰਗ ਦੀ ਸ਼ੁਰੂਆਤ ਕੀਤੀ। ਜਿਸ ਵਿੱਚ ਆਪਣਾ ਉਸਨੇ ਡੀ ਅਤੇ ਸੀ ਡਿਪਲੋਮਾ ਪ੍ਰਾਪਤ ਕੀਤਾ ਜੋ ਕਿ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ ਅਤੇ ਏਸ਼ੀਅਨ ਫੁੱਟਬਾਲ ਫੈਡਰੇਸ਼ਨ ਦੀ ਤਰਫੋਂ ਕਰਵਾਇਆ ਜਾਂਦਾ ਹੈ। ਵਾਈ.ਐਫ.ਸੀ ਰੁੜਕਾ ਕਲਾਂ ਵਿੱਚ ਕੋਚਿੰਗ ਕਰਨ ਤੋਂ ਬਾਅਦ ਉਸਨੇ ਆਪਣੀ ਕੋਚਿੰਗ ਬਾਰਸਾ ਅਕੈਡਮੀ ਗੁੜਗਾਉਂ ਦੇ ਵਿੱਚ ਸ਼ੁਰੂ ਕੀਤੀ। ਦੋ ਸਾਲ ਬਾਅਦ ਉਸਨੇ ਆਪਣੇ ਆਪ ਨੂੰ ਹੋਰ ਬਿਹਤਰ ਕਰਨ ਦੇ ਲਈ ਮਿਨਰਵਾ ਫੁੱਟਬਾਲ ਕਲੱਬ ਚੰਡੀਗੜ੍ਹ ਵਿਖੇ ਆਪਣਾ ਬੀ ਡਿਪਲੋਮਾ ਅਤੇ ਲੈਵਲ ਵਨ ਫੁਟਸਾਲ ਦੀ ਕੋਚਿੰਗ ਲਈ। ਸੁਮਿਤ ਦਾ ਸੁਪਨਾ ਸੀ ਕਿ ਉਹ ਦੇਸ਼ ਲਈ ਖੇਡੇ ਤੇ ਸੱਟ ਲੱਗਣ ਕਾਰਨ ਉਹ ਇੰਡੀਆ ਲਈ ਨਹੀਂ ਖੇਡ ਸਕਿਆ ਪਰ ਉਸਨੇ ਇਹ ਨਿਸ਼ਚਿਤ ਕੀਤਾ ਕਿ ਮੈਂ ਅਗਰ ਪਲੇਅਰ ਬਣ ਕੇ ਨਹੀਂ ਇੰਡੀਆ ਨੂੰ ਰੀਪ੍ਰਜੈਂਟ ਕਰ ਸਕਿਆ ਤਾਂ ਕੋਚ ਬਣ ਕੇ ਕਰਾਂਗਾ ਤੇ ਉਸਨੇ ਕਰ ਦਿਖਾਇਆ। ਸੁਮਿਤ ਹੁਣ ਭਾਰਤੀ ਫੁਟਸਲ ਟੀਮ ਦਾ ਸਹਾਇਕ ਕੋਚ ਹੈ, ਜੋ ਕਿ ਉਸ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਹੈ। ਇਹ ਸ਼ਾਨਦਾਰ ਮੌਕਾ ਫੁੱਟਬਾਲ ਏਸ਼ੀਅਨ ਕੱਪ 2024 ਕੁਆਲੀਫਾਇਰ ਲਈ ਸਮੇਂ ਸਿਰ ਆਇਆ ਹੈ। ਟੂਰਨਾਮੈਂਟ ਜਾਣ ਤੋਂ ਪਹਿਲਾਂ ਉਹਨਾਂ ਨੇ ਆਪਣਾ ਦੋਸਤਾਨਾ ਮੈਚ ਬਹਰੀਨ ਦੇ ਵਿੱਚ ਖੇਡਿਆ ਅਤੇ ਉਹਨਾਂ ਨੇ 5 ਅਕਤੂਬਰ, 2023 ਨੂੰ ਤਜ਼ਾਕਿਸਤਾਨ ਦੀ ਯਾਤਰਾ ਕੀਤੀ ਅਤੇ ਫਾਈਨਲ ਵਿੱਚ ਪਹੁੰਚਣ ਦੇ ਮੌਕੇ ਲਈ ਤਜ਼ਾਕਿਸਤਾਨ, ਮਿਆਂਮਾਰ, ਅਤੇ ਫਲਸਤੀਨ ਵਿਰੁੱਧ ਖੇਡੇ।



## ਵਿਕਸਤ ਭਾਰਤ ਸੰਕਲਪ ਯਾਤਰਾ ਤਹਿਤ ਸਕੀਮਾਂ ਦਾ 100 ਫੀਸਦੀ ਲਾਭ ਯਕੀਨੀ ਬਣਾਇਆ ਜਾਵੇਗਾ : ਅਸ਼ੋਕ ਸ੍ਰੀਵਾਸਤਵ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਕੇਂਦਰੀ ਯੋਜਨਾਵਾਂ ਦਾ ਲਾਭ 100 ਫੀਸਦੀ ਲੋਕਾਂ ਤੱਕ ਯਕੀਨੀ ਬਣਾਉਣ ਲਈ ਕੇਂਦਰ ਸਰਕਾਰ ਵੱਲੋਂ 'ਵਿਕਸਿਤ ਭਾਰਤ ਸੰਕਲਪ ਯਾਤਰਾ' ਸ਼ੁਰੂ ਕੀਤੀ ਗਈ ਹੈ, ਤਾਂ ਜੋ ਜ਼ਮੀਨੀ ਪੱਧਰ 'ਤੇ ਲੋੜਵੰਦ ਲੋਕਾਂ ਦੇ ਜੀਵਨ ਪੱਧਰ ਵਿਚ ਹੋਰ ਸੁਧਾਰ ਕੀਤਾ ਜਾ ਸਕੇ। ਇਹ ਪ੍ਰਗਟਾਵਾ ਕੇਂਦਰ ਸਰਕਾਰ ਦੇ ਬਿਜਲੀ ਮੰਤਰਾਲੇ ਦੇ ਡਾਇਰੈਕਟਰ ਅਤੇ ਸੀਨੀਅਰ ਅਧਿਕਾਰੀ ਅਸ਼ੋਕ ਸ੍ਰੀਵਾਸਤਵ ਵੱਲੋਂ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਮੌਜੂਦਗੀ ਵਿਚ ਭਾਗੀਦਾਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕੀਤਾ। ਅਸ਼ੋਕ ਸ੍ਰੀਵਾਸਤਵ ਜਿਹੜੇ ਕਿ ਇਸ ਹੁਸ਼ਿਆਰਪੁਰ ਜ਼ਿਲ੍ਹੇ ਲਈ ਇਸ ਸੰਕਲਪ ਯਾਤਰਾ ਦੇ ਪ੍ਰਭਾਰੀ ਅਧਿਕਾਰੀ ਹਨ, ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਹ ਮੁਹਿੰਮ 15 ਨਵੰਬਰ ਤੋਂ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿਚ ਕੇਂਦਰ ਦੀਆਂ ਪ੍ਰਮੁੱਖ ਸਕੀਮਾਂ ਤੇ ਪ੍ਰੋਗਰਾਮਾਂ ਨੂੰ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਹੈ, ਜੋ ਕਿ 25 ਜਨਵਰੀ 2024 ਨੂੰ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਪੇਂਡੂ ਖੇਤਰਾਂ ਲਈ ਇਹ ਸੰਕਲਪ ਯਾਤਰਾ 26 ਨਵੰਬਰ 2023 ਤੋਂ 15 ਜਨਵਰੀ 2024 ਤੱਕ ਚਲਾਈ ਜਾਵੇਗੀ। ਇਸੇ ਤਰ੍ਹਾਂ ਜ਼ਿਲ੍ਹੇ ਦੇ ਸ਼ਹਿਰੀ ਖੇਤਰਾਂ ਵਿਚ ਇਹ ਯਾਤਰਾ 21 ਦਸੰਬਰ 2023 ਤੋਂ 27 ਦਸੰਬਰ 2023 ਤੱਕ ਚੱਲੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਭਾਰਤ ਸਰਕਾਰ ਵੱਲੋਂ ਬਤੌਰ ਨੋਡਲ ਅਫ਼ਸਰ ਇਸ ਮੁਹਿੰਮ ਦੀ ਨਿਗਰਾਨੀ ਕੀਤੀ ਜਾਵੇਗੀ ਅਤੇ ਪਿੰਡਾਂ ਵਿਚ ਸਾਊਂਡ ਸਿਸਟਮ ਅਤੇ ਐਲ. ਈ. ਡੀ. ਸਕਰੀਨਾਂ ਨਾਲ ਲੈਸ ਜਾਗਰੂਕਤਾ ਵੈਨਾਂ ਨੂੰ ਭੇਜ ਕੇ ਕੈਂਪ ਲਗਾਏ ਜਾਣਗੇ, ਜਿਸ ਦੀ ਜਾਣਕਾਰੀ ਸਬੰਧਤ ਪਿੰਡਾਂ ਨੂੰ ਦਿੱਤੀ ਜਾਵੇਗੀ ਅਤੇ ਮੌਕੇ 'ਤੇ ਹੀ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਤੇ ਪ੍ਰੋਗਰਾਮਾਂ ਦੇ ਲਾਭ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨ ਲਈ ਇਨ੍ਹਾਂ ਕੈਂਪਾਂ ਵਿਚ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਹੁਣ ਤੱਕ ਕਦੀ ਨਾ ਕਵਰ ਕੀਤੇ ਗਏ ਲਾਭਪਾਤਰੀਆਂ ਦਾ ਮਾਰਗ ਦਰਸ਼ਨ ਕੀਤਾ ਜਾਵੇਗਾਂ ਤਾਂ ਜੋ ਜਿਨ੍ਹਾਂ ਯੋਜਨਾਵਾਂ ਦਾ ਲਾਭ ਉਨ੍ਹਾਂ ਤੱਕ ਨਹੀਂ ਪਹੁੰਚਿਆ ਹੈ, ਉਹ ਉਨ੍ਹਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਮੌਕੇ 'ਮੇਰੀ ਕਹਾਣੀ, ਮੇਰੀ ਜ਼ੁਬਾਨੀ' ਤਹਿਤ ਲਾਭਪਾਤਰੀਆਂ ਦੇ ਸੁਝਾਅ ਅਤੇ ਸਫਲਤਾ ਦੇ ਕਿਸੇ ਵੀ ਵੀਡੀਓਜ਼ ਰਾਹੀਂ ਸਾਂਝੇ ਕੀਤੇ ਜਾਣਗੇ ਤਾਂ ਜੋ ਹਰੇਕ ਅਣਗੌਲ਼ੇ ਵਿਅਕਤੀ ਨੂੰ ਪ੍ਰੇਰਿਤ ਕਰਕੇ ਯੋਜਨਾਵਾਂ ਦਾ ਲਾਭ ਦਿੱਤਾ ਜਾ ਸਕੇ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਇਸ ਮੌਕੇ ਦੱਸਿਆ ਕਿ ਵਿਕਸਿਤ ਭਾਰਤ ਸੰਕਲਪ ਯਾਤਰਾ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਗਠਿਤ ਕਰ ਲਈ ਗਈ ਅਤੇ ਯੋਜਨਾਵਾਂ ਦੇ ਨੋਡਲ ਅਫ਼ਸਰ ਨਿਯੁਕਤ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਭਾਗੀਦਾਰ ਵਿਭਾਗਾਂ ਦੇ ਤਾਲਮੇਲ ਨਾਲ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪ੍ਰਦਾਨ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਲਰਾਜ ਸਿੰਘ, ਐਸ. ਡੀ. ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਐਸ. ਡੀ. ਐਮ ਟਾਂਡਾ ਗਗਨਦੀਪ ਸਿੰਘ, ਸਹਾਇਕ ਕਮਿਸ਼ਨਰ ਵਿਓਮ ਭਾਰਦਵਾਜ, ਜੁਆਇੰਟ ਕਮਿਸ਼ਨਰ ਨਗਰ ਨਿਗਮ ਸਚਿਨ ਪਾਠਕ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਭੁਪਿੰਦਰ ਸਿੰਘ ਮੁਲਤਾਨੀ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਡਮਾਣਾ, ਸੂਚਨਾ ਤੇ ਪ੍ਰਸਾਰਣ ਮੰਤਰਾਲੇ ਤੋਂ ਫੀਲਡ ਪਬਲਿਸਿਟੀ ਅਫ਼ਸਰ ਰਾਜੇਸ਼ ਬਾਲੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



## ਲਾਇਨਜ਼ ਕਲੱਬ ਦੇ ਕੈਂਪ ਦੌਰਾਨ 206 ਵਾਹਨਾਂ ਦਾ ਹੋਇਆ ਪ੍ਰਦੂਸ਼ਣ ਚੈੱਕਅੱਪ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਲਾਇਨਜ ਕਲੱਬ ਨੂਰਮਹਿਲ ਡ੍ਰੀਮ ਦੀ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਦੀ ਅਗਵਾਈ ਵਿੱਚ ਨੂਰਮਹਿਲ-ਜੰਡਿਆਲਾ ਰੋਡ, ਚੂਹੇਕੀ ਵਿਖੇ ਸਥਿਤ ਅਸ਼ੋਕ ਬਬਿਤਾ ਸੰਧੂ ਪੈਟਰੋਲੀਅਮ 'ਤੇ ਅਵਾਮ ਨੂੰ ਜਾਗਰੂਕ ਕਰਨ ਅਤੇ ਦਿਨ ਪਰ ਦਿਨ ਵੱਧ ਰਹੇ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਦੇ ਇਰਾਦੇ ਨਾਲ ਫ੍ਰੀ ਪ੍ਰਦੂਸ਼ਣ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ "ਲਿਵ ਟੂ ਗਿਵ" ਦਾ ਸੁਨੇਹਾ ਵਾਲੇ ਡਿਸਟ੍ਰਿਕਟ ਗਵਰਨਰ (2020-21) ਲਾਇਨ ਹਰਦੀਪ ਸਿੰਘ ਖੜਕਾ ਨੇ ਮਹਿਮਾਨ-ਏ-ਖਾਸੂਸੀ ਵਜੋਂ ਸ਼ਿਰਕਤ ਕੀਤੀ ਤੇ ਕੈਂਪ ਦਾ ਉਦਘਾਟਨ ਕੀਤਾ। ਸਮੂਹ ਮੈਂਬਰਾਂ ਨੇ ਜਿੱਥੇ ਮੁੱਖ ਮਹਿਮਾਨ ਦਾ ਭਰਵਾਂ ਸਵਾਗਤ ਕੀਤਾ ਉੱਥੇ ਕੈਂਪ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਐਨ.ਆਰ.ਆਈ ਬਲਦੇਵ ਰਾਜ ਸੰਧੂ ਦਾ ਵੀ ਭਰਵਾਂ ਸਵਾਗਤ ਕੀਤਾ ਗਿਆ। ਮਹਿਮਾਨ-ਏ-ਖਾਸੂਸੀ ਨੇ ਕਲੱਬ ਦੇ ਸਮੂਹ ਅਫਸਰਾਂ ਦੇ "ਲਿਵ ਟੂ ਗਿਵ" ਦਾ ਸੰਦੇਸ਼ ਦੇਣ ਵਾਲੀਆਂ ਸ਼ਾਨਦਾਰ ਪਿੰਨਜ ਲਗਾਕੇ ਸਨਮਾਨਿਤ ਕੀਤਾ। ਕਲੱਬ ਪ੍ਰਧਾਨ ਲਾਇਨ ਸੋਮਿਨਾਂ ਸੰਧੂ, ਸੈਕੰਡ ਮੀਤ ਪ੍ਰਧਾਨ ਲਾਇਨ ਆਂਚਲ ਸੰਧੂ ਸੋਖਲ ਅਤੇ ਪੀ.ਆਰ.ਓ ਲਾਇਨ ਰੋਹਿਤ ਸੰਧੂ ਨੇ ਦੱਸਿਆ ਕਿ ਇਹ ਕੈਂਪ ਡਿਸਟ੍ਰਿਕਟ 321-ਡੀ ਦੇ ਜ਼ਿਲ੍ਹਾ ਗਵਰਨਰ ਲਾਇਨ ਸੁਰਿੰਦਰ ਪਾਲ ਸੋਂਧੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਗਾਇਆ ਗਿਆ। ਇਸ ਕੈਂਪ ਵਿੱਚ ਮਹਿਲਾਵਾਂ ਅਤੇ ਆਸ ਪਾਸ ਪਿੰਡਾਂ ਦੇ ਵੱਡੀ ਉਮਰ ਦੇ ਲੋਕਾਂ ਨੇ ਉਚੇਚੇ ਤੌਰ 'ਤੇ ਆਪਣੇ ਵਾਹਨਾਂ ਦਾ ਚੈੱਕ ਅਪ ਕਰਵਾਇਆ। ਚਾਰਟਰ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ, ਕੋਆਰਡੀਨੇਟਰ ਲਾਇਨ ਬਬਿਤਾ ਸੰਧੂ, ਚੇਅਰਪਰਸਨ ਲਾਇਨ ਜਸਪ੍ਰੀਤ ਕੌਰ ਸੰਧੂ ਨੇ ਪ੍ਰੈਸ ਨੂੰ ਦੱਸਿਆ ਕਿ ਉਹਨਾਂ ਨੂੰ ਬੜੀ ਹੈਰਾਨੀ ਹੋਈ ਜਦੋਂ ਬਹੁਤ ਸਾਰੇ ਲੋਕਾਂ ਨੇ ਸਾਲ 2008 ਤੋਂ ਬਾਅਦ 15 ਸਾਲਾਂ ਬਾਅਦ ਆਪਣੇ ਵਾਹਨਾਂ ਦਾ ਪ੍ਰਦੂਸ਼ਣ ਚੈੱਕ ਕਰਵਾਇਆ। ਉਹਨਾਂ ਕਿਹਾ ਇਹ ਯਕੀਨਨ ਫ੍ਰੀ ਕੈਂਪ ਲਗਾਉਣ ਦਾ ਹੀ ਸਿੱਟਾ ਹੈ। ਇਸ ਮੌਕੇ ਐਨ.ਆਰ.ਆਈ ਪਰਵੀਨ ਸੰਧੂ ਕਨੇਡਾ, ਬਖਸ਼ੋ ਸੀਟਕ ਮਨੀਲਾ, ਜੈ ਸ਼ਿਵ ਸ਼ਕਤੀ ਸੇਵਾ ਮੰਡਲ ਦੇ ਸੇਵਾਦਾਰ ਸ਼ਰਨਜੀਤ ਬਿੱਲਾ, ਮਾਸਟਰ ਓਮ ਪ੍ਰਕਾਸ਼ ਜੰਡੂ, ਮਹੇਸ਼ ਜਗਪਾਲ, ਮਾਸਟਰ ਸੁਭਾਸ਼ ਢੰਡ, ਸਮਾਜ ਸੇਵੀ ਭੂਸ਼ਣ ਸ਼ਰਮਾ, ਸੀਤਾ ਰਾਮ ਸੋਖਲ, ਨੰਬਰਦਾਰ ਜਗਦੀਸ਼ ਸਿੰਘ, ਰਮਾ ਸੋਖਲ, ਹਰਪ੍ਰੀਤ ਮੱਲ੍ਹੀ, ਲਾਇਨ ਵਿਜੇ ਕੁਮਾਰ ਬਿਲਗਾ, ਮਨੋਜ ਸੰਧੂ, ਸਿਮਰਨ ਸਿੱਧੂ ਤੋਂ ਇਲਾਵਾ ਹੋਰ ਮਹਿਮਾਨਾਂ ਨੇ ਮਿਲਕੇ ਵਾਹਨ ਚਾਲਕਾਂ ਨੂੰ ਪ੍ਰਦੂਸ਼ਣ ਫਿੱਟਨੈਸ ਸਰਟੀਫਿਕੇਟ ਵੰਡੇ। ਸਮਾਜ ਸੇਵਾ ਨੂੰ ਸਮਰਪਿਤ ਇਹ ਕੈਂਪ ਅਸ਼ੋਕ ਬਬਿਤਾ ਸੰਧੂ ਪੈਟਰੋਲੀਅਮ ਦੀ 9ਵੀਂ ਵਰ੍ਹੇਗੰਢ, ਲਾਇਨ ਆਂਚਲ ਸੰਧੂ ਸੋਖਲ ਅਤੇ ਗੁਰਅੰਸ਼ ਸੋਖਲ ਦੇ ਜਨਮ ਦਿਨ ਤੋਂ ਇਲਾਵਾ ਪੈਟਰੋਲ ਪੰਪ ਦੇ ਐੱਮ.ਡੀ ਲਾਇਨ ਦਿਨਕਰ ਜਸਪ੍ਰੀਤ ਸੰਧੂ ਦੇ ਵਿਆਹ ਦੀ ਦੂਸਰੀ ਵਰ੍ਹੇਗੰਢ ਦੀ ਖੁਸ਼ੀ ਵਿੱਚ ਈਸ਼ਵਰ ਦੀ ਸ਼ੁਕਰਗੁਜਾਰੀ ਲਈ ਲਗਾਇਆ ਗਿਆ।



## ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਲਈ ਸਮਾਗਮਾਂ ਦੀ ਲੜੀ ਨਿਰੰਤਰ ਸ਼ੁਰੂ ਕੀਤੀ ਜਾਵੇਗੀ : ਪੰਡੋਰੀ



**ਟਾਂਡਾ ਉੜਮੁੜ, (ਜਸਵਿੰਦਰ ਸੰਧ, ਉਂਕਾਰ ਸਿੰਘ)**

ਇਲਾਕੇ ਅੰਦਰ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਯਤਨਸ਼ੀਲ ਸੰਸਥਾ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਰਜਿ.ਟਾਂਡਾ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ। ਮੂਲ ਮੰਤਰ ਦੇ ਪਾਠ ਦੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸ਼ੁਰੂ ਹੋਈ ਇਸ ਮੀਟਿੰਗ ਦੌਰਾਨ ਸੁਸਾਇਟੀ ਦੇ ਸਾਰੇ ਹੀ ਮੈਂਬਰਾਂ ਨੇ ਭਾਗ ਲਿਆ। ਸੁਸਾਇਟੀ ਦੇ ਮੁੱਖ ਸੇਵਾਦਾਰ ਪ੍ਰਧਾਨ ਜਗਮੋਹਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਵਾਸਤੇ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ। ਪ੍ਰਧਾਨ ਨੇ ਕਿਹਾ ਕਿ ਸੁਸਾਇਟੀ ਵੱਲੋਂ ਕਰਵਾਇਆ ਜਾਣ ਵਾਲਾ ਮਹਾਨ ਕੀਰਤਨ ਦਰਬਾਰ ਇਸ ਵਾਰ ਵੀ ਸੁਸਾਇਟੀ ਦੇ ਸਮੂਹ ਸੇਵਾਦਾਰਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਬੜੀ ਹੀ ਚੜ੍ਹਦੀ ਕਲਾ ਅਤੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ। ਜਿਸ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰ ਦਿੱਤੀਆਂ ਗਈਆਂ ਹਨ ਅਤੇ ਇਸ ਵਾਰ ਵੀ ਇਹ ਕੀਰਤਨ ਦਰਬਾਰ ਮਾਰਚ ਮਹੀਨੇ ਦੇ ਮਧ ਵਿਚਕਾਰ ਕਰਵਾਇਆ ਜਾਵੇਗਾ। ਸੁਸਾਇਟੀ ਦੇ ਸਮੂਹ ਮੈਂਬਰਾਂ ਨੇ ਸਾਲਾਨਾ ਕੀਰਤਨ ਦਰਬਾਰ ਸਬੰਧੀ ਆਪਣੇ ਸੁਝਾਅ ਪ੍ਰਗਟ ਕੀਤੇ ਤੇ ਵਿਸਥਾਰ ਪੂਰਵਕ ਗੁਰਮਤਿ ਸਮਾਗਮ ਦੀ ਰੂਪ ਰੇਖਾ ਵੀ ਤਿਆਰ ਕੀਤੀ ਗਈ। ਜਨਰਲ ਸਕੱਤਰ ਕਿਰਪਾਲ ਸਿੰਘ ਪੰਡੋਰੀ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਗੁਰਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਕੀਤੇ ਜਾਣ ਵਾਲੇ ਗੁਰਮਤਿ ਸਮਾਗਮਾਂ ਦੀ ਲੜੀ ਇੱਕ ਵਾਰ ਫਿਰ ਤੋਂ ਨਿਰੰਤਰ ਆਰੰਭ ਕੀਤੀ ਜਾਵੇਗੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਇਹ ਸਮਾਗਮ ਟਾਂਡਾ ਸ਼ਹਿਰ ਤੋਂ ਆਰੰਭ ਕਰਕੇ ਪਿੰਡ-ਪਿੰਡ ਕੀਤੇ ਜਾਣਗੇ। 25 ਨਵੰਬਰ ਨੂੰ ਟਾਂਡਾ ਵਿਖੇ ਨਗਰ ਕੀਰਤਨ ਦਾ ਸੁਸਾਇਟੀ ਦੇ ਸਮੂਹ ਸੇਵਾਦਾਰਾਂ ਵੱਲੋਂ ਸ਼ਰਧਾ ਪੂਰਵਕ ਸਵਾਗਤ ਤੇ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਭਾਈ ਸੁਸਾਇਟੀ ਦੇ ਸਰਪ੍ਰਸਤ ਗਿਆਨੀ ਕੇਵਲ ਸਿੰਘ ਟਾਂਡਾ,ਭਾਈ ਜਸਵੀਰ ਸਿੰਘ ਦਸਮੇਸ਼ ਨਗਰ ਟਾਂਡਾ ,ਭਾਈ ਪਰਮਜੀਤ ਸਿੰਘ ਖਾਲਸਾ, ਪਿਆਰਾ ਸਿੰਘ, ਸਰਬਜੀਤ ਸਿੰਘ, ਗੁਰਸੰਦੀਪ ਸਿੰਘ, ਗੁਰਦੀਪ ਸਿੰਘ, ਮਾਸਟਰ ਜਸਵੀਰ ਸਿੰਘ, ਗੁਰਪਾਲ ਸਿੰਘ ,ਪੰਜਾਬ ਸਿੰਘ , ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਮੈਂਬਰ ਵੀ ਮੌਜੂਦ ਸਨ।

## ਨਗਰ ਕੀਰਤਨ ਅੱਜ

**ਫਿਲੌਰ (ਨਿਰਮਲ, ਬੀ ਐਸ ਕੈਨੇਡੀ)**- ਸਥਾਨਕ ਗੁਰਦੁਆਰਾ ਤਖਤ ਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ 23 ਨਵੰਬਰ ਦਿਨ ਵੀਰਵਾਰ ਨੂੰ ਸਜਾਇਆ ਜਾ ਰਿਹਾ ਹੈ।

ਇਸ ਸਬੰਧੀ ਗੁਰਦੁਆਰਾ ਤਖਤਗੜ੍ਹ ਸਾਹਿਬ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ ਪੁਰਬ 27 ਨਵੰਬਰ ਦਿਨ ਸੋਮਵਾਰ ਨੂੰ ਮਨਾਇਆ ਜਾਵੇਗਾ। ਜਿਸ ਦੌਰਾਨ ਬੱਚਿਆਂ ਦੇ ਗੁਰਬਾਣੀ ਨਾਲ ਸਬੰਧਤ ਕਵਿਤਾ, ਕਵਿਸ਼ਰੀ ਅਤੇ ਲੈਕਚਰ ਮੁਕਾਬਲੇ ਕਰਵਾਏ ਜਾਣਗੇ। ਜਿਨ੍ਹਾਂ ਵਿਚੋਂ ਅੱਵਲ ਆਏ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

## ਪੰਜਾਬ ਪੁਲਸ ਵਲੰਟੀਅਰਜ਼ ਵੱਲੋਂ ਨੈਸ਼ਨਲ ਹਾਈਵੇ 'ਤੇ ਧਰਨਾ

**ਖਰੜ (ਹਰਨਾਮ ਸਿੰਘ ਡੱਲਾ)**-ਕਰੋਨਾ ਦੇ ਔਖੇ ਸਮਿਆਂ ਦੌਰਾਨ ਪੰਜਾਬ ਦੇ ਬੇਰੁਜਗਾਰ ਨੌਜਵਾਨਾਂ ਨੂੰ ਸਰਕਾਰ ਵਲੋਂ ਪੰਜਾਬ ਪਲਿਸ ਦੀ ਨਫਰੀ ਵਧਾਉਣ ਅਤੇ ਡਿਊਟੀ ਤਾਇਨਾਤੀ ਲਈ ਸੱਦਿਆ ਗਿਆ ਸੀ। ਤਤਕਾਲੀਨ ਮੁੱਖ ਮੰਤਰੀ ਅਤੇ ਉੱਚ ਅਧਿਕਾਰੀਆਂ ਨੇ ਇਹਨਾਂ ਨੌਜਵਾਨਾਂ ਨੂੰ ਨੌਕਰੀ ਦੇਣ ਦਾ ਵਾਅਦਾ ਵੀ ਕੀਤਾ ਸੀ। ਪਰ ਵਕਤ ਬੀਤ ਜਾਣ ਨਾਲ ਇਹ ਨੌਜਵਾਨ ਮੁੜ ਬੇਰੁਜਗਾਰ ਹੋ ਗਏ ਹਨ। ਜਿਹਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਤੀਕ ਉਨ੍ਹਾਂ ਦੀ ਰੋਜਗਾਰ ਦੀ ਮੰਗ ਪਹੁੰਚਾਉਣ ਲਈ ਨੈਸ਼ਨਲ ਹਾਈਵੇ ਖਰੜ ਉੱਤੇ ਧਰਨਾ ਮਾਰ ਕੇ ਅੰਸ਼ਕ ਰੂਪ ਵਿੱਚ ਟ੍ਰੈਫਿਕ ਬੰਦ ਕੀਤਾ। ਉਨ੍ਹਾਂ ਦਾ ਕਹਿਣਾ ਹੈ ਕਿ ਉਹਨਾਂ ਦੀ ਗਿਣਤੀ 180-250 ਦੀ ਹੀ ਹੈ। ਪਿਛਲੇ ਤਿੰਨ ਸਾਲਾਂ ਤੋਂ ਉਨ੍ਹਾਂ ਦਾ ਸੰਘਰਸ਼ ਜਾਰੀ ਹੈ। ਵਲੰਟੀਅਰ ਆਗੂ ਅਮਰਜੀਤ ਸਿੰਘ,ਕਿਰਨ ਕੌਰ,ਰਮਿੰਦਰ ਸਿੰਘ ਅਤੇ ਨਿਸ਼ਾਨ ਸਿੰਘ ਨੇ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਹੈ ਕਿ ਮੁੱਖ ਮੰਤਰੀ ਪੰਜਾਬ ਨਾਲ ਉਨ੍ਹਾਂ ਦੀ ਮੀਟਿੰਗ ਕਰਵਾਈ ਜਾਵੇ ਤਾਂ ਜੋ ਉਨ੍ਹਾ ਦੀਆਂ ਨੌਕਰੀਆਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਜਾਵੇ।

## ਅਗਰਵਾਲ ਨੇ 'ਸਾਂਝੀ ਰਸੋਈ' ਪ੍ਰੋਜੈਕਟ 'ਚ ਪਾਇਆ 11 ਹਜ਼ਾਰ ਰੁਪਏ ਦਾ ਯੋਗਦਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ, ਹੁਸ਼ਿਆਰਪੁਰ ਵਿਖੇ ਚਲਾਇਆ ਜਾ ਰਿਹਾ 'ਸਾਂਝੀ ਰਸੋਈ' ਪ੍ਰੋਜੈਕਟ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਕੋਮਲ ਮਿੱਤਲ ਦੀ ਰਹਿਨੁਮਾਈ ਅਤੇ ਯੋਗ ਅਗਵਾਈ ਹੇਠ ਬਹੁਤ ਹੀ ਸਫਲਤਾ ਪੂਰਵਕ ਚੱਲ ਰਿਹਾ ਹੈ, ਜਿਸ ਦਾ ਰੋਜ਼ਾਨਾ 400 ਤੋਂ 500 ਗਰੀਬ/ਲੋੜਵੰਦ/ਬੇਘਰੇ ਵਿਅਕਤੀ ਲਾਭ ਪ੍ਰਾਪਤ ਕਰ ਰਹੇ ਹਨ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸਫਲਤਾ ਲਈ ਅਖਿਲ ਭਾਰਤੀ ਅਗਰਵਾਲ ਸਮਿਤੀ ਦੇ ਪੰਜਾਬ ਪ੍ਰਧਾਨ ਸੁਰਿੰਦਰ ਕੁਮਾਰ ਅਗਰਵਾਲ ਵੱਲੋਂ ਸਮਿਤੀ ਦੇ ਮੈਂਬਰਾਂ ਸਮੇਤ ਸਾਂਝੀ ਰਸੋਈ ਵਿਖੇ ਆਪਣਾ ਜਨਮ ਦਿਨ ਮਨਾਇਆ ਗਿਆ ਅਤੇ ਇਸ ਪ੍ਰਾਜੈਕਟ ਦੀ ਸਫਲਤਾ ਲਈ ਸਾਂਝੀ ਰਸੋਈ ਨੂੰ 11 ਹਜ਼ਾਰ ਰੁਪਏ ਦੀ ਰਕਮ ਦਾਨ ਵਜੋਂ ਮੁਹੱਈਆ ਕਰਵਾਈ ਗਈ। ਇਸ ਮੌਕੇ ਉਨ੍ਹਾਂ ਦੀ ਪਤਨੀ ਸ਼ਕੁੰਤਲਾ ਅਗਰਵਾਲ ਅਤੇ ਸਮਿਤੀ ਦੇ ਮੈਂਬਰਾਂ ਤੋਂ ਇਲਾਵਾ ਰੈੱਡ ਕਰਾਸ ਸੁਸਾਇਟੀ ਦੇ ਮੈਂਬਰ ਵੀ ਮੌਜੂਦ ਸਨ।

ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਵੱਲੋਂ ਚਲਾਇਆ ਜਾ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੇ ਦਾਨੀ ਸੱਜਣਾਂ/ਸਮਾਜ ਸੇਵਕਾਂ ਵਲੋਂ ਦਾਨ ਵਜੋਂ ਮੁਹੱਈਆ ਕੀਤੇ ਜਾ ਰਹੇ ਫੰਡਾਂ ਦੁਆਰਾ ਹੀ ਚਲਾਇਆ ਜਾ ਰਿਹਾ ਹੈ। ਜਿਨ੍ਹਾਂ ਵਲੋਂ ਜਿਥੇ "ਬੁੱਕ-ਏ-ਡੇਅ" ਸਕੀਮ ਅਧੀਨ ਆਪਣੇ ਪਰਵਾਰਕ ਮੈਂਬਰਾਂ ਦੇ ਜਨਮ ਦਿਨ, ਵਿਆਹ ਵਰ੍ਹੇਗੰਢ ਅਤੇ ਯਾਦਾਂ ਨਾਲ ਸਬੰਧਤ ਦਿਨ ਸਾਂਝੀ ਰਸੋਈ, ਹੁਸ਼ਿਆਰਪੁਰ ਵਿਖੇ ਮਨਾ ਕੇ ਲਗਾਤਾਰ ਵਿੱਤੀ ਸਹਾਇਤਾ ਮੁਹੱਈਆ ਕਰਨ ਦੇ ਨਾਲ ਰਾਸ਼ਨ ਸਮੱਗਰੀ ਦੀ ਸਹਾਇਤਾ ਵੀ ਮੁਹੱਈਆ ਕੀਤੀ ਜਾ ਰਹੀ ਹੈ। ਉਨ੍ਹਾਂ ਇਸ ਪ੍ਰੋਜੈਕਟ ਨੂੰ ਲਗਾਤਾਰ ਚਾਲੂ ਰੱਖਣ ਲਈ ਜ਼ਿਲ੍ਹਾ ਹੁਸ਼ਿਆਰਪੁਰ ਦੇ ਦਾਨੀ ਸੱਜਣਾਂ/ਸਮਾਜ ਸੇਵਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਪ੍ਰੋਜੈਕਟ ਦੀ ਸਫਲਤਾ ਲਈ ਉਹ ਆਪਣਾ ਵੱਡਮੁੱਲਾ ਸਹਿਯੋਗ ਦੇਣ।



## ਲੁੱਟਾਂ-ਖੋਹਾਂ ਦੇ ਦੋਸ਼ 'ਚ ਦੋ ਗ੍ਰਿਫਤਾਰ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਇੰਸਪੈਕਟਰ ਓਂਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਟਾਂਡਾ ਪੁਲਸ ਨੇ ਸਤਪਾਲ ਸਿੰਘ ਪੁੱਤਰ ਭਾਣ ਸਿੰਘ ਵਾਸੀ ਬੈਂਸ ਅਵਾਣ ਥਾਣਾ ਟਾਂਡਾ ਪਾਸੋ ਖੋਹ ਕਰ ਵਾਲਿਆਂ ਨੂੰ ਗ੍ਰਿਫਤਾਰ ਕੀਤਾ ਹੈ। ਜਿਹਨਾਂ ਦੀ ਪਛਾਣ ਲਵਪ੍ਰੀਤ ਸਿੰਘ ਪੁੱਤਰ ਕਾਬਲ ਸਿੰਘ ਵਾਸੀ ਲੱਖਣ ਕਲਾ ਡੇਰੇ ਥਾਣਾ ਸਦਰ ਕਪੂਰਥਲਾ ਹਾਲ ਵਾਸੀ ਵਾਰਡ ਨੰ 3 ਬੇਗੋਵਾਲ ਜ਼ਿਲ੍ਹਾ ਕਪੂਰਥਲਾ , ਸੰਦੀਪ ਸਿੰਘ ਉਰਫ ਸਨੀ ਪੁੱਤਰ ਬਲਵਿੰਦਰ ਸਿੰਘ ਵਾਸੀ ਵਾਰਡ ਨੰ 3 ਬੇਗੋਵਾਲ ਜ਼ਿਲ੍ਹਾ ਕਪੂਰਥਲਾ ਵਜੋਂ ਹੋਈ ਹੈ। ਪੁਲਸ ਵੱਲੋਂ ਇਹਨਾਂ ਦੋਸ਼ੀਆਂ ਕੋਲੋਂ ਦੌਰਾਨੇ ਪੁੱਛ ਗਿੱਛ ਤਿੰਨ ਹੋਰ ਵਾਰਦਤਾਂ ਗੁਰਵਿੰਦਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਉੜਮੁੜ ਥਾਣਾ ਪਾਸੋਂ ਖੋਹ ਅਤੇ ਮੀਨਾ ਰਾਣੀ ਪਤਨੀ ਲਖਵਿੰਦਰ ਸਿੰਘ ਵਾਸੀ ਟਾਂਡਾ ਪਾਸੋਂ ਖੋਹ ਅਤੇ ਚੈਨਦੀਪ ਸਿੰਘ ਪੁੱਤਰ ਚਰਨ ਸਿੰਘ ਵਾਸੀ ਮਹਾਦੇਵ ਗਲੀ ਵਾਰਡ ਨੰਬਰ 8 ਨੇੜੇ ਰੇਲਵੇ ਸਟੇਸਨ ਥਾਣਾ ਟਾਂਡਾ ਪਾਸੋਂ ਕੀਤੀਆਂ ਖੋਹ ਦੀਆਂ ਵਾਰਦਤਾ ਨੂੰ ਟਰੇਸ ਕੀਤਾ ਗਿਆ । ਇਹਨਾਂ ਵਿਰੁੱਧ ਵੱਖ ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

**17ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ**

## ਸਰਕਾਰੀ ਮਾਡਲ ਸਕੂਲ ਜਲੰਧਰ ਤੇ ਕਿਸ਼ਤਿਜ ਹਾਈ ਸਕੂਲ ਜਮਸ਼ੇਦਪੁਰ ਸੈਮੀਫਾਇਨਲ 'ਚ

**ਜਲੰਧਰ (ਸ਼ੈਲੀ ਐਲਬਰਟ)**-ਸਾਬਕਾ ਜੇਤੂ ਸਰਕਾਰੀ ਮਾਡਲ ਸਕੂਲ ਜਲੰਧਰ ਨੇ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਸਕੂਲ ਬਾਬਾ ਬਕਾਲਾ ਨੂੰ 6-1 ਦੇ ਫਰਕ ਨਾਲ ਹਰਾ ਕੇ ਅਤੇ ਕਿਸ਼ਤਿਜ ਹਾਈ ਸਕੂਲ ਜਮਸ਼ੇਦਪੁਰ ਨੇ ਸੋਫੀਆ ਕਾਨਵੈਂਟ ਸਕੂਲ ਸੋਨੀਪਤ ਨੂੰ ਸਖਤ ਮੁਕਾਬਲੇ ਮਗਰੋ 5-4 ਨਾਲ ਹਰਾ ਕੇ ਲੀਗ ਦੌਰ ਵਿੱਚ ਦੂਜੀ ਜਿੱਤ ਦਰਜ ਕਰਦੇ ਹੋਏ 17ਵੇਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ ਦੇ ਸੈਮੀਫਾਇਨਲ ਵਿੱਚ ਸਥਾਨ ਬਣਾ ਲਿਆ। ਕਿਸ਼ਤਿਜ ਸਕੂਲ ਦੇ ਕਪਤਾਨ ਆਤਿਸ਼ ਦੋਂਦਰਾਏ ਨੇ ਹੈਟ੍ਰਿਕ ਲਗਾਈ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਜਾਰੀ ਟੂਰਨਾਮੈਂਟ ਦੇ ਤੀਸਰੇ ਦਿਨ ਸਰਕਾਰੀ ਮਾਡਲ ਸਕੂਲ ਸੈਕਟਰ 37 ਚੰਡੀਗੜ੍ਹ ਨੇ ਆਰਮੀ ਬੁਆਏਜ਼ ਸਪੋਰਟਸ ਕੰਪਨੀ ਬੈਂਗਲੁਰੂ ਨੂੰ 5-0 ਨਾਲ ਮਾਤ ਦਿੱਤੀ। ਚੌਥੇ ਮੈਚ ਵਿੱਚ ਸਰਕਾਰੀ ਸਕੂਲ ਕੁਰਾਲੀ ਨੇ ਸਰਕਾਰੀ ਸਕੂਲ ਮੋਹਾਲੀ ਨੂੰ 4-1 ਦੇ ਫਰਕ ਨਾਲ ਹਰਾ ਕੇ ਟੂਰਨਾਮੈਂਟ ਵਿੱਚ ਪਹਿਲੀ ਜਿੱਤ ਦਰਜ ਕੀਤੀ। ਤੀਸਰੇ ਦਿਨ ਦਾ ਪਹਿਲਾ ਮੈਚ ਪੂਲ ਏ ਵਿੱਚ ਸਰਕਾਰੀ ਮਾਡਲ ਸਕੂਲ ਜਲੰਧਰ ਅਤੇ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਸਕੂਲ ਬਾਬਾ ਬਕਾਲਾ ਦਰਮਿਆਨ ਖੇਡਿਆ ਗਿਆ। ਸਰਕਾਰੀ ਮਾਡਲ ਸਕੂਲ ਜਲੰਧਰ ਵਲੋਂ 6ਵੇਂ ਮਿੰਟ ਵਿੱਚ ਰਜਿੰਦਰ ਸਿੰਘ ਨੇ, 9ਵੇਂ ਮਿੰਟ ਵਿੱਚ ਦਿਲਰਾਜ ਸਿੰਘ ਨੇ ਗੋਲ ਕਰਕੇ ਸਕੋਰ 2-0 ਕੀਤਾ। ਖੇਡ ਦੇ 35ਵੇਂ ਮਿੰਟ ਵਿੱਚ ਬਾਬਾ ਬਕਾਲਾ ਦੇ ਲਾਲਪ੍ਰੀਤ ਸਿੰਘ ਨੇ ਗੋਲ ਕਰਕੇ ਸਕੋਰ 2-1 ਕੀਤਾ। 38ਵੇਂ ਮਿੰਟ ਵਿੱਚ ਦਿਲਰਾਜ ਸਿੰਘ ਨੇ, 39ਵੇਂ ਮਿੰਟ ਵਿੱਚ ਮਨਮੀਤ ਸਿੰਘ ਨੇ, 42ਵੇਂ ਮਿੰਟ ਵਿੱਚ ਪ੍ਰਭਦੀਪ ਸਿੰਘ ਨੇ ਅਤੇ 51ਵੇਂ ਮਿੰਟ ਵਿੱਚ ਰਾਜਿੰਦਰ ਸਿੰਘ ਨੇ ਗੋਲ ਕਰਕੇ ਸਕੋਰ 6-1 ਕਰਕੇ ਮੈਚ ਜਿੱਤ ਲਿਆ ਭਾਂਵੇ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਸਕੂਲ ਬਾਬਾ ਬਕਾਲਾ ਦੀ ਟੀਮ ਮੈਚ ਹਾਰ ਗਈ ਪਰ ਉਸਦੇ ਕਪਤਾਨ ਹਰਪ੍ਰੀਤ ਸਿੰਘ ਨੇ ਬੇਹਤਰੀਨ ਖੇਡ ਦਿਖਾਈ ਜਿਸ ਕਰਕੇ ਉਸ ਨੂੰ ਮੈਚ ਦਾ ਸਰਵੋਤਮ ਖਿਡਾਰੀ ਐਲਾਨਿਆ ਅਤੇ ਉਸ ਨੂੰ ਹਾਕੀ ਸਟਿੱਕ ਨਾਲ ਸਨਮਾਨਿਤ ਕੀਤਾ ਗਿਆ। ਦੂਜਾ ਮੈਚ ਪੂਲ ਬੀ ਵਿੱਚ ਸਰਕਾਰੀ ਮਾਡਲ ਸੀਨੀਅਰ ਸਕੈਂਡਰੀ ਸਕੂਲ ਸੈਕਟਰ 37 ਚੰਡੀਗੜ੍ਹ ਨੇ ਆਰਮੀ ਬੁਆਏਜ ਸਪੋਰਟਸ ਕੰਪਨੀ ਬੈਂਗਲੁਰੂ ਨੂੰ 5-0 ਦੇ ਫਰਕ ਨਾਲ ਹਰਾ ਕੇ ਤਿੰਨ ਅੰਕ ਹਾਸਲ ਕਰ ਲਏ।

ਤੀਜੇ ਮੈਚ ਪੂਲ ਡੀ ਵਿੱਚ ਕਿਸ਼ਤਿਜ ਹਾਈ ਸਕੂਲ ਜਮਸ਼ੇਦਪੁਰ ਅਤੇ ਸੋਫੀਆ ਕਾਨਵੈਂਟ ਸਕੂਲ ਸੋਨੀਪਤ ਦਰਮਿਆਨ ਖੇਡਿਆ ਗਿਆ। ਖੇਡ ਦੇ 8ਵੇਂ ਮਿੰਟ ਵਿੱਚ ਕਿਸ਼ਤਿਜ ਸਕੂਲ ਦੇ ਕਪਤਾਨ ਆਤਿਸ਼ ਦੋਂਦਰਾਏ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਖਾਤਾ ਖੋਲ੍ਹਿਆ। 33ਵੇਂ ਮਿੰਟ ਵਿੱਚ ਜਮਸ਼ੇਦਪੁਰ ਦੇ ਦੀਪਕ ਸੋਰੰਗ ਨੇ ਪੈਨਲਟੀ ਕਾਰਨਰ ਰਾਹੀਂ ਗੋਲ ਕਰਕੇ ਸਕੋਰ 2-0 ਕੀਤਾ। ਖੇਡ ਦੇ 44ਵੇਂ ਅਤੇ 45ਵੇਂ ਮਿੰਟ ਵਿਚ ਸੋਨੀਪਤ ਦੇ ਰਾਹੁਲ ਅਤੇ ਮਾਨਵ ਪਾਲ ਨੇ ਲਗਾਤਾਰ ਦੋ ਗੋਲ ਕਰਕੇ ਟੀਮ ਨੂੰ 2-2 ਦੀ ਬਰਾਬਰੀ ਤੇ ਲਿਆਂਦਾ। ਖੇਡ ਦੇ 48ਵੇਂ ਅਤੇ 49ਵੇਂ ਮਿੰਟ ਵਿੱਚ ਕਿਸ਼ਤਿਜ ਸਕੂਲ ਦੇ ਕਪਤਾਨ ਆਤਿਸ਼ ਦੋਂਦਰਾਏ ਨੇ ਲਗਾਤਾਰ ਦੋ ਗੋਲ ਕਰਕੇ ਸਕੋਰ 4-2 ਕਰ ਦਿੱਤਾ। ਖੇਡ ਦੇ 55ਵੇਂ ਮਿੰਟ ਵਿੱਚ ਸੋਨੀਪਤ ਦੇ ਮਨੁ ਮਲਿਕ ਨੇ ਅਤੇ 57ਵੇਂ ਮਿੰਟ ਵਿੱਚ ਨਿਤਨ ਨੇ ਗੋਲ ਕਰਕੇ ਸਕੋਰ 4-4 ਕਰਕੇ ਬਰਾਬਰੀ ਕੀਤੀ। ਖੇਡ ਦੇ ਆਖਰੀ ਮਿੰਟ ਵਿੱਚ ਜਮਸ਼ੇਦਪੁਰ ਦੇ ਸਤਿਅਮ ਪਾਂਡੇ ਗੋਲ ਕਰਕੇ ਆਪਣੀ ਟੀਮ ਨੂੰ 5-4 ਨਾਲ ਜਿਤਾ ਕੇ ਪੂਲ ਡੀ ਵਿਚੋਂ ਪਹਿਲੇ ਸਥਾਨ ਤੇ ਰਹਿ ਕੇ ਸੈਮੀਫਾਇਨਲ ਵਿੱਚ ਸਥਾਨ ਬਣਾਇਆ। ਚੌਥਾ ਮੈਚ ਪੂਲ ਸੀ ਵਿਚ ਸਰਕਾਰੀ ਸਕੂਲ ਮੋਹਾਲੀ ਅਤੇ ਸਰਕਾਰੀ ਸਕੂਲ ਕੁਰਾਲੀ ਦਰਮਿਆਨ ਖੇਡਿਆ ਗਿਆ। ਖੇਡ ਦੇ 14ਵੇਂ ਮਿੰਟ ਵਿੱਚ ਕੁਰਾਲੀ ਦੇ ਅਮਨਦੀਪ ਨੇ ਪੈਨਲਟੀ ਕਾਨਰ ਰਾਹੀਂ ਗੋਲ ਕਰਕੇ ਸਕੋਰ 1-0 ਕੀਤਾ। ਖੇਡ ਦੇ 16ਵੇਂ ਮਿੰਟ ਵਿੱਚ ਮੋਹਾਲੀ ਦੇ ਚਰਨਜੀਤ ਸਿੰਘ ਨੇ ਮੈਦਾਨੀ ਗੋਲ ਕਰਕੇ ਸਕੋਰ 1-1 ਕੀਤਾ। 22ਵੇਂ ਮਿੰਟ ਵਿਚ ਕੁਰਾਲੀ ਦੇ ਅਰਸ਼ਦੀਪ ਸਿੰਘ ਨੇ ਗੋਲ ਕਰਕੇ ਸਕੋਰ 2-1 ਕੀਤਾ ਖੇਡ ਦੇ 33ਵੇਂ ਮਿੰਟ ਵਿੱਚ ਕੁਰਾਲੀ ਦੇ ਕਪਤਾਨ ਗੁਰਸੇਵਕ ਸਿੰਘ ਨੇ ਗੋਲ ਕਰਕੇ ਸਕੋਰ 3-1 ਕੀਤਾ। 39ਵੇਂ ਮਿੰਟ ਵਿੱਚ ਕੁਰਾਲੀ ਦੇ ਗਰਸੇਵਕ ਸਿੰਘ ਨੇ ਇਕ ਹੋਰ ਗੋਲ ਕਰਕੇ ਸਕੋਰ 4-1 ਕਰਕੇ ਮੈਚ ਜਿੱਤ ਕੇ ਤਿੰਨ ਅੰਕ ਹਾਸਲ ਕੀਤੇ। ਮੈਚਾਂ ਦੇ ਮੁੱਖ ਮਹਿਮਾਨ ਉਲੰਪੀਅਨ ਹਰਦੀਪ ਸਿੰਘ ਨੀਟਾ, ਉਲੰਪੀਅਨ ਸੁਰਿੰਦਰ ਸਿੰਘ ਸੋਢੀ, ਅਮਰੀਕ ਸਿੰਘ ਪੁਆਰ ਜਨਰਲ ਸਕੱਤਰ ਹਾਕੀ ਪੰਜਾਬ, ਇਕਬਾਲ ਸਿੰਘ ਰੰਧਾਵਾ ਅਤੇ ਸੁਰਿੰਦਰਪਾਲ ਪ੍ਰਿੰਸੀਪਲ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ ਤੇ ਉਲੰਪੀਅਨ ਰਜਿੰਦਰ ਸਿੰਘ, ਅਸ਼ਫਾਕ ਉਲਾ ਖਾਨ, ਕ੍ਰਿਪਾਲ ਸਿੰਘ ਮਠਾਰੂ, ਕੁਲਜੀਤ ਸਿੰਘ ਰੰਧਾਵਾ, ਮਹਾਂਵੀਰ ਸਿੰਘ, ਧਰਮਪਾਲ,ਵਰਿੰਦਰਪ੍ਰੀਤ ਸਿੰਘ,ਪ੍ਰੋਫੈਸਰ ਮਨੁ ਸੂਦ, ਹਰਿੰਦਰ ਸੰਘਾ, ਐਚ ਐਸ ਮਾਨ, ਪਰਮਿੰਦਰ ਸਿੰਘ ਹੇਅਰ, ਗੁਰਪ੍ਰੀਤ ਸਿੰਘ, ਤੇਜਾ ਸਿੰਘ, ਹਰਭਜਨ ਕੌਰ, ਮਨਜੀਤ ਕੌਰ, ਪਲਵਿੰਦਰ ਕੌਰ, ਅਵਨੀਤ ਕੌਰ, ਅਮਨਪ੍ਰੀਤ ਕੌਰ, ਬਲਵਿੰਦਰ ਸਿੰਘ, ਉਲੰਪੀਅਨ ਰਜਿੰਦਰ ਸਿੰਘ ਸੀਨੀਅਰ, ਜਗਦੀਪ ਗਿੱਲ, ਹਰਿੰਦਰ ਸੰਘਾ, ਉਲੰਪੀਅਨ ਸੰਜੀਵ ਕੁਮਾਰ, ਉਲੰਪੀਅਨ ਸਈਅਦ ਅਲੀ,ਗੁਰਸ਼ਰਨ ਸਿੰਘ ਕਪੂਰ, ਹਰਭਜਨ ਸਿੰਘ ਕਪੂਰ, ਮਨਜੀਤ ਸਿੰਘ ਕਪੂਰ, ਤੀਰਥ ਸਿੰਘ ਕਪੂਰ, ਹਰਦੀਪ ਸਿੰਘ ਕਪੂਰ, ਗੁਨਦੀਪ ਸਿੰਘ ਕਪੂਰ, ਰਿਪੁਦਮਨ ਕੁਮਾਰ ਸਿੰਘ, ਦੁਪਿੰਦਰ ਸਿੰਘ ਕਪੂਰ, ਤਰਨਦੀਪ ਸਿੰਘ ਕਪੂਰ, ਬਲਜੀਤ ਸਿੰਘ ਰੰਧਾਵਾ, ਅਵਤਾਰ ਸਿੰਘ, ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



# ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਐਕਸੀਅਨ ਖਿਲਾਫ ਰੈਲੀ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਅੱਜ ਟੈਕਨੀਕਲ ਸਰਵਿਸਿਜ਼ ਯੂਨੀਅਨ ਮੰਡਲ ਜਲਾਲਾਬਾਦ ਵੱਲੋਂ ਪਿਛਲੇ ਕੁਝ ਦਿਨਾਂ ਤੋਂ ਜਥੇਬੰਦੀ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨਾ ਮੰਨੀਆਂ ਜਾਣ ਦੇ ਵਿਰੋਧ ਵਜੋਂ ਐਕਸੀਅਨ ਜਲਾਲਾਬਾਦ ਦੇ ਵਿਰੁੱਧ ਸੰਘਰਸ਼ ਉਲੀਕਿਆ ਹੋਇਆ ਸੀ, ਜਿਸ ਵਿੱਚ ਵੱਖ ਵੱਖ ਸਬ ਡਵੀਜ਼ਨਾਂ ਵਿੱਚ ਲੜੀਵਾਰ ਰੈਲੀਆਂ ਕਰਨ ਤੋਂ ਬਾਅਦ 22 ਨਵੰਬਰ ਦਾ ਵਿਸ਼ਾਲ ਰੋਸ ਧਰਨਾ ਐਕਸੀਅਨ ਜਲਾਲਾਬਾਦ ਦੇ ਵਿਰੁੱਧ ਕੀਤਾ ਜਾਣਾ ਸੀ ਅਤੇ ਟੀ ਐੱਸ ਯੂ ਨੇ ਇਸ ਰੋਸ ਧਰਨੇ ਲਈ ਵੱਖ ਵੱਖ ਭਰਾਤਰੀ ਜਥੇਬੰਦੀਆਂ ਨੂੰ ਵੀ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੋਇਆ ਸੀ। ਦਿੱਤੇ ਹੋਏ ਸਮੇਂ ਅਨੁਸਾਰ ਸਾਰੀਆਂ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਸਾਥੀ ਧਰਨੇ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚ ਗਏ ਪਰੰਤੂ ਧਰਨੇ ਦੇ ਦਿੱਤੇ ਹੋਏ ਸਮੇਂ ਤੋਂ ਕੁਝ ਸਮਾਂ ਪਹਿਲਾਂ ਹੀ ਐਕਸੀਅਨ ਜਲਾਲਾਬਾਦ ਵੱਲੋਂ ਜਥੇਬੰਦੀ ਦੇ ਮੰਗਾਂ ਮਸਲਿਆਂ ਦੇ ਹੱਲ ਸਬੰਧੀ ਜਥੇਬੰਦੀ ਨੂੰ ਸੱਦਾ ਭੇਜਿਆ। ਜਥੇਬੰਦੀ ਨੇ ਵੀ ਗੱਲਬਾਤ ਰਾਹੀਂ ਮਸਲੇ ਦਾ ਹੱਲ ਕਰਨ ਨੂੰ ਪਹਿਲ ਦਿੱਤੀ ਅਤੇ ਡਵੀਜਜ਼ਨ ਪ੍ਰਧਾਨ ਰਜਿੰਦਰ ਸਿੰਘ ਦੀ ਅਗਵਾਈ ਹੇਠ ਦਿੱਤੇ ਸਮੇਂ ਅਨੁਸਾਰ ਐਕਸੀਅਨ ਜਲਾਲਾਬਾਦ ਨਾਲ ਮੀਟਿੰਗ ਕੀਤੀ ਅਤੇ ਮੀਟਿੰਗ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਹੋਈ। ਮੀਟਿੰਗ ਵਿੱਚ ਟੀ ਐੱਸ ਯੂ ਦੀ ਮੁੱਖ ਮੰਗ ਕਿ ਸ਼ਹਿਰੀ ਸਬ ਡਵੀਜਨ ਜਲਾਲਾਬਾਦ ਦੇ ਪ੍ਰਧਾਨ ਕ੍ਰਿਸਨ ਸਿੰਘ ਦੀ ਨਜਾਇਜਜ਼ ਕੀਤੀ ਬਦਲੀ ਰੱਦ ਕਰਨ ਸਬੰਧੀ ਖੁੱਲ੍ਹ ਕੇ ਵਿਚਾਰ ਚਰਚਾ ਹੋਈ ਅਤੇ ਜਥੇਬੰਦੀ ਨੇ ਕ੍ਰਿਸ਼ਨ ਸਿੰਘ ਦੀ ਬਦਲੀ ਦੇ ਆਰਡਰ ਤੁਰੰਤ ਰੱਦ ਕਰਨ ਦੀ ਮੰਗ ਰੱਖੀ ਤਾਂ ਐਕਸੀਅਨ ਜਲਾਲਾਬਾਦ ਨੇ ਜਥੇਬੰਦੀ ਦੀ ਮੰਗ ਨੂੰ ਮੰਨਣ ਦੀ ਸਹਿਮਤੀ ਦਿੱਤੀ ਅਤੇ ਕ੍ਰਿਸ਼ਨ ਸਿੰਘ ਦੇ ਆਰਡਰ ਤੁਰੰਤ ਰੱਦ ਕਰ ਦਿੱਤੇ। ਜਥੇਬੰਦੀ ਦੀਆਂ ਰਹਿੰਦੀਆਂ ਮੰਗਾਂ ਸਬੰਧੀ ਮੀਟਿੰਗ ਦਾ ਸਮਾਂ ਦੇ ਦਿੱਤਾ। ਜਥੇਬੰਦੀ ਨੇ ਵੀ ਐਕਸੀਅਨ ਜਲਾਲਾਬਾਦ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਸੰਘਰਸ਼ ਵਾਪਸ ਲੈਣ ਦਾ ਫੈਸਲਾ ਕੀਤਾ। ਇਸ ਤੋਂ ਬਾਅਦ ਧਰਨੇ ਲਈ ਪਹੁੰਚੇ ਇਕੱਠ ਨੂੰ ਜੇਤੂ ਰੈਲੀ ਵਿੱਚ ਬਦਲ ਦਿੱਤਾ ਗਿਆ ਅਤੇ ਇਸ ਜੇਤੂ ਰੈਲੀ ਦੀ ਪ੍ਰਧਾਨਗੀ ਸਾਥੀ ਰਜਿੰਦਰ ਸਿੰਘ ਡਵੀਜ਼ਨ ਪ੍ਰਧਾਨ ਨੇ ਕੀਤੀ ਅਤੇ ਇਸ ਸੰਘਰਸ਼ ਵਿਚ ਸਹਿਯੋਗ ਦੇਣ ਵਾਲੀਆਂ ਸਤਿਕਾਰਯੋਗ ਸਾਰੀਆਂ ਭਰਾਤਰੀ ਜਥੇਬੰਦੀਆਂ ਦਾ ਬਹੁਤ ਬਹੁਤ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਦੀ ਜਿੱਤ ਲਈ ਸਤਿਕਾਰਯੋਗ ਸਾਰੀਆਂ ਭਰਾਤਰੀ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਸਾਥੀ ਵਧਾਈ ਦੇ ਪਾਤਰ ਹਨ ਅਤੇ ਉਮੀਦ ਕਰਦੇ ਹਾਂ ਕਿ ਸਾਰੇ ਸਾਥੀ ਅੱਗੇ ਵੀ ਜਥੇਬੰਦੀ ਦੀ ਏਕਤਾ ਬਣਾਈ ਰੱਖਣ ਤਾਂ ਜੋ ਭਵਿੱਖ ਵਿੱਚ ਆਉਣ ਵਾਲੇ ਅੰਦੋਲਨ ਨੂੰ ਵੀ ਸਫਲ ਬਣਾਇਆ ਜਾਵੇ। ਇਸ ਜੇਤੂ ਰੈਲੀ ਵਿੱਚ ਸ਼ਿਗਾਰ ਚੰਦ ਟੀ ਐੱਸ ਯੂ ਸਰਕਲ ਸਕੱਤਰ ਫਿਰੋਜ਼ਪੁਰ ਵੀ ਪਹੁੰਚੇ। ਇਸ ਤੋਂ ਇਲਾਵਾ ਪੈਨਸ਼ਨਰ ਐਸੋਸੀਏਸਨ ਦੇ ਆਗੂ ਨਰੇਸ਼ ਸੇਠੀ, ਪ੍ਰਕਾਸ਼ ਬਤਰਾ, ਰਾਮ ਕਿਸ਼ਨ, ਇਕਬਾਲ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਰੇਸ਼ਮ ਮਿੱਡਾ, ਟੀ ਐੱਸ ਯੂ ਦੇ ਆਗੂ ਸ਼ੇਰ ਸਿੰਘ, ਨਾਨਕ ਚੰਦ, ਰਾਜੇਸ਼ ਕੁਮਾਰ, ਕ੍ਰਿਸ਼ਨ ਸਿੰਘ, ਸੰਦੀਪ ਕੁਮਾਰ, ਸੁਖਦੇਵ ਸਿੰਘ, ਬਲਕਾਰ ਚੰਦ ਆਦਿ ਨੇ ਵੀ ਸੰਬੋਧਨ ਕੀਤਾ।

# ਜਸ਼ਨਪ੍ਰੀਤ ਨੇ ਗੋਲਡ ਮੈਡਲ ਪ੍ਰਾਪਤ ਕੀਤਾ

**ਹਠੂਰ (ਨਛੱਤਰ ਸੰਧੂ)**-ਪਿਛਲੇ ਦਿਨੀਂ ਅਕੈਡਮੀ ਦੇ ਬੱਚਿਆਂ ਵੱਲੋਂ ਵੱਖ ਵੱਖ ਮੁਕਾਬਲਿਆਂ ਵਿੱਚ ਹਿਸਾ ਲਿਆ ਗਿਆ। ਬਾਬਾ ਬੰਦਾ ਸਿੰਘ ਬਹਾਦਰ ਸਕੂਲ ਵਲੋਂ ਖੇਡਦਿਆਂ ਜਸ਼ਨਪ੍ਰੀਤ ਸਿੰਘ ਨੇ ਨੈਸ਼ਨਲ ਵਿੱਚੋਂ ਗੋਲਡ ਮੈਡਲ ਪ੍ਰਾਪਤ ਕੀਤਾ ਅਤੇ ਬਾਬਾ ਜੀਵਾ ਸਿੰਘ ਸਰਕਰੀ ਪ੍ਰਾਇਮਰੀ ਸਕੂਲ ਚਕਰ ਦੇ ਬੱਚੇ ਸਹਿਜਪ੍ਰੀਤ ਸਿੰਘ, ਅਨੋਖ ਸਿੰਘ, ਕ੍ਰਿਸਨ ਪਾਸਵਾਨ, ਗੁਰਮਨ ਸਿੰਘ ਨੇ ਸਕੂਲ ਵੱਲੋਂ ਜ਼ਿਲ੍ਹਾ ਖੇਡਾਂ ਵਿਚ ਭਾਗ ਲਿਆ ਅਤੇ ਡਾ. ਭਾਗ ਸਿੰਘ ਸੀ ਸੈ ਸਕੂਲ ਦੇ ਵਿਦਿਆਰਥੀਆਂ ਊਧਮ ਸਿੰਘ ਅਤੇ ਜੀਵਨਜੋਤ ਸਿੰਘ ਨੇ ਫੁੱਟਬਾਲ ਜ਼ਿਲ੍ਹਾ ਪੱਧਰ ’ਤੇ ਭਾਗ ਲਿਆ। ਇਨ੍ਹਾਂ ਬੱਚਿਆਂ ਦਾ ਅੱਜ ਗ੍ਰਾਮ ਪੰਚਾਇਤ ਚਕਰ ਵਲੋਂ ਸੁਖਦੇਵ ਸਿੰਘ ਸਰਪੰਚ, ਅਕੈਡਮੀ ਪ੍ਰਬੰਧਕਾਂ ਅਤੇ ਪਿੰਡ ਦੇ ਪਤਵੰਤੇ ਵਿਅਕਤੀਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਅਕੈਡਮੀ ਦੇ ਪ੍ਰਬੰਧਕ ਰਛਪਾਲ ਸਿੰਘ, ਦਰਸ਼ਨ ਸਿੰਘ ਗਿੱਲ, ਦਰਸ਼ਨ ਸਿੰਘ ਸਿੱਧੂ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਦਵਿੰਦਰ ਸਿੰਘ ਸੰਧੂ ਹੈਪੀ ਸਪੁੱਤਰ ਚਮਕੌਰ ਸਿੰਘ ਨੰਬਰਦਾਰ ਦਾ ਫੁੱਟਬਾਲ ਕੋਚ ਸਪਾਂਸਰ ਕਰਨ ਅਤੇ ਰੁਪਿੰਦਰ ਸਿੰਘ ਦਾ ਬਾਕਸਿੰਗ ਕੋਚ ਸਪਾਂਸਰ ਕਰਨ ’ਤੇ ਵਿਸ਼ੇਸ਼ ਧੰਨਵਾਦ ਕੀਤਾ। ਜਿਨ੍ਹਾਂ ਵੱਲੋਂ ਹਰ ਮਹੀਨੇ ਕੋਚਾਂ ਦੀ ਤਨਖਾਹ ਦਿੱਤੀ ਜਾਂਦੀ ਹੈ। ਰਛਪਾਲ ਸਿੰਘ ਵਲੋਂ ਸਕੂਲ ਕਮੇਟੀ ਵਲੋਂ ਬੱਚਿਆਂ ਨੂੰ ਇਨਾਮ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ।



ਇਸ ਮੌਕੇ ਮਾਸਟਰ ਹਰਦੀਪ ਸਿੰਘ ਵਲੋਂ ਬੱਚਿਆਂ ਨੂੰ ਵਧਾਈ ਦਿੱਤੀ ਗਈ ਅਤੇ ਅਕੈਡਮੀ ਦੇ ਬੱਚਿਆਂ ਲਈ ਦਾਨ ਕਰਨ ਵਾਲੇ ਸੱਜਣਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਿ. ਸਤਨਾਮ ਸਿੰਘ ਸੰਧੂ, ਦਰਸ਼ਨ ਸਿੰਘ ਲੱਖਾ, ਧਰਮ ਸਿੰਘ ਬਾਕਸਿੰਗ ਕੋਚ ਰੂਬੀਨਾ, ਫੁੱਟਬਾਲ ਕੋਚ ਅਮਿਤ ਕੁਮਾਰ, ਮਨਪ੍ਰੀਤ ਕੌਰ ਅਤੇ ਬੱਚਿਆਂ ਦੇ ਮਾਤਾ ਪਿਤਾ ਹਾਜ਼ਰ ਸਨ।

# ਦਰਜਾ ਚਾਰ ਮੁਲਾਜ਼ਮਾਂ ਨੇ ਮਨਿਸਟੀਰੀਅਲ ਸਟਾਫ ਦੀਆਂ ਮੰਗਾਂ ਦੀ ਕੀਤੀ ਹਮਾਇਤ

ਕੋਟਕਪੂਰਾ, (ਰਛਪਾਲ ਭੁੱਲਰ)-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜਿਲ੍ਹਾ ਫਰੀਦਕੋਟ ਦੀ ਕਾਰਜਕਾਰਨੀ ਕਮੇਟੀ ਦੀ ਇੱਕ ਮੀਟਿੰਗ ਅੱਜ ਇਥੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਪਾਰਕ ਵਿੱਚ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਢੁੱਡੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਜਨਰਲ ਸਕੱਤਰ ਬਲਕਾਰ ਸਿੰਘ ਮੰਡੀ ਬੋਰਡ ਅਤੇ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਮੀਟਿੰਗ ਦੌਰਾਨ ਪਿਛਲੇ ਕਈ ਦਿਨਾਂ ਤੋਂ ਮਨਿਸਟੀਰੀਅਲ ਸਟਾਫ ਦੀ ਚੱਲ ਰਹੀ ਕਲਮਛੋੜ ਹੜਤਾਲ ਅਤੇ ਜਥੇਬੰਦੀ ਦੀਆਂ ਮੰਗਾਂ ਦੀ ਪੁਰਜ਼ੋਰ ਹਮਾਇਤ ਕਰਦੇ ਹੋਏ 24 ਨਵੰਬਰ ਨੂੰ ਡੀ ਸੀ ਦਫਤਰ ਸਾਹਮਣੇ ਹੋ ਰਹੀ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਭਗਵੰਤ ਮਾਨ ਸਰਕਾਰ ਵੱਲੋਂ ਕੱਚੇ ਅਤੇ ਆਊਟਸੋਰਸ ਮੁਲਾਜਜ਼ਮਾਂ ਨੂੰ ਪੱਕੇ ਨਾ ਕਰਨ, ਸਕੀਮ ਵਰਕਰਾਂ ਦੀਆਂ ਮੰਗਾਂ ਨੂੰ ਨਜ਼ਰ ਅੰਦਾਜ਼ ਕਰਨ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਨਾ ਕਰਨ, ਰੈਗੂਲਰ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀਆਂ 12 ਫੀਸਦੀ ਦੇ ਹਿਸਾਬ ਤਿੰਨ ਬਕਾਇਆ ਕਿਸ਼ਤਾਂ ਨਾ ਦੇਣ ਅਤੇ ਤਨਖਾਹ ਕਮਿਸ਼ਨ ਦਾ ਸਾਢੇ ਪੰਜ ਸਾਲ ਦੇ ਬਣਦੇ ਬਕਾਏ ਸਬੰਧੀ ਚੁੱਪ ਧਾਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਸਾਰੀਆਂ ਹੱਕੀ ਅਤੇ ਜਾਇਜ਼ ਮੰਗਾਂ ਤੁਰੰਤ ਪ੍ਰਵਾਨ ਕਰਕੇ ਲਾਗੂ ਕੀਤੀਆਂ ਜਾਣ । ਮੀਟਿੰਗ ਦੌਰਾਨ ਇਹ ਵੀ ਨਿਰਣਾ ਲਿਆ ਗਿਆ ਕਿ ਹਰ ਮਹੀਨੇ ਦੀ 7 ਤਰੀਕ ਨੂੰ ਜ਼ਿਲ੍ਹਾ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਕਰਕੇ ਦਰਜਾ ਚਾਰ ਮੁਲਾਜ਼ਮਾਂ ਨਾਲ ਸਬੰਧਤ ਧਿਆਨ ਵਿੱਚ ਆਉਣ ਵਾਲੇ ਮਸਲਿਆਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸਾਰੇ ਮਸਲੇ ਹੱਲ ਕਰਵਾਏ ਜਾਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਨਛੱਤਰ ਸਿੰਘ ਭਾਣਾ ਜ਼ਿਲ੍ਹਾ ਚੇਅਰਮੈਨ, ਇਕਬਾਲ ਸਿੰਘ ਰਣ ਸਿੰਘ ਵਾਲਾ ਸੀਨੀਅਰ ਮੀਤ ਪ੍ਰਧਾਨ, ਕੁਲਵੀਰ ਸਿੰਘ ਸਰਾਵਾਂ ਵਿੱਤ ਸਕੱਤਰ, ਵਿਸ਼ਾਲ ਮੋਂਗਾ ਮੈਡੀਕਲ ਕਾਲਜ ਫਰੀਦਕੋਟ ਮੀਤ ਪ੍ਰਧਾਨ, ਰਣਜੀਤ ਸਿੰਘ ਸਿਹਤ ਵਿਭਾਗ ਜੁਆਇੰਟ ਸਕੱਤਰ, ਹਰੀ ਸਿੰਘ ਨਹਿਰੀ ਵਿਭਾਗ, ਰੇਸ਼ਮ ਸਿੰਘ ਸਰਕਾਰੀ ਬਰਜਿੰਦਰਾ ਕਾਲਜ ਆਦਿ ਸ਼ਾਮਲ ਸਨ।



# ਮਾਈਵੇਅ ਆਈਲੈਟਸ ਨੇ ਲਗਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ

**ਬਾਘਾ ਪੁਰਾਣਾ, (ਮਨੀ ਸਿੰਗਲਾ)**- ਕੋਟਕਪੂਰਾ ਰੋਡ ਤੇ ਸਰਕਾਰੀ ਸਕੂਲ ਦੇ ਨਾਲ ਸਥਿਤ ਮਾਈਵੇਅ ਆਈਲੈਟਸ ਅਤੇ ਇੰਮੀਗ੍ਰੇਸ਼ਨ ਦੇ ਡਾਇਰੈਕਟਰ ਜਸਕਰਨ ਬਰਾੜ ਅਤੇ ਐਮ.ਡੀ ਕਰਨ ਢਿੱਲੋਂ ਨੇ ਕਿਹਾ ਕਿ ਇਸ ਵਾਰ ਸੰਸਥਾ ਵੱਲੋਂ ਹਰਮਨਦੀਪ ਸਿੰਘ ਅਤੇ ਮਾਤਾ ਬਲਜੀਤ ਕੌਰ ਵਾਸੀ ਗਿੱਲ ਦਾ ਕੈਨੇਡਾ ਦਾ ਸਟੱਡੀ ਵੀਜ਼ਾ 8 ਦਿਨਾ ਦੇ ਵਿਚ ਲਗਵਾ ਕੇ ਦਿੱਤਾ ਗਿਆ। ਇਸ ਮੌਕੇ ਜਸਕਰਨ ਬਰਾੜ ਨੇ ਵੀਜ਼ਾ ਦੇ ਕੇ ਵਧਾਈ ਦਿੱਤੀ।



# ਜੌੜਾਮਾਜਰਾ ਦਾ ਸਿਆਸੀ ਕੱਦ ਵਧਾਉਣ ਲਈ ਆਪ ਹਾਈ ਕਮਾਂਡ ਦਾ ਧੰਨਵਾਦ

**ਸਮਾਣਾ ( ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** : ਪੰਜਾਬ ਦੇ ਸੀਨੀਅਰ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਤਿੰਨ ਹੋਰ ਅਹਿਮ ਮਹਿਕਮਿਆਂ ਦਾ ਚਾਰਜ ਦੇ ਕੇ ਜੌੜਾਮਾਜਰਾ ਦਾ ਸਿਆਸੀ ਕੱਦ ਵਧਾਉਣ ਲਈ ਆਮ ਆਦਮੀ ਪਾਰਟੀ ਦੇ ਗਾਜੀਪੁਰ ਬਲਾਕ ਪ੍ਰਧਾਨ ਸੁਰਜੀਤ ਸਿੰਘ ਫੌਜੀ ਨੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਆਪ ਹਾਈ ਕਮਾਂਡ ਦਾ ਧੰਨਵਾਦ ਕੀਤਾ ਹੈ। ਸੁਰਜੀਤ ਸਿੰਘ ਫੌਜੀ ਨੇ ਕਿਹਾ ਕਿ ਚੇਤਨ ਸਿੰਘ ਜੌੜਾਮਾਜਰਾ ਆਮ ਆਦਮੀ ਪਾਰਟੀ ਦੇ ਜ਼ਮੀਨ ਨਾਲ ਜੁੜੇ ਹੋਏ ਅਤੇ ਲੋਕਾਂ ਦੇ ਨਾਲ ਦਿਲੀ ਸਾਂਝ ਰੱਖਣ ਵਾਲੇ ਆਗੂ ਹਨ, ਜਿਨ੍ਹਾਂ ਕੋਲ ਪਹਿਲਾਂ ਪੰਜਾਬ ਸਰਕਾਰ ਦੇ ਅਹਿਮ ਵਿਭਾਗ ਸੂਚਨਾ ਤੇ ਲੋਕ ਸੰਪਰਕ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਤੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਸਨ ਅਤੇ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਹੋਰ ਅਹਿਮ ਵਿਭਾਗ, ਖਣਨ ਤੇ ਜੀਉਲੋਜੀ, ਜਲ ਸਰੋਤ ਅਤੇ ਜਲ ਤੇ ਭੂਮੀ ਰੱਖਿਆ ਵਿਭਾਗ ਜੌੜਾਮਾਜਰਾ ਨੂੰ ਸੌਂਪ ਕੇ ਵੱਡੀ ਜ਼ਿੰਮੇਵਾਰੀ ਦਿੱਤੀ ਹੈ। ਸੁਰਜੀਤ ਸਿੰਘ ਫੌਜੀ ਨੇ ਚੇਤਨ ਸਿੰਘ ਜੌੜਾਮਾਜਰਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਸਮਾਣਾ ਹਲਕੇ ਦੇ ਸਮੁੱਚੇ ਆਪ ਵਲੰਟੀਅਰ ਜਿੱਥੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਆਮ ਲੋਕਾਂ ਤੱਕ ਪੁੱਜਦੀਆਂ ਕਰਨਗੇ ਉਥੇ ਹੀ ਪਾਰਟੀ ਨੂੰ ਵੀ ਹੋਰ ਮਜ਼ਬੂਤ ਕਰਨਗੇ।



# ਸਮਾਜ ਸੇਵੀ ਸੰਸਥਾ ‘ਪਰਿਵਰਤਨ’ ਨੇ ਲਗਾਇਆ ਖ਼ੂਨਦਾਨ ਕੈਂਪ

**ਧੂਰੀ ( ਸੁਖਦੇਵ ਧੂਰੀ )**- ਖ਼ੂਨਦਾਨ ਦੇ ਖੇਤਰ ਵਿੱਚ ਮੋਹਰੀ ਸੰਸਥਾ ਮਾਲਵਾ ਪਰਿਵਰਤਨ ਵੱਲੋਂ ਐਚ ਡੀ ਐਫ ਸੀ ਬੈਂਕ ਦੇ ਸਹਿਯੋਗ ਨਾਲ ਵਿਸ਼ਾਲ ਖ਼ੂਨਦਾਨ ਕੈਂਪ ਗੁਰਦੁਆਰਾ ਸ੍ਰੀ ਅੜੀਸਰ ਸਾਹਿਬ ਵਿਖੇ ਲਗਾਇਆ ਗਿਆ। ਇਸ ਮੌਕੇ ਸਰਕਾਰੀ ਬਲੱਡ ਬੈਂਕ ਲੁਧਿਆਣਾ ਵੱਲੋਂ 50 ਯੂਨਿਟ ਬਲੱਡ ਇਕੱਤਰ ਕੀਤਾ ਗਿਆ। ਸੰਸਥਾ ਦੇ ਆਗੂ ਰਾਜੂ ਰਿਸ਼ੀ ਨੇ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ, ਜਿਸ ਨਾਲ ਸੈਂਕੜੇ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ। ਇਸ ਮੌਕੇ ਸੰਸਥਾ ਦੇ ਬੁਲਾਰੇ 126 ਵਾਰ ਖ਼ੂਨਦਾਨ ਕਰ ਚੁੱਕੇ ਸੰਸਥਾ ਦੇ ਮੋਢੀ ਆਗੂ ਸੁੰਦਰ ਲਾਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੰਸਥਾ ਦਾ ਉਦੇਸ਼ ਹੈ ਕਿ ਖ਼ੂਨਦਾਨ ਦੀ ਘਾਟ ਕਰਕੇ ਕਿਸੇ ਦੀ ਜਾਨ ਨਾ ਜਾਵੇ। ਇਸ ਮੌਕੇ ਪੰਕਜ ਗਰਗ, ਜਤਿੰਦਰ ਸਿੰਘ ਵਿੱਕੀ, ਜਗਰੂਪ ਸਿੰਘ ਬੱਬੂ ਸਮੇਤ ਹੋਰ ਵੀ ਹਾਜ਼ਰ ਸਨ।

# 14 ਕਰੋੜ ਦੀ ਜਾਇਦਾਦ ਜ਼ਬਤ, 28 ਨਸ਼ਾ ਤਸਕਰਾਂ ’ਤੇ ਹੋਈ ਕਾਰਵਾਈ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਨਸ਼ਾ ਵਿਰੋਧੀ ਮੁਹਿੰਮ ਦੇ ਹਿੱਸੇ ਵਜੋਂ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਪੁਲਿਸ-ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ’ਤੇ ਸਖ਼ਤ ਸ਼ਿਕੰਜਾ ਕੱਸਿਆ ਜਾ ਰਿਹਾ ਹੈ। 28 ਨਸ਼ਾ ਤਸਕਰਾਂ ਦੀ ਕੁੱਲ 13 ਕਰੋੜ 78 ਲੱਖ 64 ਹਜ਼ਾਰ 902 ਰੁਪਏ ਦੀ ਚੱਲ-ਅਚੱਲ ਜਾਇਦਾਦ ਜ਼ਬਤ ਕੀਤੀ ਗਈ ਹੈ। ਜਦੋਂ ਕਿ 3 ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਜ਼ਬਤ ਕਰਨ ਲਈ ਤਿਆਰ ਕੀਤੀ ਗਈ ਫਾਈਲ ਸਮਰੱਥ ਅਥਾਰਟੀ, ਨਵੀਂ ਦਿੱਲੀ ਨੂੰ ਭੇਜ ਦਿੱਤੀ ਗਈ ਹੈ ਅਤੇ 10 ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਜ਼ਬਤ ਕਰਨ ਦੀ ਕਾਰਵਾਈ ਜਾਰੀ ਹੈ।ਪੂਰੇ ਸੂਬੇ ਵਿੱਚ ਜਾਇਦਾਦਾਂ ਦੀ ਗਿਣਤੀ ਦੇ ਲਿਹਾਜ਼ ਨਾਲ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਫ਼ਿਰੋਜ਼ਪੁਰ ਵਿੱਚ ਕੀਤੀ ਗਈ ਹੈ। ਇਸ ਕਾਰਵਾਈ ਨੂੰ ਐਸ ਪੀ ਰਣਧੀਰ ਕੁਮਾਰ ਦੀ ਦੇਖ-ਰੇਖ ਹੇਠ ਜ਼ਿਲ੍ਹੇ ਵਿੱਚ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਹ ਕਾਰਵਾਈ ਐਨ ਡੀ ਪੀ ਐਸ ਐਕਟ ਦੀ ਧਾਰਾ 68(2) ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਕੀਤੀ ਜਾ ਰਹੀ ਹੈ।ਹੁਣ ਤੱਕ ਇਹ ਕਾਰਵਾਈ ਸਿਰਫ਼ ਉਨ੍ਹਾਂ ਨਸ਼ਾ ਤਸਕਰਾਂ ਖ਼ਿਲਾਫ਼ ਕੀਤੀ ਗਈ ਹੈ, ਜਿਨ੍ਹਾਂ ਨੇ ਨਸ਼ਾ ਤਸਕਰੀ ਰਾਹੀਂ ਚੱਲ-ਅਚੱਲ ਜਾਇਦਾਦਾਂ ਬਣਾਈਆਂ ਹਨ। ਜਿਨ੍ਹਾਂ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਹੁਣ ਤੱਕ ਜ਼ਬਤ ਕੀਤੀਆਂ ਗਈਆਂ ਹਨ, ਉਨ੍ਹਾਂ ਦੀਆਂ ਜਾਇਦਾਦਾਂ ਨਾ ਤਾਂ ਟਰਾਂਸਫਰ ਕੀਤੀਆਂ ਜਾ ਸਕਦੀਆਂ ਹਨ ਅਤੇ ਨਾ ਹੀ ਵੇਚੀਆਂ ਜਾ ਸਕਦੀਆਂ ਹਨ। ਪੁਲਿਸ-ਪ੍ਰਸ਼ਾਸਨ ਦੀ ਉਪਰੋਕਤ ਕਾਰਵਾਈ ਨੇ ਨਸ਼ਾ ਤਸਕਰਾਂ ’ਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਜਿਨ੍ਹਾਂ ਖਿਲਾਫ ਨਸ਼ਾ ਤਸਕਰੀ ਦੇ ਮਾਮਲੇ ਦਰਜ ਹਨ, ਉਹ ਸਲਾਖਾਂ ਪਿੱਛੇ ਹਨ। ਪਰ ਕਈ ਅਜੇ ਵੀ ਨਸ਼ਾ ਤਸਕਰ ਹਨ, ਜਿਨ੍ਹਾਂ ਖ਼ਿਲਾਫ਼ ਕੇਸ ਦਰਜ ਨਹੀਂ ਹਨ ਅਤੇ ਉਹ ਆਪਣਾ ਧੰਦਾ ਅੱਗੇ ਵਧਾ ਰਹੇ ਹਨ। ਅਜਿਹੇ ਨਸ਼ਾ ਤਸਕਰਾਂ ਦੀ ਪਛਾਣ ਕਰਕੇ ਉਨ੍ਹਾਂ ਦੇ ਚਿਹਰਿਆਂ ਨੂੰ ਜਨਤਕ ਕਰਨਾ ਪੁਲਸ ਲਈ ਵੱਡੀ ਚੁਣੌਤੀ ਹੋਵੇਗੀ।

# ਨਿਰਵੈਰ ਸਿੰਘ ਸਿੰਧੀ ਤੇ ਬਲਰਾਜ ਸਿੰਘ ਸੰਧੂ ਬਲਾਕ ਫਿਰੋਜ਼ਪੁਰ ਸ਼ਹਿਰੀ ਦੇ ਕੋਆਰਡੀਨੇਟਰ ਨਿਯੁਕਤ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਆਮ ਆਦਮੀ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਪਾਰਟੀ ਨੂੰ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਬਿਨਾਂ ਕਿਸੇ ਨਿੱਜੀ ਸਵਾਰਥ ਦੇ ਸੇਵਾਵਾਂ ਨਿਭਾ ਰਹੇ ਆਪਣੇ ਟਕਸਾਲੀ ਵਰਕਰਾਂ ਨੂੰ ਵੱਡੀਆਂ ਜੁੰਮੇਵਾਰੀਆਂ ਸੌਂਪਦੇ ਹੋਏ ਨਵੀਆਂ ਨਿਯੁਕਤੀਆਂ ਕੀਤੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਦੱਸਿਆ ਕਿ ਉਨ੍ਹਾ ਦੇ ਵਿਧਾਨ ਸਭਾ ਹਲਕੇ ਦੇ ਕਸਬਾ ਮਮਦੋਟ ਦੇ ਨਿਵਾਸੀ ਨਿਰਵੈਰ ਸਿੰਘ ਸਿੰਧੀ ਅਤੇ ਬਲਰਾਜ ਸਿੰਘ ਸੰਧੂ ਨੂੰ ਫਿਰੋਜ਼ਪੁਰ ਸ਼ਹਿਰੀ ਬਲਾਕ ਦੇ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਇਨ੍ਹਾਂ ਨਿਯੁਕਤੀਆਂ ਨਾਲ ਜਿਥੇ ਪਾਰਟੀ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਹੋਵੇਗੀ ਉਥੇ ਪਾਰਟੀ ਦੇ ਆਮ ਵਰਕਰਾਂ ਦੇ ਵੀ ਹੌਸਲੇ ਹੋਰ ਬੁਲੰਦ ਹੋਣਗੇ। ਮਮਦੋਟ ਵਾਸੀ ਨਿਰਵੈਰ ਸਿੰਘ ਸਿੰਧੀ ਇਸ ਤੋਂ ਪਹਿਲਾਂ ਵੀ ਆਮ ਆਦਮੀ ਪਾਰਟੀ ਦੇ ਜ਼ਿਲਾ ਫਿਰੋਜ਼ਪੁਰ ਤੋਂ ਜ਼ਿਲ੍ਹਾ ਮੀਡੀਆ ਇੰਚਾਰਜ ਵਜੋਂ ਬਾਖੂਬੀ ਸੇਵਾਵਾਂ ਨਿਭਾ ਰਹੇ ਹਨ । ਆਪਣੀਆਂ ਨਿਯੁਕਤੀਆਂ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਨਿਰਵੈਰ ਸਿੰਘ ਸਿੰਧੀ ਅਤੇ ਬਲਰਾਜ ਸਿੰਘ ਸੰਧੂ ਪਾਰਟੀ ਹਾਈ ਕਮਾਂਡ ਅਤੇ ਵਿਸ਼ੇਸ਼ ਕਰਕੇ ਡਾ ਸੰਦੀਪ ਪਾਠਕ ਨੈਸ਼ਨਲ ਜਨਰਲ ਸੈਕਟਰੀ, ਭਗਵੰਤ ਸਿੰਘ ਮਾਨ ਪੰਜਾਬ ਪ੍ਰਧਾਨ ਅਤੇ ਮੁੱਖ ਮੰਤਰੀ ਪੰਜਾਬ, ਪ੍ਰਿੰਸੀਪਲ ਬੁੱਧ ਰਾਮ ਸਟੇਟ ਵਰਕਿੰਗ ਪ੍ਰਧਾਨ, ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਅਤੇ ਚੰਦ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਵੱਲੋਂ ਮਿਲੀ ਜੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਹਰ ਸੰਭਵ ਕੋਸ਼ਿਸ਼ ਕਰਨਗੇ । ਇਸ ਸਮੇਂ ਉਨ੍ਹਾ ਨਾਲ ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ ਅਤੇ ਸੰਜੀਵ ਕੁਮਾਰ ਚਿੰਟੂ ਧਵਨ ਸ਼ਹਿਰੀ ਪ੍ਰਧਾਨ ਬਲਾਕ ਮਮਦੋਟ ਵੀ ਸਨ ।

# ਹਲਕਾ ਰਾਮਪੁਰਾ ਫੂਲ ’ਚ ਕਾਂਗੜ ਤੇ ਚਹਿਲ ਵੱਲੋਂ ਸਰਗਰਮੀਆਂ ਤੇਜ਼



**ਭਗਤਾ ਭਾਈ ਕਾ (ਰਾਜੀਵ ਗੋਇਲ)**:ਭਾਵੇਂ ਹੀ ਵਿਧਾਨ ਸਭਾ ਚੋਣਾਂ ਵਿੱਚ ਅਜੇ ਕਾਫੀ ਸਮਾਂ ਪਿਆ ਹੈ ਪਰ 2022 ਦੇ ਬਦਲੇ ਸਮੀਕਰਨਾਂ ਨੇ ਸਿਆਸੀ ਆਗੂਆਂ ਨੂੰ ਲੋਕਾਂ ਵਿੱਚ ਵਿਚਰਨ ਲਈ ਮਜਬੂਰ ਕਰ ਦਿੱਤਾ ਹੈ। ਜਿਹੜੇ ਲੀਡਰ ਆਪਣੇ ਹੀ ਪਾਰਟੀ ਆਗੂਆਂ ਨੂੰ ਟਿੱਚ ਸਮਝਦੇ ਸਨ ਅੱਜ ਉਹੀ ਲੀਡਰ ਉਨ੍ਹਾਂ ਆਗੂਆਂ ਨੂੰ ਅੰਦਰੋ ਅੰਦਰੀ ਮਨਾਉਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਜੇਕਰ ਗੱਲ ਕਾਂਗਰਸ ਦੀ ਕੀਤੀ ਜਾਵੇ ਤਾਂ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦੇ ਭਾਜਪਾ ਵਿੱਚ ਜਾਣ ਤੋਂ ਬਾਅਦ ਅਨਾਥ ਹੋਏ ਹਲਕਾ ਰਾਮਪੁਰਾ ਫੂਲ ਦੀ ਵਾਗਡੋਰ ਸਾਬਕਾ ਵਿਧਾਇਕ ਹਰਬੰਸ ਜਲਾਲ ਦੇ ਨਜ਼ਦੀਕੀ ਰਿਸ਼ਤੇਦਾਰ ਜਸ਼ਨ ਚਹਿਲ ਨੂੰ ਸੌਂਪ ਦਿੱਤੀ ਗਈ ਸੀ ਪਰ ਜਿਉਂ ਹੀ ਕਾਂਗੜ ਵੱਲੋਂ ਘਰ ਵਾਪਸੀ ਕੀਤੀ ਗਈ ਤਾਂ ਜਿੱਥੇ ਸਿਆਸੀ ਹਾਲਾਤ ਬਦਲਦੇ ਨਜ਼ਰ ਆਉਣ ਲੱਗੇ,ਉੱਥੇ ਹੀ ਕਾਂਗਰਸ ਦੀ ਧੜੇਬੰਦੀ ਵੀ ਨਜ਼ਰ ਆਉਣ ਲੱਗੀ। ਕਿਉਂਕਿ ਕਾਂਗੜ ਤੋਂ ਨਾਰਾਜ਼ ਕੁਝ ਕੁ ਹਲਕੇ ਦੇ ਆਗੂਆਂ ਵੱਲੋਂ ਚਹਿਲ ਨਾਲ ਤੁਰਨ ਦਾ ਫੈਸਲਾ ਕਰ ਲਿਆ ਗਿਆ। ਹੁਣ ਮੌਜੂਦਾ ਸਮੇਂ ਵਿੱਚ ਦੋਹਾਂ ਹੀ ਲੀਡਰਾਂ ਵੱਲੋਂ ਆਮ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ, ਜਿਸ ਦੇ ਚਲਦਿਆਂ ਲੋਕਾਂ ਦੇ ਹਰ ਤਰ੍ਹਾਂ ਦੇ ਸਮਾਗਮਾਂ ਵਿੱਚ ਸ਼ਿਰਕਤ ਕੀਤੀ ਜਾ ਰਹੀ ਹੈ। ਜੇਕਰ ਗੱਲ ਚਹਿਲ ਦੀ ਕੀਤੀ ਜਾਵੇ ਤਾਂ ਕਾਂਗੜ ਤੋਂ ਨਾਰਾਜ਼ ਚਹਿਲ ਦਾ ਸਾਥ ਦੇ ਰਹੇ ਪੁਰਾਣੇ ਆਗੂਆਂ ’ਤੇ ਅੱਖਾਂ ਮੀਚ ਕੇ ਕੀਤਾ ਰਿਹਾ ਭਰੋਸਾ ਵੀ ਚਹਿਲ ਨੂੰ ਨੁਕਸਾਨ ਦੇ ਸਕਦਾ ਹੈ। ਕੁਝ ਆਗੂ ਤਾਂ ਸ਼ਸ਼ੋਪੰਜ ਵਿੱਚ ਹਨ ਕਿ ਨੇੜਤਾ ਕਿਸ ਨਾਲ ਬਣਾਈ ਜਾਵੇ ਕਿਉਂਕਿ ਪਾਰਟੀ ਵੱਲੋਂ ਦਿੱਤੀ ਜਾਣ ਵਾਲੀ ਟਿਕਟ ਦਾ ਕੋਈ ਅੰਦਾਜ਼ਾ ਨਹੀਂ ਹੈ। ਉਧਰ ਜੇਕਰ ਗੱਲ ਵਿਰੋਧੀਆਂ ਦੀ ਕੀਤੀ ਜਾਵੇ ਤਾਂ ਕਾਂਗਰਸੀਆਂ ਦੀ ਆਪਸੀ ਧੜੇਬੰਦੀ ਦਾ ਵਿਰੋਧੀਆਂ ਨੂੰ ਫਾਇਦਾ ਮਿਲ ਸਕਦਾ ਹੈ। ਕਿਉਂਕਿ ਜੇਕਰ ਅਕਾਲੀ ਦਲ ਦੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਹਲਕਾ ਰਾਮਪਰਾ ਫੂਲ ਤੋਂ ਚੋਣ ਲੜੀ ਜਾਂਦੀ ਹੈ ਤਾਂ ਇਨ੍ਹਾਂ ਦੀ ਧੜੇਬੰਦੀ ਦਾ ਫਾਇਦਾ ਮਲੂਕਾ ਨੂੰ ਮਿਲ ਸਕਦਾ ਹੈ। ਕਿਉਂਕਿ ਇਸ ਹਲਕੇ ਅੰਦਰ ਉਮੀਦਵਾਰਾਂ ਦੀ ਜਿੱਤ ਹਾਰ ਦਾ ਅੰਤਰ ਕੋਈ ਜ਼ਿਆਦਾ ਨਹੀਂ ਹੈ।

# ਬੀ ਕੇ ਯੂ (ਏਕਤਾ) ਉਗਰਾਹਾਂ ਬਲਾਕ ਜਲਾਲਾਬਾਦ ਤੇ ਗੁਰੂ ਹਰਸਹਾਏ ਦੀ ਮੀਟਿੰਗ ਸੰਪੰਨ

**ਜਲਾਲਾਬਾਦ, (ਜੀਤ ਕੁਮਾਰ)** - ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਦੇ ਬਲਾਕ ਜਲਾਲਾਬਾਦ ਅਤੇ ਬਲਾਕ ਗੁਰੂਹਰਸਹਾਏ ਦੀ ਸਾਂਝੀ ਮੀਟਿੰਗ ਸਥਾਨਕ ਮਾਰਕਿਟ ਕਮੇਟੀ ਦਫਤਰ ਵਿਖੇ ਕੀਤੀ ਗਈ।

ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਨੇ ਕਿਹਾ ਕਿ ਦਿੱਲੀ ਮੋਰਚੇ ਵਿੱਚ ਜੋ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਅਤੇ ਕੁਝ ਨਵੀਆਂ ਮੰਗਾਂ ਹੋਰ ਜੋੜਨ ਲਈ ਜਿਵੇਂ ਕਿ ਝੋਨੇ ਦੀ ਫਸਲ ਤੇ ਜੋ ਸਰਕਾਰ ਨੇ ਖਤਮ ਕਰਨ ਬਾਰੇ ਐਲਾਨ ਕੀਤਾ ਹੈ ਉਸ ਨੂੰ ਵਾਪਸ ਲੈਣ ਬਾਰੇ, ਕਿਸਾਨ ਦੀ ਫਸਲ ਦਾ ਬੀਮਾ ਕਰਨਾ ਅਤੇ ਲਖੀਮਪੁਰ ਖੀਰੀ ਵਾਲੀ ਘਟਨਾ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਚੰਡੀਗੜ੍ਹ ਵਿਖੇ 26, 27 ਅਤੇ 28 ਨਵੰਬਰ ਨੂੰ ਧਰਨਾ ਦਿੱਤਾ ਜਾ ਰਿਹਾ ਹੈ, ਇਸ ਧਰਨੇ ਵਿਚ ਕਿਸਾਨਾਂ ਨੂੰ ਵੱਧ ਤੋਂ ਵੱਧ ਸ਼ਾਮਿਲ ਹੋਣ ਲਈ ਅੱਜ ਇਥੇ ਮੀਟਿੰਗ ਵਿਚ ਵਿਚਾਰ ਚਰਚਾ ਕੀਤੀ ਗਈ। ਇਸ ਮੀਟਿੰਗ ਵਿੱਚ ਲੱਗਭੱਗ 14 ਪਿੰਡਾਂ ਦੇ ਕਿਸਾਨ ਆਗੂਆਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਪਰੋਕਤ ਧਰਨੇ ਵਿਚ ਸ਼ਾਮਿਲ ਹੋਣ ਲਈ ਲਾਮਬੰਦ ਕੀਤਾ ਗਿਆ।

# ਮਾਤਾ ਰਣਜੀਤ ਕੌਰ ਬੈਨੀਪਾਲ ਨੂੰ ਸ਼ਰਧਾਂਜਲੀਆਂ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**-ਮਾਤਾ ਰਣਜੀਤ ਕੌਰ ਬੈਨੀਪਾਲ ਦੀ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਹੋਇਆ। ਇਸ ਮੌਕੇ ਮਹੰਤ ਗੁਰਪ੍ਰੀਤ ਸਿੰਘ ਨਾਨਕਸਰ ਠਾਠ, ਭਾਈ ਰਾਜਵਿੰਦਰ ਸਿੰਘ ਕਲਾਲ ਮਾਜਰਾ ਦੇ ਰਾਗੀ ਜਥੇ ਨੇ ਵੈਰਗਮਾਈ ਕੀਰਤਨ ਕੀਤਾ । ਸ਼ਰਧਾਂਜਲੀ ਸਮਾਗਮ ਸਮੇਂ ਸਾਬਕਾ ਚੇਅਰਮੈਨ ਅਜੀਤ ਸਿੰਘ ਕੁਤਬਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ ਨੇ ਬੈਨੀਪਾਲ ਪਰਿਵਾਰ ਵੱਲੋਂ ਸਿਆਸੀ, ਧਾਰਮਿਕ ਤੇ ਸਮਾਜ ਸੇਵਾ ਦੇ ਖੇਤਰ ’ਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਮਾਤਾ ਰਣਜੀਤ ਕੌਰ ਦੀ ਸੁਚੱਜੀ ਅਗਵਾਈ ਹੇਠ ਬੈਨੀਪਾਲ ਪਰਵਾਰ ਦੇਸ਼ ਵਿਦੇਸ਼ਾਂ ’ਚ ਨਾਮਣਾ ਖੱਟਦਾ ਹੋਇਆ ਬੁਲੰਦੀਆਂ ਨੂੰ ਛੂਹ ਰਿਹਾ ਹੈ। ਅਜਿਹੇ ਸਾਂਝੇ ਪਰਵਾਰ ਸਾਡੇ ਸਾਰਿਆਂ ਲਈ ਪ੍ਰੇਰਨਾਸ੍ਰੋਤ ਹਨ । ਜਥੇ: ਸੁਖਵਿੰਦਰ ਸਿੰਘ ਸੁੱਖਾ ਨੇ ਪਰਵਾਰ ਵੱਲੋਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਬੈਨੀਪਾਲ ਪਰਵਾਰ ਵੱਲੋਂ ਮਾਤਾ ਜੀ ਦੀ ਯਾਦ ’ਚ ਵੱਖ-ਵੱਖ ਧਾਰਮਿਕ ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਦਿੱਤੀ ਗਈ। ਇਸ ਮੌਕੇ ਮੁੱਖ ਸੇਵਾਦਾਰ ਸੰਤ ਕੇਹਰ ਸਿੰਘ ਠਾਠ ਨਾਨਕਸਰ, ਗਿਆਨੀ ਰਾਮ ਸਿੰਘ ਬਰਨਾਲਾ, ਡਾ: ਨਵਨੀਤ ਬਾਂਸਲ, ਮਲਕੀਤ ਸਿੰਘ ਚੀਮਾ, ਸਰਬਜੀਤ ਸਿੰਘ ਸੰਭੂ, ਗਿਆਨੀ ਕਰਮ ਸਿੰਘ, ਹਰੀ ਸਿੰਘ ਕਟੈਹਰੀਆ, ਭਾਕਿਯੂ ਡਕੌਂਦਾ ਦੇ ਜੁਗਰਾਜ ਸਿੰਘ ਹਰਦਾਸਪੁਰਾ, ਚੰਦ ਸਿੰਘ ਬੈਨੀਪਾਲ, ਮੰਗਤ ਸਿੰਘ ਸਿੱਧੂ, ਭਾਈ ਸੁਰਿੰਦਰ ਸਿੰਘ ਕੈਨੇਡੀਅਨ, ਬਲਵੰਤ ਸਿੰਘ ਕਿਰਤੀ, ਅਮਰਜੀਤ ਸਿੰਘ ਮਹਿਲ ਖੁਰਦ, ਰਾਵਿੰਦਰ ਸਿੰਘ ਸੇਖੋਂ, ਸਰਪੰਚ ਰਾਜਵਿੰਦਰ ਕੌਰ ਧਾਲੀਵਾਲ, ਹਰਭਜਨ ਸਿੰਘ ਸੋਢਾ, ਨੰਬਰਦਾਰ ਮਹਿੰਦਰ ਸਿੰਘ, ਭਾਈ ਜਗਸੀਰ ਸਿੰਘ ਖਾਲਸਾ, ਡਾ: ਦਲਵਾਰ ਸਿੰਘ, ਭੋਲਾ ਸਿੰਘ ਕਲਾਲ ਮਾਜਰਾ, ਡਾ: ਅਮਰਜੀਤ ਕੁੱਕੂ , ਚਮਕੌਰ ਸਿੰਘ ਸੋਢਾ, ਦਰਸ਼ਨ ਸਿੰਘ ਪੰਡੋਰੀ, ਜਸਵਿੰਦਰਪਾਲ ਬੁੱਟਰ, ਹਰਬੰਸ ਮਹਿਲਵੀਂ, ਨਰਿੰਦਰ ਨਿੰਦੀ ਪਾਸੀ, ਵਿਸਾਖਾ ਸਿੰਘ ਕਰਮਗੜ੍ਹ, ਭਾਈ ਹਰਬੰਸ ਸਿੰਘ ਛੰਨਾਂ ਆਦਿ ਹਾਜ਼ਰ ਸਨ।



# ਤੀਹਰੇ ਕਤਲ ਕਾਂਡ ਦਾ ਦੋਸ਼ੀ ਕਾਬੂ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਬੀਤੀ 7 ਨਵੰਬਰ ਨੂੰ ਪਿੰਡ ਤੁੰਗ ਵਿਖੇ ਤੀਹਰੇ ਕਤਲ ਕਾਂਡ ਨੂੰ ਹੱਲ ਕਰਨ ਤੇ ਮੇਨ ਵਿਅਕਤੀ ਬਾਰੇ ਜ਼ਿਲ੍ਹਾ ਪੁਲਸ ਮੁਖੀ ਅਸ਼ਵਨੀ ਕਪੂਰ ਤੇ ਐੱਸਪੀ ਵਿਸ਼ਾਲਜੀਤ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਦੋਸ਼ੀ ਮਨਦੀਪ ਸਿੰਘ ਉਰਫ ਮਨਪ੍ਰੀਤ ਸਿੰਘ ਉਰਫ ਬਾਬਾ ਕਲਿਆਨ ਉਰਫ ਮਨੀ ਪੁੱਤਰ ਮੰਦਰ ਸਿੰਘ ਵਾਸੀ ਵਾਰਡ ਨੰ: 7 ਸਾਹਪੀਣੀ 18 ਏਐੱਮਪੀ ਹਨੂੰਮਾਨਗੜ੍ਹ ਮੰਘਰੀਆ ਰਾਜਸਥਾਨ ਨੂੰ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ। ਪੁਲਸ ਮੁਖੀ ਨੇ ਦੱਸਿਆ ਕਿ ਮ੍ਰਿਤਕਾਂ ਦੇ ਜਵਾਈ ਚਰਨਜੀਤ ਸਿੰਘ ਪੁੱਤਰ ਸਲਵਿੰਦਰ ਸਿੰਘ ਵਾਸੀ ਸਭਰਾ ਨੇ ਆਪਣਾ ਬਿਆਨ ਦਰਜ ਕਰਾਇਆ ਸੀ ਕਿ ਉਸਦੇ ਸਹੁਰੇ ਪਿੰਡ ਤੁੰਗ ਵਿਖੇ ਹਨ। ਉਸਦਾ ਸਾਲਾ ਦਲਜੀਤ ਸਿੰਘ ਕਰੀਬ 8-9 ਸਾਲ ਤੋਂ ਆਸਟ੍ਰੇਲੀਆ ਵਿੱਚ ਰਹਿ ਰਿਹਾ ਹੈ। ਪਿੱਛੋਂ ਘਰ ਵਿੱਚ ਉਸਦਾ ਸਹੁਰਾ ਇਕਬਾਲ ਸਿੰਘ, ਪੁੱਤਰ ਗੁਰਚਰਨ ਸਿੰਘ, ਸੱਸ ਲਖਵਿੰਦਰ ਕੌਰ ਅਤੇ ਚਾਚੀ ਸੱਸ ਸੀਤਾ ਕੌਰ ਪਤਨੀ ਲੇਟ ਹਰਦੀਪ ਸਿੰਘ ਇਕੱਠੇ ਇੱਕ ਹੀ ਘਰ ਵਿੱਚ ਰਹਿੰਦੇ ਹਨ। ਉਸਦਾ ਪਿੰਡ ਨੇੜੇ ਹੋਣ ਕਾਰਨ ਉਹ ਆਪਣੇ ਸਹੁਰੇ ਘਰ ਜਾਂਦਾ ਹੀ ਰਹਿੰਦਾ ਹੈ। ਬੀਤੀ 7 ਨਵੰਬਰ ਸ਼ਾਮ ਵਕਤ ਕਰੀਬ 6 ਵਜੇ ਉਹ ਆਪਣੇ ਸਹੁਰੇ ਘਰ ਤੋਂ ਮੱਝਾਂ ਚੋਅ ਕੇ ਆਪਣੇ ਪਿੰਡ ਸਭਰਾ ਚਲਾ ਗਿਆ ਸੀ। ਉਸ ਸਮੇਂ ਘਰ ਵਿੱਚ ਉਸਦਾ ਸਹੁਰਾ ਇਕਬਾਲ ਸਿੰਘ, ਸੱਸ ਲਖਵਿੰਦਰ ਕੌਰ, ਚਾਚੀ ਸੱਸ ਸੀਤਾ ਕੌਰ ਅਤੇ ਨੌਕਰ ਅਸ਼ੋਕ (ਪ੍ਰਵਾਸੀ ਮਜ਼ਦੂਰ) ਜੋ ਉਨ੍ਹਾਂ ਨਾਲ ਬਤੌਰ ਨੌਕਰ ਕ੍ਰੀਬ



20-25 ਸਾਲ ਤੋਂ ਰਹਿੰਦਾ ਹੈ, ਮੌਜੂਦ ਸਨ। ਜਦ ਅਗਲੇ ਦਿਨ ਸਵੇਰੇ ਉਸਨੇ ਆਪਣੇ ਸਹੁਰੇ ਘਰ ਜਾ ਕੇ ਦੇਖਿਆ ਤਾਂ ਉਸਦੇ ਸਹੁਰੇ, ਸੱਸ ਅਤੇ ਚਾਚੀ ਸੱਸ ਦੀਆਂ ਲਾਸ਼ਾਂ ਪਈਆਂ ਹੋਈਆਂ ਸਨ ਜਿਨ੍ਹਾਂ ਦੇ ਹੱਥ ਅਤੇ ਮੂੰਹ ਬੰਨ੍ਹੇ ਹੋਏ ਸਨ ਅਤੇ ਅਸ਼ੋਕ ਕੁਮਾਰ ਘਰ ਵਿੱਚੋਂ ਗਾਇਬ ਸੀ। ਜਦ ਉਸਨੇ ਸਾਰੇ ਘਰ ਵਿੱਚ ਦੇਖਿਆ ਤਾਂ ਘਰ ਦਾ ਸਾਮਾਨ ਖਿੱਲਰਿਆ ਪਿਆ ਸੀ ਅਤੇ ਅਲਮਾਰੀਆਂ ਖੁੱਲ੍ਹੀਆਂ ਪਈਆਂ ਸਨ ਜੋ ਕਿ ਅਣਪਛਾਤੇ ਵਿਅਕਤੀ ਘਰ ਵਿੱਚੋਂ ਲੁੱਟ ਕਰਕੇ ਲੈ ਗਏ ਸਨ। ਉਸਦੇ ਸਹੁਰੇ ਸੱਸ ਅਤੇ ਚਾਚੀ ਸੱਸ ਦਾ ਕਤਲ ਕਰ ਗਏ। ਨੌਕਰ ਅਸ਼ੋਕ ਨੂੰ ਅਗਵਾ ਕਰਕੇ ਲੈ ਗਏ ਸਨ। ਜ਼ਿਕਰਯੋਗ ਹੈ ਕਿ ਨੌਕਰ ਅਸ਼ੋਕ ਨੂੰ ਬੰਗਾਲੀ ਵਾਲੇ ਪੁਲ ਦੇ ਨਜ਼ਦੀਕ ਸੁੱਟ ਗਏ ਸਨ ਜੋ ਕਿ ਉਸੇ ਦਿਨ ਹੀ ਸਹੀ ਸਲਾਮਤ ਮਿਲ ਗਿਆ। ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਮੁਕੱਦਮਾ ਨੰਬਰ 96 ਮਿਤੀ 8 ਨਵੰਬਰ ਜੁਰਮ 460-ਭਦਸ ਥਾਣਾ ਹਰੀਕੇ ਦਰਜ ਰਜਿਸਟਰ ਕਰਕੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ। ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਜਿਸ ਪਰ ਇੰਸਪੈਕਟਰ ਪ੍ਰਭਜੀਤ ਸਿੰਘ ਗਿੱਲ ਇੰਚਾਰਜ ਸੀਆਈਏ ਸਟਾਫ ਅਤੇ ਐੱਸਐੱਚਓ ਥਾਣਾ ਹਰੀਕੇ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਦੋਸ਼ੀ ਮਨਦੀਪ ਸਿੰਘ ਉਰਫ ਮਨਪ੍ਰੀਤ ਸਿੰਘ ਉਰਫ ਬਾਬਾ ਕਲਿਆਨ ਉਰਫ ਮਨੀ ਪੁੱਤਰ ਮੰਦਰ ਸਿੰਘ ਵਾਸੀ ਵਾਰਡ ਨੰ:7 ਸਾਹਪੀਣੀ 18 ਏ.ਐਮ.ਪੀ ਹਨੂੰਮਾਨਗੜ੍ਹ ਮੰਘਰੀਆ ਰਾਜਸਥਾਨ ਆਪਣੇ ਪਿੰਡ ਰਾਮਪੁਰਾ ਫੂਲ ਵਿਖੇ ਆਇਆ ਹੋਇਆ ਹੈ ਜਿਸ 'ਤੇ ਪੁਲਸ ਟੀਮਾਂ ਰਾਮਪੁਰਾ ਫੂਲ ਨੂੰ ਭੇਜੀਆਂ ਗਈਆਂ ਅਤੇ ਰਾਮਪੁਰਾ ਫੂਲ ਤੋਂ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਜੋ ਕਿ ਉਕਤ ਦੋਸ਼ੀ ਤੇ ਪਹਿਲਾਂ ਵੀ 6 ਮੁਕੱਦਮੇ ਦਰਜ ਹਨ ਜਿਨ੍ਹਾਂ ਵਿੱਚੋਂ ਕਈ ਮੁਕੱਦਮਿਆਂ ਵਿੱਚ ਇਹ ਭਗੌੜਾ ਸੀ। ਉਕਤ ਅਪਰੇਸ਼ਨ ਵਿੱਚ ਰਾਜਸਥਾਨ ਪੁਲਸ ਵੱਲੋਂ ਵੀ ਆਪਣਾ ਅਹਿਮ ਯੋਗਦਾਨ ਪਾਇਆ ਗਿਆ। ਉਕਤ ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਦੌਰਾਨੇ ਰਿਮਾਂਡ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

## 30 ਲੱਖ ਫ਼ਿਰੌਤੀ ਮੰਗਣ ਵਾਲੇ ਅਣਪਛਾਤੇ ਵਿਅਕਤੀ ਵਿਰੁੱਧ ਕੇਸ ਦਰਜ

**ਧਾਰੀਵਾਲ,(ਮਨਦੀਪ ਸਿੰਘ ਵਿੱਕੀ)**-ਇਕ ਫਾਇਨਾਂਸਰ ਨੂੰ ਵੱਟਸਐਪ ਰਾਹੀਂ ਕਾਲ ਕਰਕੇ ਧਮਕੀ ਦੇ ਕੇ 30 ਲੱਖ ਰੁਪਏ ਦੀ ਮੰਗ ਕਰਨ ਵਾਲੇ ਨਾਮਲੂਮ ਵਿਅਕਤੀ ਵਿਰੁੱਧ ਥਾਣਾ ਧਾਰੀਵਾਲ ਵਿੱਚ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਥਾਣਾ ਧਾਰੀਵਾਲ ਦੇ ਐੱਸਐੱਚਓ ਸਰਬਜੀਤ ਸਿੰਘ ਚਾਹਲ ਨੇ ਦੱਸਿਆ ਕਿ ਕੁਨਾਲ ਚੱਢਾ ਪੁੱਤਰ ਪਰਦੀਪ ਚੱਢਾ ਵਾਸੀ ਰਾਮਸ਼ਰਨ ਦਾਸ ਕਲੋਨੀ ਧਾਰੀਵਾਲ ਨੇ ਉੱਚ ਪੁਲਸ ਅਧਿਕਾਰੀਆਂ ਨੂੰ ਦੱਸਿਆ ਕਿ ਉਹ ਸ਼ਹਿਰ ਧਾਰੀਵਾਲ ਵਿੱਚ ਚੱਢਾ ਇੰਟਰਪਰਾਈਜ਼ਿਜ਼ ਨਾਮ ਦੀ ਫਾਇਨਾਂਸ ਕੰਪਨੀ ਵਿਖੇ ਆਪਣੇ ਪਿਤਾ ਪਰਦੀਪ ਚੱਢਾ ਨਾਲ ਕੰਮ ਕਰਦਾ ਹੈ। ਉਹ ਆਪਣੇ ਪਿਤਾ ਨਾਲ ਫਾਇਨਾਂਸ ਦੀ ਦੁਕਾਨ 'ਚ ਮੌਜੂਦ ਸੀ ਕਿ ਉਸਦੇ ਪਿਤਾ ਦੇ ਮੋਬਾਇਲ ਫੋਨ 'ਤੇ ਅਣਪਛਾਤੇ ਵਿਅਕਤੀ ਨੇ ਵੱਟਸਐਪ ਰਾਹੀਂ ਕਾਲ ਕਰਕੇ ਧਮਕੀ ਦੇ ਕੇ 30 ਲੱਖ ਰੁਪਏ ਦੀ ਮੰਗ ਕੀਤੀ ਤਾਂ ਉਸਦੇ ਪਿਤਾ ਪਰਦੀਪ ਚੱਢਾ ਨੇ ਫੋਨ ਕੱਟ ਦਿੱਤਾ। ਇਸ ਤੋਂ ਪੰਜ ਮਿੰਟ ਬਾਅਦ ਉਸਦੇ ਫੋਨ 'ਤੇ ਵੱਟਸਐਪ ਕਾਲ ਆਈ ਅਤੇ ਕਿਹਾ ਕਿ ਉਹ ਸੱਤਾ ਨੌਸ਼ਹਿਰਾ ਬੋਲਦਾ ਹੈ, ਆਪਣੇ ਪਿਤਾ ਨੂੰ ਕਹਿ ਕਿ ਫੋਨ ਚੁੱਕੇ ਅਤੇ ਜੇਕਰ 30 ਲੱਖ ਰਪਏ ਦੇਣ ਦੀ ਮੰਗ ਪੂਰੀ ਨਾ ਕੀਤੀ ਤਾਂ ਜਾਨ ਤੋਂ ਮਾਰ ਦਿਆਂਗਾ। ਇਸ ਮਾਮਲੇ ਦੀ ਜਾਂਚ ਉਪ ਪੁਲਸ ਕਪਤਾਨ ਸਿਟੀ ਗੁਰਦਾਸਪੁਰ ਦੁਆਰਾ ਕਰਨ ਮਗਰੋਂ ਹਲਕਾ ਜੀਓ/ਡੀਐੱਸਪੀ ਲਖਵਿੰਦਰ ਸਿੰਘ ਨੇ ਥਾਣਾ ਧਾਰੀਵਾਲ ਵਿੱਚ ਬੇਪਛਾਣੇ ਵਿਅਕਤੀ ਵਿਰੁੱਧ ਧਾਰਾ 384,387 ਭ.ਦ, 66 ਆਈ. ਟੀ. ਐਕਟ ਤਹਿਤ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਿਕਸਤ ਭਾਰਤ ਸੰਕਲਪ ਯਾਤਰਾ ਤਹਿਤ ਲੋਕਾਂ ਨੂੰ ਸੌ ਫੀਸਦੀ ਲਾਭ ਮੁਹੱਈਆ ਹੋਵੇਗਾ : ਵਿਕਾਸ ਨਿਰਵਾਲ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**

ਕੇਂਦਰੀ ਯੋਜਨਾਵਾਂ ਨੂੰ ਹਾਸ਼ੀਏ 'ਤੇ ਜੀਵਨ ਬਸਰ ਕਰ ਰਹੇ ਲੋਕਾਂ ਤੱਕ ਯਕੀਨੀ ਕੀਤਾ ਜਾਵੇ ਤਾਂ ਜੋ ਲੋੜਵੰਦ ਲੋਕਾਂ ਦਾ ਜੀਵਨ ਪੱਧਰ ਵਿੱਚ ਹੋਰ ਸੁਧਾਰ ਕੀਤਾ ਜਾ ਸਕੇ ਜਿਸ ਲਈ ਕੇਂਦਰ ਸਰਕਾਰ ਵਲੋਂ ਵਿਕਸਤ ਭਾਰਤ ਸੰਕਲਪ ਯਾਤਰਾ ਸ਼ੁਰੂ ਕੀਤੀ ਗਈ ਹੈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਅਗਵਾਈ ਕਰਦਿਆਂ ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਚੇਅਰਪਰਸਨ ਭਾਰਤ ਸਰਕਾਰ ਦੇ ਮੰਤਰਾਲਾ ਪੋਰਟਸ ਅਤੇ ਸ਼ਿਪਿੰਗ ਵਿਕਾਸ ਨਿਰਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ 15 ਨਵੰਬਰ ਤੋਂ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕੇਂਦਰ ਦੇ ਪ੍ਰਮੁੱਖ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਲਾਭਪਾਤਰੀਆਂ ਤੱਕ ਪਹੁੰਚਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਅਤੇ ਇਹ ਯਾਤਰਾ 25 ਜਨਵਰੀ ਨੂੰ ਸਮਾਪਤ ਹੋਵੇਗੀ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵਲੋਂ ਬਤੌਰ ਨੋਡਲ ਅਫ਼ਸਰ 'ਵਿਕਸਤ ਭਾਰਤ ਸੰਕਲਪ ਯਾਤਰਾ-ਹਮਾਰਾ ਸੰਕਲਪ ਵਿਕਸਿਤ ਭਾਰਤ' ਮੁਹਿੰਮ ਦੀ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਪਿੰਡਾਂ ਵਿਚ ਜਾਗਰੂਕਤਾ ਵੈਨਾਂ ਨੂੰ ਭੇਜ ਕੇ ਕੈਂਪ ਲਗਾਏ ਜਾਣ ਜਿਸ ਦੀ ਜਾਣਕਾਰੀ ਸਬੰਧਤ ਪਿੰਡਾਂ ਨੂੰ ਦਿੱਤੀ ਜਾਵੇਗੀ ਅਤੇ ਮੌਕੇ ਉਤੇ ਹੀ ਜਿਨ੍ਹਾਂ ਯੋਗ ਲਾਭਪਾਤਰੀਆਂ ਨੂੰ ਯੋਜਨਾਵਾਂ ਤੇ ਪ੍ਰੋਗਰਾਮਾਂ ਦੇ ਲਾਭ ਦਿਤੇ ਜਾਣਗੇ। ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨ ਲਈ ਇਨ੍ਹਾਂ ਕੈਂਪਾਂ ਵਿੱਚ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਏ ਜਾਣਗੇ। ਨਿਰਵਾਲ ਨੇ ਕਿਹਾ ਕਿ ਹੁਣ ਤੱਕ ਕਦੀ ਨਾ ਕਵਰ ਕੀਤੇ ਗਏ ਲਾਭਪਾਤਰੀਆਂ ਦਾ ਮਾਰਗਦਰਸ਼ਨ ਕੀਤਾ ਜਾਵੇ ਤਾਂ ਜੋ ਜਿਨ੍ਹਾਂ ਯੋਜਨਾਵਾਂ ਦਾ ਲਾਭ ਉਨ੍ਹਾਂ ਤੱਕ ਨਹੀਂ ਪਹੁੰਚਿਆ ਹੈ ਉਹ ਵੀ ਯੋਜਨਾਵਾਂ ਦਾ ਲਾਭ ਲਈ ਸਕਣ ਜਿਸ ਨਾਲ ਇਹ ਲਾਭਪਾਤਰੀ ਅੱਗੇ ਤੋਂ ਯੋਜਨਾਵਾਂ ਦਾ ਲਾਭ ਹਾਸਲ ਕਰ ਸਕਦੇ ਹਨ। ਇਸ ਮੌਕੇ ਲਾਭਪਾਤਰੀਆਂ ਦੇ ਸੁਝਾਅ ਅਤੇ ਸਫ਼ਲਤਾ ਦੇ ਕਿੱਸੇ ਸਾਂਝੇ ਕੀਤੇ ਜਾਣਗੇ ਤਾਂ ਜੋ ਅਣਗੌਲੇ ਗਏ ਹਰ ਵਿਅਕਤੀ ਨੂੰ ਪ੍ਰੇਰਿਤ ਕਰਕੇ ਹਰ ਯੋਜਨਾ ਦਾ ਲਾਭ ਦਿੱਤਾ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਡਾ: ਅਮਨਦੀਪ ਕੌਰ ਨੇ ਦੱਸਿਆ ਕਿ ਵਿਕਸਤ ਭਾਰਤ ਸੰਕਲਪ ਯਾਤਰਾ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਗਠਿਤ ਕਰ ਲਈ ਗਈ ਹੈ ਅਤੇ ਯੋਜਨਾਵਾਂ ਦੇ ਨੋਡਲ ਅਫ਼ਸਰ ਨਿਯੁਕਤ ਕਰ ਲਏ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਹਿਲਾਂ ਤੋਂ ਹੀ ਪਿੰਡਾਂ ਵਿਚ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ ਅਤੇ ਜਿਥੇ ਸੈਂਕੜੇ ਲੋਕਾਂ ਨੂੰ ਲਾਭ ਦਿੱਤਾ ਹੈ। ਇਸ ਮੀਟਿੰਗ ਵਿੱਚ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸੰਦੀਪ ਮਲਹੋਤਰਾ, ਜ਼ਿਲ੍ਹਾ ਸੂਚਨਾ ਅਫਸਰ ਰਣਜੀਤ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ ਸੁਸ਼ੀਲ ਤੁਲੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਭਾਈ ਲਾਲੋ ਚੌਕ 'ਚ ਟਰੈਫ਼ਿਕ ਲਾਈਟਾਂ ਤੇ ਸਪੀਡ ਬਰੇਕਰ ਨਾ ਹੋਣ ਕਾਰਨ ਹਾਦਸੇ ਵਾਪਰਨ ਦਾ ਡਰ

**ਗੁਰਦਾਸਪੁਰ, (ਜਨਕ ਮਹਾਜਨ)**

ਤਿੱਬੜੀ ਰੋਡ ਗੁਰਦਾਸਪੁਰ ਸਥਿਤ ਰੇਲਵੇ ਅੰਡਰ ਬ੍ਰਿਜ ਨੇੜੇ ਭਾਈ ਲਾਲੋ ਚੌਕ ਵਿਚ ਸਪੀਡ ਬਰੇਕਰ ਅਤੇ ਟਰੈਫ਼ਿਕ ਲਾਈਟਾਂ ਨਾ ਹੋਣ ਕਰਕੇ ਹਰ ਵੇਲੇ ਹਾਦਸੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਲਲਿਤ ਕੰਵਲ, ਰਾਕੇਸ਼ ਕੁਮਾਰ ਤੇ ਸਤੀਸ਼ ਕੁਮਾਰ ਗੁਪਤਾ ਨੇ ਦੱਸਿਆ ਕਿ ਰੇਲਵੇ ਅੰਡਰ ਬ੍ਰਿਜ ਚਾਲੂ ਹੋਣ ਨਾਲ ਜਿਥੇ ਸ਼ਹਿਰ ਵਾਸੀਆਂ ਨੂੰ ਇਸ ਦਾ ਬੜਾ ਲਾਭ ਮਿਲਿਆ ਹੈ ਉਥੇ ਹੀ ਭਾਈ ਲਾਲੋ ਚੌਕ ਵਿਚ ਕੋਈ ਟਰੈਫ਼ਿਕ ਦਾ ਪ੍ਰਬੰਧ ਨਾ ਹੋਣ ਕਾਰਨ ਹਾਦਸੇ ਵਾਪਰਨ ਦਾ ਡਰ ਵੀ ਬਣਿਆ ਹੋਇਆ ਹੈ ਅਤੇ ਕਈ ਵਾਰ ਛੋਟੇ-ਮੋਟੇ ਹਾਦਸੇ ਹੋ ਜਾਂਦੇ ਹਨ। ਇਸ ਚੌਕ ਵਿਚ ਚੁਰਸਤਾ ਹੋਣ ਕਾਰਨ ਚਾਰੇ ਪਾਸਿਓਂ ਤੋਂ ਆਉਂਦੇ ਵਾਹਨ ਆਪਸ ਵਿਚ ਟਕਰਾਉਂਦੇ ਨਜ਼ਰ ਆਉਂਦੇ ਹਨ ਕਿਉਂ ਜੋ ਅੰਮ੍ਰਿਤਸਰ, ਮੁਕੇਰੀਆਂ ਨੂੰ ਬੱਸਾਂ ਆਦਿ ਵੀ ਇਸ ਚੁਰਸਤੇ ਰਾਹੀਂ ਹੋ ਕੇ ਹੀ ਗੁਜ਼ਰਦੀਆਂ ਹਨ। ਜ਼ਿਕਰਯੋਗ ਹੈ ਕਿ ਪੁਲਸ ਪ੍ਰਸ਼ਾਸਨ ਵੱਲੋਂ ਵੀ ਇਥੇ ਟਰੈਫ਼ਿਕ ਨੂੰ ਕੰਟਰੋਲ ਕਰਨ ਲਈ ਕੋਈ ਕਰਮਚਾਰੀ ਤਾਇਨਾਤ ਨਹੀਂ ਕੀਤਾ ਗਿਆ ਨਾ ਹੀ ਚੌਕ ਵਿਚ ਟਰੈਫ਼ਿਕ ਲਾਈਟਾਂ ਲਗਾਈਆਂ ਗਈਆਂ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਟਰੈਫ਼ਿਕ ਨੂੰ ਕੰਟਰੋਲ ਕਰਨ ਵਾਸਤੇ ਇਥੇ ਚਾਰੇ ਪਾਸੇ ਸਪੀਡ ਬਰੇਕਰ ਲਗਾਏ ਜਾਣ ਤਾਂ ਜੋ ਵਹੀਕਲ ਹੌਲੀ ਰਫ਼ਤਾਰ ਨਾਲ ਚੁਰਸਤੇ ਤੋਂ ਗੁਜ਼ਰ ਸਕਣ।



## ਮੰਦਰ ਬਾਵਾ ਲਾਲ ਦੁਆਰ ਵਿਖੇ ਅੱਖਾਂ ਦਾ ਮੁਫਤ ਕੈਂਪ ਅੱਜ

**ਮਜੀਠਾ (ਸੋਇਮ ਆਨੰਦ)**-ਮੰਦਰ ਸ਼੍ਰੀ ਬਾਵਾ ਲਾਲ ਜੀ ਦੁਆਰਾ ਮਜੀਠਾ ਵਿਖੇ ਮੰਦਰ ਕਮੇਟੀ ਮੈਂਬਰਾਂ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਅੱਜ 23 ਨਵੰਬਰ ਵੀਰਵਾਰ ਖਾਟੂ ਸ਼ਾਮ ਦਾ ਪਵਿੱਤਰ ਜਨਮ ਦਿਹਾੜਾ ਮਨਾਇਆ ਜਾਵੇਗਾ। ਇਸ ਮੌਕੇ ਹੋਣ ਵਾਲੇ ਧਾਰਮਿਕ ਸਮਾਗਮਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਮੰਦਰ ਬਾਵਾ ਲਾਲ ਦੁਆਰਾ ਮਜੀਠਾ ਕਮੇਟੀ ਦੇ ਚੇਅਰਮੈਨ ਕੁਲਦੀਪ ਕੁਮਾਰ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਸਵੇਰੇ 10 ਵਜੇ ਤੁਲਸੀ ਵਿਆਹ ਦਾ ਸਮਾਗਮ ਹੋਵੇਗਾ। ਇਸ ਉਪਰੰਤ ਇਸ ਦਿਹਾੜੇ ਨੂੰ ਸਮਰਪਿਤ ਡਾ: ਓਮ ਪ੍ਰਕਾਸ਼ ਅੱਖਾਂ ਦੇ ਹਸਪਤਾਲ ਅੰਮ੍ਰਿਤਸਰ ਵੱਲੋਂ ਅੱਖਾਂ ਦੀ ਮੁਫ਼ਤ ਜਾਂਚ ਦਾ ਕੈਂਪ ਲਗਾਇਆ ਜਾਵੇਗਾ ਜਿਸ ਦੌਰਾਨ ਅੱਖਾਂ ਦੇ ਰੋਗਾਂ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦ ਮਰੀਜ਼ਾਂ ਨੂੰ ਅੱਖਾਂ ਵਿਚ ਪਾਉਣ ਵਾਲੀ ਦਵਾਈ ਅਤੇ ਹੋਰ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਸ਼ਾਮ ਵਕਤ ਸ਼੍ਰੀ ਖਾਟੂ ਸ਼ਾਮ ਜੀ ਦਾ ਪਵਿੱਤਰ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਭਗਤਾਂ ਵੱਲੋਂ ਸੰਕੀਰਤਨ ਅਤੇ ਸਤਿਸੰਗ ਹੋਵੇਗਾ। ਸੰਗਤਾਂ ਵਾਸਤੇ ਅਤੁੱਟ ਲੰਗਰ ਭੰਡਾਰਾ ਵੀ ਲਗਾਇਆ ਜਾਵੇਗਾ।

## ਅੱਧੀ ਰਾਤੀਂ ਕਬਜ਼ਾ ਕਰਨ ਆਏ ਅਧਿਕਾਰੀ ਵਾਪਸ ਮੋੜੇ



**ਮੀਆਂਵਿੰਡ (ਰਵੀ ਖਹਿਰਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਸ਼ਹੀਦ ਬਾਬਾ ਬਲਾਕਾ ਸਿੰਘ ਜੀ ਕੰਗ ਜ਼ੋਨ ਦੇ ਅਧੀਨ ਆਉਂਦੇ ਪਿੰਡ ਜਹਾਂਗੀਰ ਅਤੇ ਦੀਨੇਵਾਲ 'ਚ ਅੱਧੀ ਰਾਤ ਨੂੰ ਨੈਸ਼ਨਲ ਜੰਮੂ ਕਟੜਾ ਹਾਈਵੇ ਦੇ ਅਧਿਕਾਰੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਡੀ ਤਾਦਾਦ 'ਚ ਪੁਲਸ ਪ੍ਰਸ਼ਾਸਨ ਲੈ ਕੇ ਕਿਸਾਨਾਂ ਦੀਆਂ ਜ਼ਮੀਨਾਂ 'ਚ ਬੀਜੀਆਂ ਫਸਲਾਂ ਵਾਹ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਜਦ ਇਸ ਸੰਬਧੀ ਜਥੇਬੰਦੀ ਦੇ ਆਗੂਆਂ ਨੂੰ ਪਤਾ ਲੱਗਾ ਤਾਂ ਮੌਕੇ 'ਤੇ ਹੀ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜਰਨੈਲ ਸਿੰਘ ਨੂਰਦੀ, ਹਰਬਿੰਦਰਜੀਤ ਸਿੰਘ ਕੰਗ, ਇਕਬਾਲ ਸਿੰਘ ਨੇ ਜਥੇਬੰਦੀ ਦਾ ਵੱਡਾ ਇਕੱਠ ਕਰਕੇ ਪ੍ਰਸ਼ਾਸਨ ਨੂੰ ਵਾਪਸ ਮੋੜਿਆ ਤੇ ਦੁਬਾਰਾ ਕਿਸਾਨਾਂ ਨੇ ਆਪਣੀ ਫਸਲ ਬੀਜ ਦਿੱਤੀ। ਇਸ ਮੌਕੇ ਪ੍ਰੈੱਸ ਨੋਟ ਜਾਰੀ ਕਰਦੇ ਪ੍ਰੈੱਸ ਸਕੱਤਰ ਭੁਪਿੰਦਰ ਸਿੰਘ ਭਿੰਡਾ ਖਡੂਰ ਸਾਹਿਬ ਨੇ ਕਿਹਾ ਕਿ ਜਿੰਨਾ ਚਿਰ ਤੱਕ ਕਿਸਾਨਾਂ ਨੂੰ ਸਹੀ ਮੁਆਵਜ਼ਾ ਅਤੇ ਬਾਕੀ ਮੰਗਾਂ ਪੂਰੀਆਂ ਨਹੀਂ ਹੋ ਜਾਂਦੀਆਂ ਉਨਾ ਚਿਰ ਤੱਕ ਇਕ ਇੰਚ ਜ਼ਮੀਨ ਨਹੀਂ ਦਿੱਤੀ ਜਾਵੇਗੀ। ਇਸ ਮੌਕੇ ਕੰਵਲਜੀਤ ਸਿੰਘ ਦੀਨੇਵਾਲ, ਬਲਕਾਰ ਸਿੰਘ ਕੰਗ, ਹਰਬਿੰਦਰ ਸਿੰਘ ਮਾਲਚੱਕ, ਹਰਪਾਲ ਸਿੰਘ, ਬਚਿੱਤਰ ਸਿੰਘ ਪੱਖੋਕੇ, ਰਣਜੀਤ ਸਿੰਘ, ਗੁਰਵਿੰਦਰ ਸਿੰਘ, ਨਿਰਮਲ ਸਿੰਘ, ਗੁਰਵਿੰਦਰ ਸਿੰਘ ਸੋਨੂੰ, ਦਲਬੀਰ ਸਿੰਘ ਖਡੂਰ ਸਾਹਿਬ, ਹਰਦੇਵ ਸਿੰਘ ਭੁੱਲਰ, ਤਰਸੇਮ ਸਿੰਘ ਕੰਗ, ਮੇਜਰ ਸਿੰਘ ਵੜਿੰਗ ਆਦਿ ਆਗੂ ਹਾਜ਼ਰ ਸਨ।

## ਪੌਣੀ ਸਦੀ ਤੋਂ ਅਣਗੌਲੇ ਲੋਕਾਂ ਦੀਆਂ ਮੁਸ਼ਕਲਾਂ ਹੋਣ ਲੱਗੀਆਂ ਹੱਲ : ਸੁਖਦਿਆਲ ਭੱਖਾ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਕਾਸ ਮੁਖੀ ਤੇ ਗਤੀਸ਼ੀਲ ਅਗਵਾਈ 'ਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜਿੱਥੇ ਵਿਧਾਨ ਸਭਾ ਹਲਕਾ ਅਜਨਾਲਾ ਦੇ ਕਰੀਬ ਪੌਣੀ ਸਦੀ ਤੋਂ ਅਣਗੌਲੇ ਲੋਕਾਂ ਦੀਆਂ ਦਰਪੇਸ਼ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾ ਰਹੇ ਹਨ, ਉਥੇ ਹਲਕੇ ਦੇ ਸਰਹੱਦੀ ਸ਼ਹਿਰ ਅਜਨਾਲਾ ਤੇ ਪਿੰਡਾਂ ਦਾ ਕਾਇਆ ਕਰਨ ਲਈ ਕਰੋੜਾਂ ਦੇ ਫੰਡ ਮਨਜ਼ੂਰ ਕਰਵਾ ਕੇ ਇੱਕ ਤੋਂ ਬਾਅਦ ਇੱਕ ਨੇਪਰੇ ਚਾੜ੍ਹਨ ਤੋਂ ਇਲਾਵਾ ਅਧੂਰੇ ਵਿਕਾਸ ਕਾਰਜਾਂ ਨੂੰ ਪੂਰਾ ਕਰਵਾਉਣ ਲਈ ਸਦਾ ਯਤਨਸ਼ੀਲ ਹਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਅਜਨਾਲਾ ਸ਼ਹਿਰ ਦੀ ਵਾਰਡ ਨੰਬਰ 10 ਦੇ ਇੰਚਾਰਜ ਸੁਖਦਿਆਲ ਸਿੰਘ ਭੱਖਾ ਵੱਲੋਂ ਵਾਰਡ ਨੰਬਰ 10 'ਚ ਆਉਂਦੇ ਪਿੰਡ ਭੱਖਾ ਤਾਰਾ ਸਿੰਘ ਵਿਖੇ ਇਕੱਤਰ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਾਲੰਟੀਅਰਾਂ ਅਤੇ ਵਾਰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਧਾਲੀਵਾਲ ਵੱਲੋਂ ਪੁਰਾਤਨ ਗਾਇਤਰੀ ਮੰਦਿਰ ਦੇ ਕੋਲ ਸਥਿਤ ਚਿਰਾਂ ਤੋਂ ਅਧੂਰੀ ਪਈ ਗਲੀ ਨੂੰ 56 ਲੱਖ ਰੁਪਏ ਦੀ ਲਾਗਤ ਨਾਲ ਪੱਕਿਆਂ ਕਰਵਾ ਕੇ ਦੇਣ ਲਈ ਰੱਖੀ ਧੰਨਵਾਦੀ ਮੀਟਿੰਗ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ 'ਆਪ' ਦੇ ਅਜਨਾਲਾ ਸਹਿਰੀ ਤੇ ਬਲਾਕ ਪ੍ਰਧਾਨ ਦੀਪਕ ਚੈਨਪੁਰੀਆ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਪਵਿੱਤਰ ਸਿੰਘ ਫੈਂਸੀ, ਰਛਪਾਲ ਸਿੰਘ ਕੋਟਲਾ ਕਾਜ਼ੀਆਂ, ਅਮਿਤ ਪੁਰੀ, ਅਜੇ ਕੁਮਾਰ, ਸ਼ਮਸ਼ੇਰ ਸਿੰਘ ਸ਼ੇਰਾ, ਗੁਰਿੰਦਰ ਸਿੰਘ ਗੁੱਜਰਪੁਰਾ, ਗੋਰਾ ਸੱਗੂ, ਗੁਰਨਾਮ ਸਿੰਘ, ਗੀਤਾ ਗਿੱਲ, ਦੀਪਕ ਵਿੱਕੀ ਅੱਡਾ ਇੰਚਾਰਜ, ਠੇਕੇਦਾਰ ਹਰਜੀਤ ਸਿੰਘ ਬੂੜੇਵਾਲੀ, ਪ੍ਰਗਟ ਸਿੰਘ, ਜਸਪਿੰਦਰ ਸਿੰਘ, ਬੂੜ ਸਿੰਘ, ਭੁਪਿੰਦਰ ਸਿੰਘ, ਸਤਪਾਲ ਸਿੰਘ, ਸੁਰਜੀਤ ਸਿੰਘ, ਪ੍ਰਭਜੀਤ ਸਿੰਘ, ਮਨਜੀਤ ਸਿੰਘ, ਜੋਗਿੰਦਰ ਸਿੰਘ ਆਦਿ ਹਾਜ਼ਰ ਸਨ ।



## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਸਵੀਪ ਮੈਗਾ ਈਵੈਂਟ



**ਮਜੀਠਾ (ਸੋਇਮ ਆਨੰਦ)**

ਸਥਾਨਕ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਸਵੀਪ ਮੈਗਾ ਈਵੈਂਟ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਵੋਟ ਅਤੇ ਵੋਟ ਦੇ ਅਧਿਕਾਰ ਸਬੰਧੀ ਜਾਗਰੂਕਤਾ ਅਭਿਆਨ ਤਹਿਤ ਸਕੂਲੀ ਬੱਚੀਆਂ ਨੇ ਬੋਲੀਆਂ ਅਤੇ ਗਿੱਧਾ ਪਾ ਕੇ ਇਸ ਸੁਨੇਹੇ ਨੂੰ ਜਨ ਜਨ ਤੱਕ ਪਹੁੰਚਾਉਣ ਦਾ ਯਤਨ ਕੀਤਾ। ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹਰਪ੍ਰੀਤ ਸਿੰਘ ਦੇ ਹੁਕਮਾਂ ਅਨੁਸਾਰ ਐਸ. ਡੀ. ਐੱਮ. ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਦੀ ਨਿਗਰਾਨੀ ਹੇਠ ਸਵੀਪ ਮੈਗਾ ਈਵੈਂਟ ਅਫਸਰ ਮੈਡਮ ਰੇਖਾ ਮਹਾਜਨ ਦੀਆਂ ਕੋਸ਼ਿਸ਼ਾਂ ਸਦਕਾ ਇਹ ਪ੍ਰੋਗਰਾਮ ਕਰਾਇਆ ਗਿਆ। ਇਸ ਸਮਾਗਮ ਵਿਚ ਤਹਿਸੀਲਦਾਰ ਮਜੀਠਾ ਰਤਨਜੀਤ ਖੁੱਲਰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਜਿਨ੍ਹਾਂ ਨੇ ਹਾਜ਼ਰੀਨ ਨੂੰ ਆਪਣੇ ਵੋਟ ਅਤੇ ਵੋਟ ਦੇ ਅਧਿਕਾਰ ਬਾਰੇ ਵਿਸਥਾਰ ਰੂਪ ਵਿਚ ਜਾਣੂ ਕਰਾਇਆ ਅਤੇ ਕਿਹਾ ਕਿ ਹਰੇਕ ਨਾਗਰਿਕ ਨੂੰ ਜਿਸ ਦੀ ਵੋਟ ਬਣੀ ਹੈ ਉਸ ਨੂੰ ਆਪਣੇ ਵੋਟ ਦਾ ਬਿਨਾਂ ਡਰ, ਬਿਨਾਂ ਲਾਲਚ ਅਤੇ ਬਿਨਾਂ ਦਬਾਅ ਦੇ ਇਸਤੇਮਾਲ ਕਰਨਾ ਚਾਹੀਦਾ ਹੈ ਜਿਸ ਨਾਲ ਇੱਕ ਚੰਗੀ ਸਰਕਾਰ ਦਾ ਗਠਨ ਹੁੰਦਾ ਹੈ। ਵੱਖ-ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਗਿੱਧੇ ਅਤੇ ਬੋਲੀਆਂ ਪਾ ਕੇ ਵੋਟ ਅਤੇ ਵੋਟ ਦੇ ਹੱਕ ਦੇ ਇਸਤੇਮਾਲ ਕਰਨ ਸਬੰਧੀ ਬੋਲੀਆਂ ਪਾ ਕੇ ਮੁਕਾਬਲੇ ਵਿਚ ਹਿੱਸਾ ਲਿਆ ਗਿਆ। ਇਸ ਮੁਕਾਬਲੇ ਵਿਚ ਕੁਲ 12 ਟੀਮਾਂ ਨੇ ਭਾਗ ਲਿਆ। ਮੁਕਾਬਲੇ ਵਿਚ ਪਹਿਲੇ ਸਥਾਨ 'ਤੇ ਆਉਣ ਵਾਲੀਆਂ ਟੀਮਾਂ ਨੂੰ ਸਨਮਾਨਿਤ ਕੀਤਾ ਗਿਆ। ਮੁਕਾਬਲੇ ਵਿਚ ਜੱਜਾਂ ਦੀ ਭੂਮਿਕਾ ਮੈਡਮ ਬਲਜੀਤ ਕੌਰ ਅਤੇ ਮੈਡਮ ਨਿਸ਼ਾ ਨੇ ਨਿਭਾਈ। ਸਟੇਜ ਸੰਚਾਲਣ ਦੀ ਭੂਮਿਕਾ ਮਾਸਟਰ ਰਾਮ ਸਰੂਪ ਨੇ ਨਿਭਾਈ। ਵੋਟ ਅਧਿਕਾਰ ਨੂੰ ਸਮਰਪਿਤ ਬੋਲੀਆਂ ਦੇ ਆਧਾਰ 'ਤੇ ਪਹਿਲਾ ਸਥਾਨ ਸਰਕਾਰੀ ਸੈਕੰਡਰੀ ਸਕੂਲ ਮੱਤੇਵਾਲ ਨੇ, ਦੂਸਰਾ ਸਥਾਨ ਸਰਕਾਰੀ ਸੈਕੰਡਰੀ ਸਕੂਲ ਅਜਾਇਬਵਾਲੀ ਅਤੇ ਤੀਸਰਾ ਸਥਾਨ ਸਰਕਾਰੀ ਸੈਕੰਡਰੀ ਸਕੂਲ ਤਲਵੰਡੀ ਦਸੌਂਧਾ ਸਿੰਘ ਨੇ ਹਾਸਲ ਕੀਤਾ। ਗਿੱਧੇ ਦੇ ਯਾਦਗਾਰੀ ਪ੍ਰਦਰਸ਼ਨ ਵਿਚ ਸਰਕਾਰੀ ਗਰਲਜ਼ ਸੀਨੀ: ਸੈਕੰ: ਸਕੂਲ ਕੱਥੂਨੰਗਲ ਨੇ ਪਹਿਲਾ, ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਅੰਮ੍ਰਿਤਸਰ ਨੇ ਦੂਸਰਾ ਸਥਾਨ ਅਤੇ ਦੇਸਾ ਸਿੰਘ ਮਜੀਠੀਆ ਪਬਲਿਕ ਸਕੂਲ ਮਜੀਠਾ ਨੇ ਤੀਸਰਾ ਸਥਾਨ ਹਾਸਲ ਕੀਤਾ। ਜੇਤੂ ਟੀਮਾਂ ਨੂੰ ਮੈਡਮ ਰੇਖਾ ਮਹਾਜਨ, ਪ੍ਰਿੰਸੀਪਲ ਲਕਸ਼ਿਤਾ ਵਰਮਾ ਅਤੇ ਪ੍ਰਿੰ. ਅਮਨਦੀਪ ਕੌਰ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਵੀ ਹਾਜ਼ਰ ਸਨ।

## ਗੁ. ਸ੍ਰੀ ਕਰਤਾਰਪੁਰ ਸਾਹਿਬ 'ਚ ਹੋਈ 'ਪਾਰਟੀ' ਕਾਰਨ ਸਿੱਖ ਕੌਮ 'ਚ ਭਾਰੀ ਰੋਸ : ਜਸਮਿੱਤਰ ਚੋਗਾਵਾਂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਪਾਕਿਸਤਾਨ ਦੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਮੀਟ/ਸ਼ਰਾਬ ਦੀ ਪਾਰਟੀ ਕੀਤੇ ਜਾਣ ਨਾਲ ਪੂਰੀ ਦੁਨੀਆ 'ਚ ਵੱਸਦੀ ਸਿੱਖ ਕੌਮ ਦੇ ਦਿਲਾਂ ਨੂੰ ਠੇਸ ਪਹੁੰਚੀ ਹੈ ਜਿਸ ਕਾਰਣ ਸਿੱਖ ਕੌਮ ਵਿੱਚ ਭਾਰੀ ਰੋਸ ਹੈ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਜਸਮਿੱਤਰ ਸਿੰਘ ਚੋਗਾਵਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਕੀਤੀ ਗਈ ਮੀਟ/ਸ਼ਰਾਬ ਦੀ ਪਾਰਟੀ ਨਾਲ ਸਿੱਖ ਕੌਮ ਵਿੱਚ ਭਾਰੀ ਰੋਸ ਹੈ ਕਿਉਂਕਿ ਗੱਲ ਬਹੁਤ ਹੀ ਮੰਦਭਾਗੀ ਹੈ। ਚੋਗਾਵਾਂ ਨੇ ਕਿਹਾ ਕਿ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਖਿਲਾਫ ਪਾਕਿਸਤਾਨ ਸਰਕਾਰ ਨੂੰ ਸਖਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਭਵਿੱਖ 'ਚ ਮੁੜ ਕੋਈ ਵੀ ਵਿਅਕਤੀ ਅਜਿਹੀ ਹਰਕਤ ਕਰਕੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਭੜਕਾਉਣ ਦੀ ਹਿੰਮਤ ਨਾ ਕਰ ਸਕੇ।



## ਸ਼ਹਿਰ 'ਚ ਸਫਾਈ ਨਾ ਹੋਣ 'ਤੇ ਲੋਕਾਂ 'ਚ ਰੋਸ, ਏ ਡੀ ਸੀ ਨਾਲ ਕੀਤੀ ਵਿਸ਼ੇਸ਼ ਮੀਟਿੰਗ

**ਕਲਾਨੌਰ (ਮਨਦੀਪ ਕੁਮਾਰ ਕੋਹਲੀ)**

ਇਤਿਹਾਸਕ ਕਸਬਾ ਕਲਾਨੌਰ 'ਚ ਪਿਛਲੇ ਕਰੀਬ 10 ਦਿਨਾਂ ਤੋਂ ਸਫਾਈ ਕਰਮਚਾਰੀਆਂ ਵੱਲੋਂ ਸਫਾਈ ਨਾ ਕਰਨ 'ਤੇ ਅੱਜ ਕਲਾਨੌਰ ਨਿਵਾਸੀਆਂ ਨੇ ਬੀ. ਡੀ. ਓ. ਦਫਤਰ ਕਲਾਨੌਰ ਵਿਖੇ ਪਹੁੰਚ ਕੇ ਏ. ਡੀ. ਸੀ. ਰਜਿੰਦਰ ਸਿੰਘ ਸੰਧੂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਅਤੇ ਕਲਾਨੌਰ ਦੀ ਸਫਾਈ ਨੂੰ ਲੈ ਕੇ ਆ ਰਹੀਆਂ ਮੁਸ਼ਕਿਲਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਕਲਾਨੌਰ ਦੇ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਕਲਾਨੌਰ 'ਚ ਪਿਛਲੇ 10 ਦਿਨਾਂ ਤੋਂ ਸਫਾਈ ਕਰਮਚਾਰੀਆਂ ਵੱਲੋਂ ਘਰਾਂ ਅਤੇ ਬਜ਼ਾਰਾਂ 'ਚੋਂ ਕੂੜਾ ਨਹੀਂ ਚੁੱਕਿਆ ਜਾ ਰਿਹਾ ਅਤੇ ਕਲਾਨੌਰ ਦੇ ਆਸ ਪਾਸ ਕੂੜੇ ਦੇ ਢੇਰ ਲੱਗੇ ਹੋਏ ਹਨ ਜੋ ਕਿ ਬਹੁਤ ਹੀ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ। ਇਸ ਮੌਕੇ ਏਡੀਸੀ ਰਜਿੰਦਰ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ 10 ਦਿਨਾਂ ਤੋਂ ਜਿਹੜੀਆਂ ਸਫਾਈ ਕਰਮਚਾਰੀਆਂ ਨੂੰ ਮੁਸ਼ਕਿਲਾਂ ਆ ਰਹੀਆਂ ਹਨ ਉਹ ਅੱਗੇ ਤੋਂ ਨਹੀਂ ਆਉਣਗੀਆਂ ਅਤੇ ਉਨ੍ਹਾਂ ਦੀਆਂ ਤਨਖਾਹਾਂ ਵਿੱਚ ਵੀ ਵਾਧਾ ਕਰ ਦਿੱਤਾ ਗਿਆ ਹੈ ਅਤੇ ਨਾਲ ਹੀ ਮੋਟਰਸਾਈਕਲ ਰੇਹੜੀਆਂ ਦੇ ਵੀ ਉਨ੍ਹਾਂ ਨੂੰ ਤੇਲ ਅਤੇ ਰਿਪੇਅਰ ਵਾਸਤੇ ਹਰ ਮਹੀਨੇ ਵੱਖਰੇ 5000 ਰੁਪਏ ਦਿੱਤੇ ਜਾਣਗੇ। ਨਾਲ ਹੀ ਸਾਫ-ਸਫਾਈ ਨੂੰ ਲੈ ਕੇ ਕਲਾਨੌਰ 'ਚ ਕਮੇਟੀ ਦਾ ਵੀ ਕਠਿਤ ਕੀਤਾ ਗਿਆ। ਇਸ ਮੌਕੇ ਨਰਿੰਦਰ ਵਿੱਜ, ਟੋਨੀ ਸੱਚਰ, ਸਰਕਲ ਪ੍ਰਧਾਨ ਲਵਲੀਨ, ਅਸ਼ੋਕ ਕੋਹਲੀ, ਕੇਵਲ ਕ੍ਰਿਸ਼ਨ ਸ਼ਰਮਾ, ਪ੍ਰਦੀਪ ਬਲੋਹਤਰਾ, ਗੁਰਮੀਤ ਸਿੰਘ ਰੇਨੂ, ਰਣਜੀਤ ਸਿੰਘ, ਬਲਜੀਤ ਸਿੰਘ, ਟੋਨੀ ਸੱਚਰ, ਹਰਪ੍ਰੀਤ ਸਿੰਘ, ਇੰਦਰਜੀਤ ਭਾਰਲ, ਚੰਚਲ ਕੁਮਾਰ, ਹੀਰਾ ਵਰਮਾ, ਰਜਨੀਸ਼ ਸ਼ਰਮਾ ਆਦਿ ਵੱਡੀ ਗਿਣਤੀ ਵਿੱਚ ਕਲਾਨੌਰ ਦੇ ਮੋਹਤਬਰ ਬੰਦੇ ਹਾਜ਼ਰ ਸਨ।



## ਬੀਐੱਲਓਜ਼ ਭਲਕੇ ਡੋਰ-ਟੂ-ਡੋਰ ਜਾ ਕੇ ਨੌਜਵਾਨਾਂ ਦੀਆਂ ਵੋਟਾਂ ਬਣਾਉਣਗੇ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਡਾ. ਹਿਮਾਂਸ਼ੂ ਅਗਰਵਾਲ, ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਪ੍ਰਾਪਤ ਹੋਏ ਸ਼ਡਿਊਲ ਅਨੁਸਾਰ ਯੋਗਤਾ ਮਿਤੀ 1 ਜਨਵਰੀ 2024 ਦੇ ਆਧਾਰ 'ਤੇ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਸੁਧਾਈ ਦਾ ਕੰਮ 27 ਅਕਤੂਬਰ 2023 ਤੋਂ ਸ਼ੁਰੂ ਹੋ ਗਿਆ ਹੈ ਜੋ 9 ਦਸੰਬਰ 2023 ਤੱਕ ਚੱਲੇਗਾ। ਉਨ੍ਹਾਂ ਨੇ ਅੱਗੇ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਸੁਧਾਈ ਤਹਿਤ ਨਵੀਆਂ ਵੋਟਾਂ ਬਣਾਉਣ ਲਈ ਦਾਅਵੇ/ਇਤਰਾਜ਼ ਫਾਰਮ ਨੰਬਰ-6, ਵੋਟ ਕਟਵਾਉਣ ਲਈ ਫਾਰਮ ਨੰਬਰ-7, ਵੇਰਵਿਆਂ ਦੀ ਸੋਧ ਕਰਵਾਉਣ/ਰਿਹਾਇਸ਼ ਦੀ ਤਬਦੀਲੀ ਲਈ ਫਾਰਮ ਨੰਬਰ-8, ਬੂਥ ਲੈਵਲ ਅਫ਼ਸਰਾਂ, ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ, ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਪ੍ਰਾਪਤ ਕੀਤੇ ਜਾ ਰਹੇ ਹਨ। ਜ਼ਿਲ੍ਹਾ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ 24 ਨਵੰਬਰ (ਸ਼ੁੱਕਰਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ ਉੱਪਰ ਬੀਐੱਲਓਜ਼ ਆਪਣੇ ਅਧਿਕਾਰ ਖੇਤਰ ਵਿੱਚ ਡੋਰ-ਟੂ-ਡੋਰ ਜਾ ਕੇ 18-19 ਸਾਲ ਉਮਰ ਦੇ ਨੌਜਵਾਨਾਂ ਦੀਆਂ ਵੋਟਾਂ ਬਣਾਉਣਗੇ। ਉਨ੍ਹਾਂ ਦੱਸਿਆ ਕਿ ਸਮੂਹ ਬੀਐੱਲਓਜ਼ ਵੱਲੋਂ ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ ਤਾਂ ਜੋ ਕੋਈ ਵੀ ਵੋਟਰ ਆਪਣੀ ਵੋਟ ਬਣਾਉਣ ਦੇ ਹੱਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਵੋਟ ਜ਼ਰੂਰ ਬਣਵਾਉਣ।

## ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਇਨਾਮ ਵੰਡ ਸਮਾਰੋਹ ਕਰਵਾਏ ਗਏ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਦੇ ਅੰਮ੍ਰਿਤਸਰ ਤਰਨਤਾਰਨ ਜ਼ੋਨ ਦੇ ਖੇਤਰ ਅਜਨਾਲਾ ਵੱਲੋਂ ਭਾਈ ਬਲਜੀਤ ਸਿੰਘ ਚੇਅਰਮੈਨ, ਗੁਰਚਰਨ ਸਿੰਘ ਜਨਰਲ ਸਕੱਤਰ, ਖੇਤਰੀ ਪ੍ਰਬੰਧਕ ਹਰਪ੍ਰਤਾਪ ਸਿੰਘ ਅਜਨਾਲਾ, ਨਰਿੰਦਰ ਸਿੰਘ, ਲਵਪ੍ਰੀਤ ਸਿੰਘ ਦੁਆਰਾ ਤਿੰਨ ਸਕੂਲਾਂ ਗੁਰੂ ਨਾਨਕ ਦੇਵ ਜੀ ਸਕੂਲ ਚਮਿਆਰੀ, ਗੁਰੂ ਅਰਜੁਨ ਦੇਵ ਜੀ ਸਕੂਲ ਦਿਆਲਪੁਰਾ, ਬੀ. ਐੱਲ. ਡੀ. ਸਕੂਲ ਅਜਨਾਲਾ ਵਿਖੇ ਅੱਵਲ ਰਹੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਹਰਪ੍ਰਤਾਪ ਸਿੰਘ ਅਜਨਾਲਾ ਨੇ ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ, ਉਸਾਰੂ ਸਮਾਜ ਸਿਰਜਣ ਸਬੰਧੀ ਬੱਚਿਆ ਨਾਲ ਵਿਚਾਰ ਸਾਂਝੇ ਕੀਤੇ ਗਏ। ਪ੍ਰਿੰ. ਬਿਕਰਮਜੀਤ ਸਿੰਘ, ਸਵਿਤਾ ਭੰਡਾਰੀ ਅਤੇ ਰੇਣੂ ਸ਼ਰਮਾ ਹਾਜ਼ਰ ਸਨ।

## ਮਿਸ਼ਨ ਇੰਦਰਧਨੁਸ਼ ਤਹਿਤ ਛੋਟੇ ਬੱਚਿਆਂ ਦਾ ਟੀਕਾਕਰਨ ਕੀਤਾ

**ਝਬਾਲ (ਮੱਖਣ ਮਨੋਜ)**

ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲਾ ਟੀਕਾਕਰਨ ਅਫਸਰ ਡਾ. ਵਰਿੰਦਰ ਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐੱਸਐੱਮਓ ਝਬਾਲ ਡਾ. ਰਾਜੂ ਚੋਹਾਨ ਦੀ ਨਿਗਰਾਨੀ ਹੇਠ ਸੀਐੱਚਸੀ ਝਬਾਲ ਵਿਖੇ ਇੰਟੈਂਸੀਫਾਈਡ ਮਿਸ਼ਨ ਇੰਦਰਧਨੁਸ਼ ਤਹਿਤ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸਪੈਸ਼ਲ ਟੀਕਾਕਰਨ ਕੈਂਪ ਆਯੋਜਿਤ ਕੀਤਾ ਗਿਆ। ਡਾ. ਰਾਜੂ ਚੋਹਾਨ ਨੇ ਦੱਸਿਆ ਕਿ ਇੰਟੈਂਸੀਫਾਈਡ ਮਿਸ਼ਨ ਇੰਦਰਧਨੁਸ਼ ਤਹਿਤ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸਪੈਸ਼ਲ ਟੀਕਾਕਰਨ ਕੀਤਾ ਜਾਵੇਗਾ। ਇਸ ਦਾ ਤੀਜਾ ਗੇੜ 20 ਨਵੰਬਰ ਤੋਂ 25 ਨਵੰਬਰ 2023 ਤੱਕ ਪੂਰੇ ਦੇਸ਼ ਵਿਚ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੌਰਾਨ ਹਾਈ ਰਿਸਕ ਏਰੀਏ ਜਿਵੇਂ ਝੁੱਗੀਆਂ ਝੌਂਪੜੀਆਂ, ਭੱਠਿਆਂ, ਪਥੇਰਾਂ, ਫੈਕਟਰੀਆਂ, ਬਣ ਰਹੀਆਂ ਇਮਾਰਤਾਂ ਵਿੱਚੋਂ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਸ਼ਨਾਖਤ ਕਰਕੇ ਛੋਟੇ ਬੱਚਿਆਂ ਦਾ ਟੀਕਾਕਰਨ ਕੀਤਾ ਜਾਵੇ। ਇਸ ਮੁਹਿੰਮ ਦੌਰਾਨ 100 ਫੀਸਦੀ ਬੱਚਿਆਂ ਨੂੰ ਟੀਕੇ ਲਗਾਏ ਜਾਣ, ਕੋਈ ਵੀ ਬੱਚਾ ਟੀਕਾਕਰਨ ਤੋਂ ਵਾਂਝਾ ਨਾ ਰਹੇ। ਇਹ ਟੀਕੇ ਪੂਰੀ ਤਰ੍ਹਾਂ ਮੁਫਤ ਲਗਾਏ ਜਾਣਗੇ। ਇਸ ਮੌਕੇ ਹੈਲਥ ਸੁਪਰਵਾਈਜ਼ਰ ਰਾਮ ਰਛਪਾਲ ਧਵਨ, ਮੀਤਾ ਐੱਲ. ਐੱਚ. ਵੀ., ਵਰਿੰਦਰ ਕੌਰ, ਸੀ. ਐੱਚ. ਓ. ਅਮਨਪ੍ਰੀਤ ਕੌਰ, ਪਰਮਿੰਦਰ ਸਿੰਘ ਅਮਨਦੀਪ ਸਿੰਘ ਅਤੇ ਆਸ਼ਾ ਵਰਕਰ ਹਾਜ਼ਰ ਸਨ।



## ਪਾਬੰਦੀਸ਼ੁਦਾ ਚਾਈਨਾ ਡੋਰ ਵੇਚਣ ਵਾਲੇ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਦੇ ਏਐੱਸਆਈ ਕਸ਼ਮੀਰ ਸਿੰਘ ਸੀਆਈਏ ਸਟਾਫ ਗੁਰਦਾਸਪੁਰ ਨੇ ਮੁਖਬਰ ਖਾਸ ਦੀ ਇਤਲਾਹ 'ਤੇ ਦੋ ਦੋਸ਼ੀਆਂ ਸੰਨੀ ਮਹਾਜਨ ਪੁੱਤਰ ਸੁਰਿੰਦਰ ਮਹਾਜਨ ਵਾਸੀ ਝੂਲਣਾ ਮਹਿਲ ਗੁਰਦਾਸਪੁਰ, ਅਸ਼ਵਨੀ ਕੁਮਾਰ ਗੋਗਾ ਪੁੱਤਰ ਅਮਰਨਾਥ ਵਾਸੀ ਮੁਹੱਲਾ ਇਸਲਾਮਾਬਾਦ ਜੋ ਪਤੰਗ ਉਡਾਉਣ ਵਾਲੀ ਪਾਬੰਦੀਸ਼ੁਦਾ ਚਾਈਨਾ ਡੋਰ ਵੇਚਣ ਦਾ ਕੰਮ ਕਰਦੇ ਹਨ, ਦੇ ਗੁਦਾਮ ਵਿਚ ਛਾਪੇਮਾਰੀ ਕੀਤੀ। ਪੁਲਸ ਪਾਰਟੀ ਵੱਲੋਂ ਦੋਸ਼ੀ ਅਸ਼ਵਨੀ ਕੁਮਾਰ ਦੇ ਗੋਦਾਮ ਵਿੱਚ ਰੇਡ ਕੀਤਾ ਜਿਥੋਂ 750 ਗੱਟੂ ਪਾਬੰਦੀਸ਼ੁਦਾ ਚਾਈਨਾ ਡੋਰ ਬਰਾਮਦ ਹੋਈ ਹੈ। ਦੋਸ਼ੀਆਂ ਨੇ ਆਪਣੇ ਕਬਜ਼ੇ ਵਿੱਚ ਪਾਬੰਦੀਸ਼ੁਦਾ ਚਾਈਨਾ ਡੋਰ ਰੱਖ ਕੇ ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਪੁਲਸ ਨੇ ਉਕਤ ਦੋਸ਼ੀਆਂ ਸੰਨੀ ਮਹਾਜਨ ਪੁੱਤਰ ਸੁਰਿੰਦਰ ਮਹਾਜਨ ਵਾਸੀ ਝੂਲਣਾ ਮਹਿਲ ਗੁਰਦਾਸਪੁਰ, ਅਸ਼ਵਨੀ ਕੁਮਾਰ ਗੋਗਾ ਪੁੱਤਰ ਅਮਰਨਾਥ ਵਾਸੀ ਮੁਹੱਲਾ ਇਸਲਾਮਾਬਾਦ ਖ਼ਿਲਾਫ਼ 188 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਦੇ ਜੱਚਾ-ਬੱਚਾ ਵਾਰਡ ਦਾ ਬੰਦ ਪਿਆ ਕੰਮ ਮੁੜ ਸ਼ੁਰੂ

**ਗੁਰਦਾਸਪੁਰ (ਦਿਨੇਸ਼ ਕੁਮਾਰ)**

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਗੁਰਦਾਸਪੁਰ ਵਾਸੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਦੇ ਉਦੇਸ਼ ਨਾਲ ਪਿਛਲੇ ਲੰਮੇ ਸਮੇਂ ਤੋਂ ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਬਣ ਰਹੇ ਜੱਚਾ-ਬੱਚਾ ਵਾਰਡ ਦੇ ਬੰਦ ਪਏ ਕੰਮ ਨੂੰ ਮੁੜ ਸ਼ੁਰੂ ਕਰਵਾ ਕੇ ਇੱਕ ਹੋਰ ਮਾਅਰਕਾ ਮਾਰਿਆ ਹੈ। ਪੰਜਾਬ ਸਰਕਾਰ ਵੱਲੋਂ ਇਹ ਜੱਚਾ-ਬੱਚਾ ਵਾਰਡ ਬਣਾਉਣ ਲਈ 9.91 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਸ਼੍ਰੀ ਬਹਿਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 9.91 ਕਰੋੜ ਰੁਪਏ ਖਰਚ ਕਰਕੇ ਇਹ ਜੱਚਾ-ਬੱਚਾ ਵਾਰਡ ਸਥਾਪਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਧਿਆਨ ਨਾ ਦੇਣ ਕਾਰਨ ਇਸ ਪ੍ਰੋਜੈਕਟ ਦਾ ਕੰਮ ਬੰਦ ਹੋ ਗਿਆ ਸੀ। ਤਿੰਨ ਮੰਜ਼ਿਲਾ ਇਸ ਜੱਚਾ ਬੱਚਾ ਵਾਰਡ ਵਿੱਚ ਓਪੀਡੀ ਰੂਮ, ਓਪਰੇਸ਼ਨ ਥੀਏਟਰ, ਡਾਕਟਰ ਰੂਮ, ਸੈਪਟਿਕ ਵਾਰਡ, ਏ-ਸੈਪਟਿਕ ਵਾਰਡ, ਰਿਕਵਰੀ ਰੂਮ, ਬੇਬੀ ਫੀਡਿੰਗ ਰੂਮ, ਲੇਬਰ ਰੂਮ, ਪ੍ਰਾਈਵੇਟ ਰੂਮ, ਨਰਸਿੰਗ ਸਟੇਸ਼ਨ, ਆਸ਼ਾ ਵਰਕਰ ਰੂਮ, ਫੈਮਲੀ ਪਲੈਨਿੰਗ ਰੂਮ, ਲੈਬ, ਈਸੀਜੀ, ਅਲਟਰਾਸਾਊਂਡ, ਵੇਟਿੰਗ ਏਰੀਆ, ਸਟਾਫ ਰੂਮ, ਬਾਥਰੂਮ, ਲਿਫਟ ਤੋਂ ਇਲਾਵਾ ਹੋਰ ਵੀ ਸਹੂਲਤਾਂ ਉਪਲੱਬਧ ਹੋਣਗੀਆਂ। ਬਹਿਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚੋਂ ਇੱਕ ਗੁਰਦਾਸਪੁਰ ਵਿਖੇ ਇਸ ਜੱਚਾ-ਬੱਚਾ ਵਾਰਡ ਦਾ ਬਣਨਾ ਹੈ। ਸਰਕਾਰੀ ਹਸਪਤਾਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਦੇ ਨਾਲ ਡਾਕਟਰਾਂ ਦੀ ਕਮੀ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਮਿਲ ਰਹੀਆਂ ਸਿਹਤ ਸਹੂਲਤਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਸੂਬਾ ਪੰਜਾਬ ਦੇਸ਼ ਦਾ ਮੋਹਰੀ ਸੂਬਾ ਹੋਵੇਗਾ। ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਡਾ. ਰੋਮੀ ਰਾਜਾ, ਡਾ. ਤਜਿੰਦਰ ਕੌਰ, ਡਾ. ਸਵਿਤਾ, ਡਾ. ਰਾਜ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਐਕਸੀਅਨ ਸੁਖਵਿੰਦਰ ਸਿੰਘ, ਐੱਸ. ਡੀ. ਓ. ਸੁਨੀਲ ਰਾਣਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



## ਸੁਹਾਵਾ ਸਕੂਲ ਵਿਖੇ ਐਥਲੈਟਿਕਸ ਮੀਟ ਦਾ ਉਦਘਾਟਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਦੀ 2023-24 ਦੀ 4 ਰੋਜ਼ਾ ਸਾਲਾਨਾ ਐਥਲੈਟਿਕਸ ਮੀਟ (ਖੇਡਾਂ), ਜਿਸ ਦਾ ਉਦਘਾਟਨ ਸਕੂਲ ਦੇ ਸਰਪ੍ਰਸਤ ਸੰਤ ਬਾਬਾ ਸੁੱਖਾ ਸਿੰਘ ਅਤੇ ਮੁੱਖੀ ਸੰਪਰਦਾਏ ਸੰਤ ਬਾਬਾ ਤਾਰਾ ਸਿੰਘ ਕਾਰ ਸੇਵਾ ਸਰਹਾਲੀ ਸਾਹਿਬ ਵਾਲਿਆਂ ਨੇ ਕੀਤਾ ਜੋ ਕਿ 21 ਨਵੰਬਰ ਨੂੰ ਸਮਾਪਤੀ ਹੋਈ। ਸਮਾਪਤੀ ਸਮਾਰੋਹ ਸਕੂਲ ਦੇ ਡਾਇਰੈਕਟਰ ਐੱਸ. ਕੇ. ਦੁੱਗਲ ਨੇ ਕੀਤੀ। ਐਥਲੈਟਿਕਸ ਮੀਟ/ਖੇਡਾਂ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ। ਐਥਲੈਟਿਕਸ ਮੁਕਾਬਲਿਆਂ ਵਿੱਚ 50 ਮੀਟਰ, 100 ਮੀਟਰ, 400 ਮੀਟਰ ਦੌੜ, ਡੱਡੂ ਦੌੜ, ਰਿਲੇਅ ਦੌੜ, ਲੰਬੀ ਛਾਲ, ਰੱਸਾਕਸੀ ਆਦਿ ਦੇ ਮੁਕਾਬਲੇ ਅਤੇ ਅਧਿਆਪਕਾਂ ਲਈ ਸਪੂਨ ਰੇਸ ਕਰਵਾਈ ਗਈ। ਐਥਲੈਟਿਕਸ ਮੀਟ ਦਾ ਉਦੇਸ਼ ਵਿਦਿਆਰਥੀਆਂ ਵਿੱਚ ਖੇਡਾਂ ਅਤੇ ਐਥਲੈਟਿਕਸ ਵਿੱਚ ਰੁਚੀ ਪੈਦਾ ਕਰਨਾ ਹੈ। ਜੇਤੂਆਂ ਨੂੰ ਡਾਇਰੈਕਟਰ ਅਤੇ ਪ੍ਰਿੰ. ਡਾ. ਰੀਤੂ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਐੱਸ. ਕੇ. ਦੁੱਗਲ ਨੇ ਵਿਦਿਆਰਥੀਆਂ ਨੂੰ ਐਥਲੈਟਿਕਸ ਅਤੇ ਖੇਡਾਂ ਦੀ ਮਹੱਤਤਾ ਬਾਰੇ ਘਰ-ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਸਪੋਰਟਸਮੈਨਸ਼ਿਪ ਦੀ ਭਾਵਨਾ ਮੈਂ ਨਹੀਂ, ਤੁਸੀਂ ਅਤੇ ਜੀਓ ਅਤੇ ਜੀਣ ਦਿਓ ਦੀਆਂ ਭਾਵਨਾਵਾਂ ਨੂੰ ਵਿਕਸਤ ਕਰਦੀ ਹੈ। ਡਾ. ਰਿਤੂ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਸਮਾਗਮ ਨੂੰ ਵਧੀਆ ਅਨੁਸ਼ਾਸਨੀ ਢੰਗ ਨਾਲ ਕਰਵਾਉਣ ਲਈ ਪ੍ਰਬੰਧਕੀ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਬਰਾਈਟ ਫਿਊਚਰ ਅਕੈਡਮੀ ਰਾਜਪੁਰਾ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਤੇ ਸੱਭਿਆਚਾਰਕ ਪ੍ਰੋਗਰਾਮ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਰਾਈਟ ਫਿਊਚਰ ਅਕੈਡਮੀ ਰਾਜਪੁਰਾ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਅਤੇ ਸੱਭਿਆਚਾਰਕ ਪ੍ਰੋਗਰਾਮ ਸਕੂਲ ਦੇ ਪ੍ਰਿੰਸੀਪਲ ਗੁਰਸੇਵਕ ਰਿਆੜ ਅਤੇ ਪ੍ਰਬੰਧਕ ਮੈਡਮ ਨਿਸ਼ਾ ਬਾਵਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਹ ਪ੍ਰੋਗਰਾਮ ਗਦਰ ਲਹਿਰ ਦੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਸਦੇ ਸਾਥੀਆਂ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗਦਰੀ ਬਾਬਿਆਂ ਕਰਤਾਰ ਸਿੰਘ ਸਰਾਭਾ ਅਤੇ ਸਿੱਖਿਆ ਦੇ ਥੀਮ ਨੂੰ ਲੈ ਕੇ ਕੋਰੀਓਗਰਾਫੀਆਂ, ਨਾਟਕ ਅਤੇ ਲੋਕ ਨਾਚ ਪੇਸ਼ ਕੀਤੇ ਗਏ। ਇਸ ਪ੍ਰੋਗਰਾਮ ਵਿੱਚ ਸਿੱਖ ਨੈਸ਼ਨਲ ਕਾਲਜ ਕਾਦੀਆਂ ਦੇ ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਇਸ ਮੌਕੇ ਮੁੱਖ ਮਹਿਮਾਨ ਪ੍ਰਿੰ. ਡਾ: ਹਰਪ੍ਰੀਤ ਸਿੰਘ ਹੁੰਦਲ ਨੇ ਅਧਿਆਪਕਾਂ ਅਤੇ ਮਾਪਿਆਂ ਨੂੰ ਬੱਚਿਆਂ ਦੇ ਰੋਲ ਮਾਡਲ ਬਣਨ ਲਈ ਪ੍ਰੇਰਿਆ। ਉਨ੍ਹਾਂ ਨੇ ਰੁਜ਼ਗਾਰ ਦੇ ਸੰਕਟ ਅਤੇ ਪ੍ਰਵਾਸ ਉੱਪਰ ਚਿੰਤਾ ਵੀ ਪ੍ਰਗਟ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਸਕੂਲ ਪ੍ਰਬੰਧਕ ਕਮੇਟੀ ਦੀ ਹੌਸਲਾ ਅਫਜ਼ਾਈ ਕੀਤੀ। ਸਕੂਲ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦਾ ਸਮਾਗਮ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅਖੀਰ ਵਿੱਚ ਸੰਸਥਾ ਦੇ ਮੁੱਖ ਪ੍ਰਬੰਧਕ ਸੰਦੀਪ ਧਾਰੀਵਾਲ ਭੋਜਾ ਨੇ ਆਏ ਮਹਿਮਾਨਾਂ, ਪਤਵੰਤਿਆਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਸਮੇਤ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਮਾਸਟਰ ਰਵਿੰਦਰ ਭੰਗੂ, ਗੁਰਮੁੱਖ ਸਿੰਘ ਸੱਲੋਪੁਰ, ਲੈਕਚਰਾਰ ਹਰਪ੍ਰੀਤ ਗੋਨਿਆਣਾ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ਸਤਨਾਮ ਸਿੰਘ, ਠਾਕੁਰ ਕੁਲਵੰਤ ਸਿੰਘ ਚੇਅਰਮੈਨ ਲੈਂਡ ਮਾਰਟਗੇਜ ਬੈਂਕ, ਅਸ਼ੋਕ ਠਾਕੁਰ, ਤਰਕਸ਼ੀਲ ਆਗੂ ਸਤਨਾਮ ਸਿੰਘ ਤੇ ਮੁਖ਼ਤਾਰ ਸਿੰਘ ਗੋਪਾਲਪੁਰ, ਅਮਰ ਕ੍ਰਾਂਤੀ ਸੂਬਾ ਆਗੂ ਪੀਐੱਸਯੂ, ਮੇਜਰ ਸਿੰਘ ਕੋਟ ਧੰਦਲ ਸੂਬਾ ਆਗੂ ਪੇਂਡੂ ਮਜ਼ਦੂਰ ਯੂਨੀਅਨ ਅਤੇ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਮਜੀਠਾ 'ਚ ਨਗਰ ਕੀਰਤਨ ਤੇ ਧਾਰਮਿਕ ਦੀਵਾਨ 27 ਨੂੰ





**ਮਜੀਠਾ (ਸੋਇਮ ਆਨੰਦ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਧੰਨ-ਧੰਨ ਬਾਬਾ ਦੀਪ ਸਿੰਘ ਜੀ ਨਿਸ਼ਕਾਮ ਸੇਵਾ ਸੁਸਾਇਟੀ, ਸਿੱਖ ਸੇਵਕ ਜਥਾ, ਗੁਰਦੁਆਰਾ ਮਾਈਆਂ ਪ੍ਰਬੰਧਕ ਕਮੇਟੀ ਮਜੀਠਾ ਅਤੇ ਸ਼ਹਿਰ ਦੀਆਂ ਹੋਰ ਧਾਰਮਿਕ ਸਭਾ ਸੁਸਾਇਟੀਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ 27 ਨਵੰਬਰ ਨੂੰ ਧਾਰਮਿਕ ਸਮਾਗਮ ਕਰਾਇਆ ਜਾ ਰਿਹਾ ਹੈ। ਪ੍ਰਬੰਧਕਾਂ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਸ਼ਹਿਰ ਵਿਚ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ ਅਤੇ 27 ਨਵੰਬਰ ਨੂੰ ਸਵੇਰੇ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਸ਼ਾਮ ਵਕਤ ਗੁਰਦੁਆਰਾ ਮਾਈਆਂ ਮਜੀਠਾ ਵਿਖੇ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕ ਮਨੋਹਰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਰਾਤ ਨੂੰ ਅਤਿਸ਼ਬਾਜ਼ੀ ਵੀ ਚਲਾਈ ਜਾਵੇਗੀ ਅਤੇ ਸੰਗਤਾਂ ਵਾਸਤੇ ਗੁਰੂ ਦੇ ਅਤੁੱਟ ਲੰਗਰ ਲਗਾਏ ਜਾਣਗੇ।

23-Nov-PAGE-12.qxd 11/22/2023 10:36 PM Page 1



# ਪੰਜਾਬੀ ਭਾਸ਼ਾ ਤੇ ਸਾਹਿਤ ਦੇ ਵਿਭਿੰਨ ਸਰੋਕਾਰਾਂ ਬਾਰੇ ਹੋਈ ਭਰਵੀਂ ਚਰਚਾ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਭਾਸ਼ਾ ਵਿਭਾਗ ਪੰਜਾਬ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਪੰਜਾਬੀ ਮਾਹ-2023 ਤਹਿਤ ਨਵੀਂ ਪੀੜ੍ਹੀ ਨੂੰ ਪੁਸਤਕ ਸੱਭਿਆਚਾਰ ਤੇ ਮਾਂ-ਬੋਲੀ ਨਾਲ ਜੋੜਨ ਲਈ ਚਾਰ ਰੋਜ਼ਾ ਪੁਸਤਕ ਮੇਲੇ ਦਾ ਆਯੋਜਨ ਕੀਤਾ ਗਿਆ ਹੈ। ਇਸ ਪੁਸਤਕ ਮੇਲੇ ਦੇ ਸਮਾਨਾਂਤਰ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਬਾਰੇ ਵਿਚਾਰ ਚਰਚਾ 'ਚ ਵੱਖ-ਵੱਖ ਵਿਦਵਾਨਾਂ ਵੱਲੋਂ ਸ਼ਿਰਕਤ ਕੀਤੀ ਗਈ। ਸੈਸ਼ਨ ਦੇ ਆਰੰਭ ਵਿਚ ਡਾ. ਦਵਿੰਦਰ ਸਿੰਘ ਬੋਹਾ ਸਮੁੱਚੇ ਸਮਾਗਮ ਦੀ ਰੂਪਰੇਖਾ ਬਾਰੇ ਜਾਣਕਾਰੀ ਦਿੰਦਿਆਂ ਸਮੂਹ ਪ੍ਰਧਾਨਗੀ ਮੰਡਲ ਅਤੇ ਸ੍ਰੋਤਿਆਂ ਨੂੰ ਜੀ ਆਇਆਂ ਨੂੰ ਕਿਹਾ ਗਿਆ। ਇਸ ਮੌਕੇ 'ਪੰਜਾਬੀ ਭਾਸ਼ਾ: ਵਿਭਿੰਨ ਸਰੋਕਾਰ' ਵਿਸ਼ੇ 'ਤੇ ਵਿਚਾਰ ਚਰਚਾ ਦੌਰਾਨ ਡਾ. ਸਰਬਜੀਤ ਸਿੰਘ ਵੱਲੋਂ ਕਿਹਾ ਗਿਆ ਕਿ ਭਾਸ਼ਾ ਦਾ ਮਸਲਾ ਭਾਵਨਾ ਨਾਲੋਂ ਜਿਆਦਾ ਆਰਥਿਕਤਾ ਦਾ ਮਸਲਾ ਹੈ। ਇਸੇ ਲਈ ਭਾਸ਼ਾ ਦਾ ਵਿਗਿਆਨ, ਸਿੱਖਿਆ ਅਤੇ ਰੁਜ਼ਗਾਰ ਦਾ ਮਾਧਿਅਮ ਬਣਨਾ ਜ਼ਰੂਰੀ ਹੈ। ਡਾ. ਜੋਗਾ ਸਿੰਘ, ਡਾ. ਭੀਮਇੰਦਰ ਸਿੰਘ , ਪ੍ਰੋ. ਜਲੌਰ ਸਿੰਘ ਖੀਵਾ ਪ੍ਰੋ. ਸੀ.ਪੀ. ਕੰਬੋਜ ਵੱਲੋਂ ਪੰਜਾਬੀ ਭਾਸ਼ਾ ਬਾਰੇ ਗੱਲ ਕੀਤੀ ਗਈ।

'ਬਾਲ ਸਾਹਿਤ: ਵਿਭਿੰਨ ਸਰੋਕਾਰ' ਵਿਸ਼ੇ 'ਤੇ ਵਿਚਾਰ ਚਰਚਾ ਦੌਰਾਨ ਕਰਨਲ ਜਸਬੀਰ ਭੁੱਲਰ ਵੱਲੋਂ ਆਖਿਆ ਗਿਆ ਕਿ ਮਾਸੂਮੀਅਤ ਦੇ ਸਿੱਕੇ ਭਾਵੇਂ ਕਾਗਜ ਦੇ ਹੋਣ, ਉਹ ਚੱਲ ਜਾਂਦੇ ਹਨ। ਬਾਲ ਸਾਹਿਤ ਤੁਹਾਡੇ ਅੰਦਰਲੀ ਸਾਦਗੀ ਅਤੇ ਬਾਲ ਨੂੰ ਜਿਉਂਦਾ ਰੱਖਦਾ ਹੈ। ਡਾ. ਮਨਮੋਹਨ ਸਿੰਘ ਦਾਊਂ ਵੱਲੋਂ ਆਖਿਆ ਗਿਆ ਕਿ ਬਾਲ ਸਾਹਿਤ ਦਾ ਰਚੇਤਾ ਹੋਣ ਦੀ ਮੁੱਢਲੀ ਸ਼ਰਤ ਬਾਲ



ਮਨੋਵਿਗਿਆਨ ਦੀ ਸਮਝ ਹੈ। ਡਾ. ਸ਼ਿੰਦਰਪਾਲ ਸਿੰਘ ਵੱਲੋਂ ਕਿਹਾ ਗਿਆ ਕਿ ਬੱਚਿਆਂ ਦੇ ਹੱਥਾਂ ਵਿੱਚ ਮੋਬਾਇਲ ਦੀ ਪਹੁੰਚ ਹੋਣ ਕਰਕੇ ਪੰਜਾਬੀ ਬਾਲ ਸਾਹਿਤਕਾਰਾਂ ਦੇ ਅੱਗੇ ਕਈ ਚੁਣੌਤੀਆਂ ਖੜ੍ਹੀਆਂ ਹਨ। ਡਾ. ਦਰਸ਼ਨ ਸਿੰਘ ਆਸ਼ਟ ਵੱਲੋਂ ਬਾਲ ਰਸਾਲਿਆਂ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਗੱਲ ਕਰਦਿਆਂ ਆਖਿਆ ਗਿਆ ਕਿ ਬਾਲ ਕਹਾਣੀਆਂ ਦੀ ਸਮਕਾਲ ਦੇ ਸੰਦਰਭ ਵਿੱਚ ਪੁਨਰ ਸਿਰਜਣਾ ਸਮੇਂ ਦੀ ਮੁੱਖ ਲੋੜ ਹੈ। ਡਾ. ਕੁਲਦੀਪ ਸਿੰਘ ਦੀਪ , ਮੈਡਮ ਦਿਲਪ੍ਰੀਤ ਚਹਿਲ ਵੱਲੋਂ ਪੰਜਾਬੀ ਅੱਖਰਕਾਰੀ ਅਤੇ ਇਸ ਦੀਆਂ ਭਵਿੱਖੀ ਸੰਭਾਵਨਾਵਾਂ ਬਾਰੇ ਗੱਲ ਕੀਤੀ ਗਈ।

'ਪੰਜਾਬੀ ਗਲਪ : ਵਿਭਿੰਨ ਸਰੋਕਾਰ' ਵਿਸ਼ੇ 'ਤੇ ਬਲਦੇਵ ਸੜਕਨਾਮਾ ਵੱਲੋਂ ਸਾਹਿਤ ਨੂੰ ਦਲਿਤ ਸਾਹਿਤ, ਨਾਰੀ ਸਾਹਿਤ ਜਾਂ ਅਜਿਹੇ ਕਿਸੇ ਹੋਰ ਸਾਹਿਤ ਦੇ ਨਾਂਅ ਹੇਠ ਵੰਡਣ ਤੋਂ ਗੁਰੇਜ਼ ਕਰਨ ਲਈ ਕਿਹਾ ਗਿਆ ਕਿਉਂਕਿ ਅਜਿਹਾ ਕਰਨ ਨਾਲ ਅਸੀਂ ਸਾਹਿਤ ਦੀ ਸਮਰੱਥਾ ਨੂੰ ਛੁਟਿਆਉਂਦੇ ਹਾਂ। ਡਾ. ਦੀਪਕ ਮਨਮੋਹਨ ਸਿੰਘ ਵੱਲੋਂ ਸਾਹਿਤ ਵਿਚ ਆ ਰਹੇ ਪ੍ਰਦੂਸ਼ਿਤ ਰੁਝਾਨਾਂ 'ਤੇ ਉਂਗਲ ਧਰਦਿਆਂ ਵੈਬੀਨਾਰਾਂ ਦੇ ਦੌਰ ਵਿਚ ਦਫਤਰ ਜਿਲ੍ਹਾ ਭਾਸ਼ਾ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਪੰਜਾਬੀ ਗਲਪ ਦੇ ਉੱਤੇ ਕਰਵਾਈ ਵਿਚਾਰ ਚਰਚਾ ਦੀ ਭਰਪੂਰ ਪ੍ਰਸੰਸਾ ਕੀਤੀ ਗਈ। ਪ੍ਰੋ. ਲਾਭ ਸਿੰਘ ਖੀਵਾ ਵੱਲੋਂ ਦੋ ਮਹਾਂ ਸੰਕਟਾਂ ਵਿਚੋਂ ਸਿਰਜੇ ਜਾ ਰਹੇ ਦੋ ਮਹਾਂ ਬਿਰਤਾਂਤਾਂ ਬਾਰੇ ਚਰਚਾ ਕਰਦਿਆਂ ਕਿਹਾ ਗਿਆ ਕਿ ਅੱਜ ਅਸੀਂ ਉਸ ਮੋੜ 'ਤੇ ਪਹੁੰਚ ਚੁੱਕੇ ਹਾਂ ਜਿੱਥੋਂ ਅੱਗੇ ਜਾਣਾ ਔਖਾ ਹੈ ਅਤੇ ਪਿੱਛੇ ਵੀ ਨਹੀਂ ਮੁੜਿਆ ਜਾ ਸਕਦਾ। ਪ੍ਰੋ. ਜੇ.ਬੀ.ਸੇਖੋਂ ਵੱਲੋਂ ਸਮੁੱਚੀ ਕਹਾਣੀ ਦੇ ਵੱਖ-ਵੱਖ ਪੜਾਵਾਂ 'ਤੇ ਚਾਨਣਾ ਪਾਉਂਦਿਆਂ ਇਸ ਧਾਰਨਾ 'ਤੇ ਫੋਕਸ ਕੀਤਾ। ਡਾ. ਗੁਰਮੇਲ ਸਿੰਘ ਵੱਲੋਂ ਪੰਜਾਬੀ ਨਾਵਲ ਦੀ 125 ਸਾਲਾਂ ਦੀ ਯਾਤਰਾ ਬਾਰੇ ਗੱਲ ਕਰਦਿਆਂ ਸਮਕਾਲੀ ਦੌਰ ਵਿੱਚ ਲਿਖੇ ਜਾ ਰਹੇ ਨਾਵਲ ਦੀਆਂ ਵੱਖ-ਵੱਖ ਧਾਰਾਵਾਂ 'ਤੇ ਚਾਨਣਾ ਪਾਇਆ ਗਿਆ। ਇਸ ਪੁਸਤਕ ਮੇਲੇ ਵਿਚ ਪੰਜਾਬ, ਚੰਡੀਗੜ੍ਹ, ਹਰਿਆਣਾ ਅਤੇ ਦਿੱਲੀ ਦੇ ਲਗਭਗ 30 ਪੁਸਤਕ ਵਿਕ੍ਰੇਤਾਵਾਂ ਵੱਲੋਂ ਆਪਣੀਆਂ ਪੁਸਤਕਾਂ ਦੀ ਪ੍ਰਦਰਸ਼ਨੀ ਲਗਾਈ ਗਈ ਹੈ।

# ਦੁਆਬਾ ਸਕੂਲ ਦੇ ਖਿਡਾਰੀਆਂ ਨੇ ਐਥਲੈਟਿਕਸ 'ਚ ਕੀਤੀ ਬੱਲੇ-ਬੱਲੇ

**ਮਾਹਿਲਪੁਰ (ਸਟਰੀ)**

ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਤੇ ਚੇਅਰਪਰਸਨ ਹਰਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਰਬ ਉੱਤਮ ਵਿਦਿਅਕ ਸੰਸਥਾ ਦੁਆਬਾ ਪਬਲਿਕ ਸਕੂਲ ਦੋਹਲਰੋਂ (ਮਾਹਿਲਪੁਰ) ਦੇ ਖਿਡਾਰੀਆਂ ਨੇ ਐਥਲੈਟਿਕਸ ਵਿੱਚ ਆਪਣੀ ਕਾਬਲੀਅਤ ਦੇ ਝੰਡੇ ਗੱਡੇ। ਪ੍ਰਿੰਸੀਪਲ ਅਰੁਣ ਗੁਪਤਾ ਨੇ ਦੱਸਿਆ ਕਿ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਫੁਟਬਾਲ ਕਲੱਬ ਗੜ੍ਹਸ਼ੰਕਰ ਵਲੋਂ ਕਰਵਾਈ ਗਈ ਇੰਟਰਸਟੇਟ ਐਥਲੈਟਿਕ ਮੀਟ ਵਿੱਚ ਇਸ ਸੰਸਥਾ ਦੇ ਅੰਡਰ -19 ਉਮਰ ਵਰਗ ਵਿੱਚ ਜਸਜੀਤ ਸਿੰਘ ਸਹੋਤਾ ਨੇ ਸ਼ਾਟ ਪੁਟ ਵਿਚ ਪਹਿਲਾ ਸਥਾਨ ਹਾਸਲ ਕੀਤਾ। ਅੰਡਰ -17 ਵਰਗ ਵਿੱਚ ਰਿਸ਼ਤ ਕਾਲੀਆ ਨੇ 100 ਮੀਟਰ ਵਿੱਚ ਪਹਿਲਾ ਤੇ 200 ਮੀਟਰ ਵਿੱਚ ਦੂਸਰਾ ਸਥਾਨ ਹਾਸਲ ਕੀਤਾ । ਰਿਸ਼ਤ ਕਾਲੀਆ ਨੂੰ ਸਰਬ ਉੱਤਮ ਅਥਲੀਟ ਐਲਾਨਿਆ ਗਿਆ ਤੇ ਸਨਮਾਨਿਤ ਕੀਤਾ ਗਿਆ । ਜੈਸਿਕਾ ਨੇ ਕਰਮਵਾਰ400 ਮੀਟਰ , 800 ਮੀਟਰ ਅਤੇ 1500 ਮੀਟਰ ਵਿੱਚ ਦੂਜਾ ਸਥਾਨ ਹਾਸਲ ਕੀਤਾ । ਉਰਬਸੀ ਨੇ 1500 ਮੀਟਰ ਵਿੱਚ ਤੀਜਾ ਸਥਾਨ ਹਾਸਲ ਕੀਤਾ । ਕਲੱਬ ਵੱਲੋਂ ਜੇਤੂ ਖਿਡਾਰੀਆਂ ਨੂੰ ਮੈਡਲ ਸੀਲਡ ਤੇ





ਸਰਟੀਫਿਕੇਟ ਦੇ ਨਾਲ ਪਹਿਲੇ ਦੂਜੇ ਤੀਜੇ ਸਥਾਨ 'ਤੇ ਰਹਿਣ ਵਾਲੇ ਜੇਤੂਆਂ ਨੂੰ 1000,700,500 ਰੁਪਏ ਦੀ ਨਗਦ ਰਾਸ਼ੀ ਵੀ ਦਿੱਤੀ ਗਈ । ਮੈਡਮ ਸੁਖਵਿੰਦਰ ਕੌਰ ਗਿੱਲ ਨੇ ਕਿਹਾ ਕਿ ਪਿਛਲੇ ਦਿਨੀ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਹੋਏ ਕਲਸਟਰ ਮੁਕਾਬਲਿਆਂ ਵਿੱਚ ਵੀ ਇਸ ਸਕੂਲ ਦੇ ਵਿਦਿਆਰਥੀਆਂ ਜਸਜੀਤ ਸਿੰਘ ਸਹੋਤਾ ਨੇ ਸ਼ਾਟਪੁੱਟ ਵਿੱਚ ਗੋਲਡ ਮੈਡਲ , ਜੈਸਿਕਾ ਨੇ 400 ਮੀਟਰ ਤੇ 800 ਮੀਟਰ ਵਿੱਚ ਗੋਲਡ ਮੈਡਲ ਅੰਡਰ 14 ਉਮਰ ਵਰਗ ਵਿੱਚ ਉਰਬਸੀ ਨੇ ਇੱਕ ਸਿਲਵਰ ਤੇ ਦੋ ਤਾਂਬੇ ਦੇ ਤਮਗੇ ਹਾਸਲ ਕੀਤੇ । ਰਿਲੇਅ (ਲੜਕੀਆਂ) ਸਿਲਵਰ ਮੈਡਲ ਏਵਨਵੀਰ ਸਿੰਘ ਨੇ 800 ਮੀਟਰ ਵਿੱਚ ਤਾਂਬੇ ਦਾ ਤੇ ਜਸਕਰਨ ਸਿੰਘ ਨੇ 1500 ਮੀਟਰ ਵਿੱਚ ਸਿਲਵਰ, ਤਿੰਨ ਕਿਲੋਮੀਟਰ ਵਿੱਚ ਤਾਂਬੇ ਦਾ ਤਗਮਾ ਹਾਸਲ ਕੀਤਾ ਜੋਰਾਵਰ ਸਿੰਘ ਨੇ ਪੰਜ ਕਿਲੋਮੀਟਰ ਵਿੱਚ ਸਿਲਵਰ ਦਾ ਤਗਮਾ ਹਾਸਲ ਕੀਤਾ। ਇੱਥੇ ਵਰਨਯੋਗ ਹੈ ਕਿ ਸਕੂਲ ਮੈਨੇਜਮੈਂਟ ਵੱਲੋਂ ਕੋਚ ਕਮਲਪ੍ਰੀਤ ਸਿੰਘ ਨੂੰ ਇਹਨਾਂ ਪ੍ਰਾਪਤੀਆਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਮੈਡਮ ਪੂਜਾ ਰਾਣੀ, ਸ਼ੈਲੀ ਸ਼ਰਮਾ , ਅਜੇ ਕੁਮਾਰੀ, ਰਵੀ ਕੁਮਾਰ , ਜਸਪਾਲ ਸਿੰਘ ਸਹੋਤਾ, ਸਹੇਲ ਗਾਂਧੀ , ਬਿਨੇ ਕੁਮਾਰ, ਦੀਪਿਕਾ , ਪੂਨਮ ਸਮੇਤ ਸਮੂਹ ਸਟਾਫ ਹਾਜਰ ਸੀ।

## ਜਨਮ ਦਿਨ ਮੁਬਾਰਕ



ਹਸਰਤ ਕੌਰ
ਲਹਿਰਾ ਮੁਹੱਬਤ

## ਵਰ੍ਹੇਗੰਢ ਮੁਬਾਰਕ



ਗੌਰਵ ਅਰੋੜਾ ਅਤੇ ਸਲੋਨੀ ਅਰੋੜਾ ਵਾਸੀ ਬਟਾਲਾ ਨੇ ਵਿਆਹ ਦੀ ਤੀਜੀ ਵਰ੍ਹੇਗੰਢ ਮਨਾਈ

# ਪੰਜਾਬ ਸਰਕਾਰ ਦੀਆਂ ਉਪਲਬੱਧੀਆਂ ਘਰ-ਘਰ ਪਹੁੰਚਾਵਾਂਗੇ : ਵਿੱਕੀ ਕਹਾਰਪੁਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਆਮ ਆਦਮੀ ਪਾਰਟੀ ਨੂੰ ਮਜ਼ਬੂਤੀ ਕਰਨੇ ਲਈ ਬਲਾਕ ਪ੍ਰਧਾਨ ਵਿੱਕੀ ਕਹਾਰਪੁਰ ਵੱਲੋਂ ਆਪਣੇ ਬਲਾਕ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾ ਕੀਤੀ ਘੁਮੀਆਲਾ, ਕੈਡੋਵਾਲ ਅਤੇ ਕਹਾਰਪੁਰ ਵਿਚ ਮੀਟਿੰਗਾ ਕੀਤੀਆਂ ਗਈ ਇਸ ਦੌਰਾਨ ਪਿੰਡ ਕਹਾਰਪੁਰ ਵਿਚ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਵਿੱਕੀ ਕਹਾਰਪੁਰ ਵਲੋਂ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ 'ਚ ਆਉਣ ਵਾਲੀਆਂ ਚੋਣਾਂ ਸੰਬੰਧੀ ਪਾਰਟੀ ਨੂੰ ਹੋਰ ਮਜ਼ਬੂਤ ਕਰਨੇ ਲਈ ਪਿੰਡ ਦੇ ਮੋਹਤਵਾਰ ਵਿਅਕਤੀਆਂ, ਪਿੰਡ ਦੀ ਪੰਚਾਇਤ ਅਤੇ ਮਜ਼ਦੂਰ ਸਾਥੀਆਂ ਨਾਲ ਮਿਲ ਕੇ ਰਣਨੀਤੀ ਤਿਆਰ ਕੀਤੀ ਗਈ। ਮੀਟਿੰਗ ਦੌਰਾਨ ਪਾਰਟੀ ਦੀ ਕਮੇਟੀ ਵੀ ਬਣਾਈ ਗਈ। ਇਸ ਮੀਟਿੰਗ ਵਿੱਚ ਪਿੰਡ ਦੇ ਵਿਕਾਸ ਲਈ ਵੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਰਬਜੀਤ ਸਿੰਘ ਖਾਬੜਾ, ਸਰਪੰਚ ਗਿਆਨ ਚੰਦ, ਸੂਬੇਦਾਰ ਪਰਮਾਤਮਾ ਸਿੰਘ, ਮਨਜਿੰਦਰ ਸਿੰਘ ਪੰਚ, ਗੁਰਮਿਤ ਸਿੰਘ ਖਾਬੜਾ, ਗੁਰਮੇਲ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ, ਰੇਸ਼ਮ ਸਿੰਘ, ਪ੍ਰਧਾਨ ਜਗਜੀਤ ਸਿੰਘ, ਮੇਜ਼ਰ ਸਿੰਘ, ਮਾਸਟਰ ਕਿਸ਼ਨ ਸਿੰਘ, ਹਰਜੀਵਨ ਸਿੰਘ, ਚਰਨਜੀਤ ਸਿੰਘ, ਇਦਰਜੀਤ ਸਿੰਘ, ਕੁਲਵੀਰ ਸਿੰਘ,ਨਿਰਮਲ ਸਿੰਘ, ਸੋਨੀ, ਕਮਲਜੀਤ ਅਤੇ ਕੁਲਵਿੰਦਰ ਸਿੰਘ ਆਦਿ ਮੌਜੂਦ ਸਨ।

# ਖੇਤ ਮਾਲਕਾਂ ਪਾਸੋਂ ਜ਼ਿਲ੍ਹਾ ਸਰਵੇਖਣ ਰਿਪੋਰਟ 'ਚ ਸ਼ਾਮਲ ਹੋਣ ਲਈ ਅਰਜ਼ੀਆਂ ਦੀ ਮੰਗ

**ਮੋਹਾਲੀ, (ਗੁਰਜੀਤ ਬਿੱਲਾ)** ਕਾਰਜਕਾਰੀ ਇੰਜੀਨੀਅਰ ਕਮ ਜਿਲ੍ਹਾ ਮਾਈਨਿੰਗ ਅਫਸਰ, ਐਸ ਏ ਐਸ ਨਗਰ ਚੇਤਨ ਖੰਨਾ ਵੱਲੋਂ ਜਿਲ੍ਹੇ ਦੀਆਂ ਖੇਤੀਬਾੜੀ ਜ਼ਮੀਨਾਂ 'ਚੋਂ ਰੇਤ/ਗ੍ਰੈਵਲ ਦੀ ਨਿਕਾਸੀ ਦੇ ਚਾਹਵਾਨ ਖੇਤ ਮਾਲਕਾਂ ਪਾਸੋਂ ਜਿਲ੍ਹਾ ਸਰਵੇਖਣ ਰਿਪੋਰਟ 'ਚ ਸ਼ਾਮਲ ਹੋਣ ਲਈ ਅਰਜੀਆਂ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਸਰਵੇਖਣ ਰਿਪੋਰਟ ਨੂੰ ਅਪਡੇਟ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ। ਇਸ ਲਈ ਜੇਕਰ ਕੋਈ ਖੇਤ ਮਾਲਕ ਆਪਣੇ ਖੇਤ ਚੋਂ ਰੇਤ/ਗ੍ਰੈਵਲ ਦੀ ਨਿਕਾਸੀ ਕਰਵਾਉਣਾ ਚਾਹੁੰਦਾ ਹੈ ਤਾਂ ਭਾਰਤ ਸਰਕਾਰ ਦੇ ਵਾਤਾਵਰਣ, ਵਣ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰਾਲੇ ਵੱਲੋਂ ਜਾਰੀ ਸਸਟਨੇਬਲ ਸੈਂਡ ਮਾਇਨਿੰਗ ਮੈਨੇਜਮੈਂਟ ਗਾਈਡ ਲਾਇਨਜ, 2016 ਅਤੇ ਇੰਫੋਰਸਮੈਂਟ ਐਂਡ ਮੋਨੀਟਰਿੰਗ ਗਾਈਡ ਲਾਇਨਜ਼ ਫਾਰ ਸੈਂਡ ਮਾਇਨਿੰਗ 2020 ਅਤੇ ਸੁਪਰੀਮ ਕੋਰਟ, ਹਾਈ ਕੋਰਟ ਅਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੁਆਰਾ ਜਾਰੀ ਵੱਖ-ਵੱਖ ਨਿਰਦੇਸ਼ਾਂ ਦੇ ਅਨੁਸਾਰ ਜਿਲ੍ਹਾ ਸਰਵੇਖਣ ਰਿਪੋਰਟ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਜ਼ਮੀਨ ਮਾਲਕ ਆਪਣੀ ਜ਼ਮੀਨ 'ਚੋਂ ਰੇਤ ਅਤੇ ਬਜਰੀ ਦੀ ਮਾਈਨਿੰਗ ਲਈ ਜਿਲ੍ਹਾ ਸਰਵੇਖਣ ਰਿਪੋਰਟ 'ਚ ਸ਼ਾਮਲ ਹੋਣਾ ਚਾਹੁੰਦਾ ਹੈ ਤਾਂ ਆਪਣੀਆਂ ਅਰਜ਼ੀਆਂ ਮਾਲ ਰਿਕਾਰਡ ਸਮੇਤ ਕਾਰਜਕਾਰੀ ਇੰਜੀਨੀਅਰ ਕਮ ਜਿਲ੍ਹਾ ਮਾਈਨਿੰਗ ਅਫਸਰ, ਐਸ ਏ ਐਸ ਨਗਰ (ਪਲਾਟ ਨੰ. ਬੀ-65, ਇੰਡਸਟਰੀਅਲ ਏਰੀਆ, ਫ਼ੇਜ਼-7, ਐਸ ਏ ਐਸ ਨਗਰ ਮੋਹਾਲ਼ੀ, ਪੰਜਾਬ) ਜਾਂ ਆਪਣੇ ਸਬੰਧਤ ਐਸ ਡੀ ਐਮ ਦਫਤਰ (ਖਰੜ, ਮੋਹਾਲੀ, ਡੇਰਾਬੱਸੀ) ਵਿਖੇ ਜਮ੍ਹਾਂ ਕਰਵਾ ਸਕਦਾ ਹੈ।



ਫਿਲੌਰ ਵਿਖੇ ਮਾਤਾ ਵੈਸ਼ਨੋ ਦੇਵੀ ਚੌਕ 'ਚ ਮਾਤਾ ਦੇ ਸਰੂਪ 'ਤੇ ਬਣੇ ਸ਼ੇਰ ਸੰਬੰਧੀ ਐਸ ਡੀ ਐਮ ਅਮਨਪਾਲ ਸਿੰਘ ਨੂੰ ਮੰਗ ਪੱਤਰ ਦੇ ਰਹੇ ਉੱਘੇ ਕਾਂਗਰਸੀ ਆਗੂ ਡਾ. ਅਸ਼ਵਨੀ, ਆਸਸ਼ ਰਾਕੇਸ਼ ਰੋਕਸੀ ਕੌਂਸਲਰ ਨਰਿੰਦਰ ਗੋਇਲ ਸਾਬਕਾ ਪ੍ਰਧਾਨ ਨਗਰ ਕੌਂਸਲ ਫਿਲੌਰ ਗੋਪਾਲ ਮੱਟੂ ਤੇ ਹੋਰ। (ਤਸਵੀਰ ਤੇ ਵੇਰਵਾ : ਬੀ ਐਸ ਕੈਨੇਡੀ, ਫਿਲੌਰ)

# 'ਸੰਗਰੇ-2023' ਹੈਮਾਟੋਲੋਜੀ ਕੁਇਜ਼ ਆਯੋਜਿਤ



**ਮੋਹਾਲੀ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਡਾ. ਬੀ. ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਆਈਐੱਮਐੱਸ ਮੋਹਾਲੀ) ਦੇ ਪੈਥੋਲੋਜੀ ਵਿਭਾਗ ਨੇ 'ਸੰਗਰੇ 2023' ਨਾਮੀ ਅੰਤਰ-ਕਾਲਜ ਅੰਡਰ ਗ੍ਰੈਜੂਏਟ ਹੈਮਾਟੋਲੋਜੀ ਕੁਇਜ਼ ਕਰਵਾਇਆ। ਡਾ: ਨਵੀਨ ਕੱਕੜ ਪ੍ਰੋਫੈਸਰ ਐੱਮ. ਐੱਮ. ਐੱਮ. ਸੀ. ਐੱਚ. ਸੋਲਨ ਅਤੇ ਡਾ: ਪੁਲਕਿਤ ਰਸਤੋਗੀ ਅਸਿਸਟੈਂਟ ਪ੍ਰੋਫੈਸਰ ਹੈਮਾਟੋਪੈਥੋਲੋਜੀ ਪੀ. ਜੀ. ਆਈ. ਐੱਮ. ਈ. ਆਰ. ਚੰਡੀਗੜ੍ਹ ਇਸ ਸਮਾਗਮ ਲਈ ਕੁਇਜ਼ ਮਾਸਟਰ ਸਨ। ਇਸ ਮੁਕਾਬਲੇ ਵਿੱਚ ਪੰਜਾਬ ਦੇ ਵੱਖ-ਵੱਖ ਕਾਲਜਾਂ ਦੀਆਂ ਅੱਠ ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਛੇ ਦੀ ਚੋਣ ਫਾਈਨਲ ਰਾਊਂਡ ਲਈ ਕੀਤੀ ਗਈ। ਮੈਡੀਕਲ ਕਾਲਜ ਮੋਹਾਲੀ ਦੇ ਪ੍ਰਤੀਯੋਗੀਆਂ-ਦਿਸ਼ਾ, ਆਰਚੀ, ਸ਼੍ਰੇਆ ਅਤੇ ਸਰਕਾਰੀ ਮੈਡੀਕਲ ਕਾਲਜ ਪਟਿਆਲਾ ਦੀ ਟੀਮ- ਜੈਸ਼, ਜਪਨੀਤ ਅਤੇ ਨਵੀਸ ਨੇ ਜਿੱਤਿਆ ਜਦਕਿ ਸਰਕਾਰੀ ਮੈਡੀਕਲ ਕਾਲਜ ਚੰਡੀਗੜ੍ਹ ਨੇ ਤੀਸਰਾ ਸਥਾਨ ਹਾਸਲ ਕੀਤਾ। ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਸਾਰੇ ਭਾਗੀਦਾਰਾਂ ਦੀ ਕਾਰਗੁਜ਼ਾਰੀ ਅਤੇ ਸਖਤ ਮਿਹਨਤ ਦੀ ਸ਼ਲਾਘਾ ਕੀਤੀ ।

# ਮਹਿੰਦਰਪਾਲ ਵੱਲੋਂ ਆਪਣਾ ਸ਼ਰੀਰ ਦਾਨ ਕਰਨ ਦਾ ਪ੍ਰਣ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਿਪਲਾਂਵਾਲਾ ਦੇ ਵਸਨੀਕ ਮਹਿੰਦਰਪਾਲ ਜਿਸ ਨੂੰ ਇਲਾਕੇ ਦੇ ਲੋਕ ਛੋਟੂ ਚੱਪਲਾਂ ਵਾਲਾ ਵੀ ਕਹਿੰਦੇ ਹਨ ਵੱਲੋਂ ਨੇਤਰਦਾਨ ਐਸੋਸੀਏਸ਼ਨ, ਹੁਸ਼ਿਆਰਪੁਰ ਦੇ ਦਫਤਰ ਆ ਕੇ ਆਪਣਾ ਸ਼ਰੀਰ ਦਾਨ ਕਰਨ ਲਈ ਪ੍ਰਣ ਪੱਤਰ ਭਰਿਆ ਗਿਆ। ਮਹਿੰਦਰਪਾਲ ਵੱਲੋਂ ਦੱਸਿਆ ਕਿ ਉਹ ਨੇਤਰਦਾਨ ਸੰਸਥਾ ਵਲੋਂ ਕੀਤੇ ਜਾ ਰਹੇ ਕੰਮਾ ਤੋਂ ਪ੍ਰਭਾਵਿਤ ਹੋ ਕੇ ਆਪਣਾ ਸ਼ਰੀਰ ਮੈਡੀਕਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਖੋਜ ਲਈ ਆਪਣੀ ਇੱਛਾ ਅਨੁਸਾਰ ਦਾਨ ਕਰਨ ਦਾ ਪ੍ਰਣ ਕਰ ਰਹੇ ਹਨ। ਇਸ ਮੌਕੇ ਸੰਸਥਾ ਦੇ ਪ੍ਰਧਾਨ ਮਨਮੋਹਨਸਿੰਘ ਵੱਲੋਂ ਦੱਸਿਆ ਕਿ ਹੁਣ ਤੱਕ 30 ਤੋਂ ਵੱਧ ਵਿਅਕਤੀਆਂ ਵੱਲੋਂ ਆਪਣੀ ਮ੍ਰਿਤੂ ਉਪਰੰਤ ਆਪਣੇ ਸ਼ਰੀਰ ਨੇਤਰਦਾਨ ਐਸੋਸੀਏਸ਼ਨ, ਹੁਸ਼ਿਆਰਪੁਰ ਰਾਹੀ ਦਾਨ ਕੀਤੇ ਜਾ ਚੁੱਕੇ ਹਨ। ਇਸ ਮੌਕੇ ਨੇਤਰਦਾਨ ਸੰਸਥਾ, ਹੁਸ਼ਿਆਰਪੁਰ ਦੇ ਸਰਪ੍ਰਸਤ ਪ੍ਰੋ: ਬਹਾਦੁਰ ਸਿੰਘ ਸੁਨੇਤ, ਬਲਜੀਤ ਸਿੰਘ ਪਨੇਸਰ, ਮੀਤ ਪ੍ਰਧਾਨ ਡਾ: ਗੁਰਬਖਸ਼ ਸਿੰਘ, ਗੁਰਪ੍ਰੀਤਸਿੰਘ, ਹਰਭਜਨ ਸਿੰਘ, ਸ੍ਰੀਮਤੀ ਰਚਨਾ ਕੌਰ ਅਤੇ ਲਾਲ ਸਿੰਘ ਹਾਜ਼ਰ ਸਨ। ਇਸ ਮੌਕੇ ਨੇਤਰਦਾਨ ਸੰਸਥਾ ਦੇ ਪ੍ਰਧਾਨ ਮਨਮੋਹਨ ਸਿੰਘ ਵਲੋਂ ਮਹਿੰਦਰਪਾਲ ਦਾ ਪ੍ਰਣ ਪੱਤਰ ਭਰਨ ਲਈ ਧੰਨਵਾਦ ਕੀਤਾ।



# ਡਿਪਟੀ ਕਮਿਸ਼ਨਰ ਨੇ ਕੀਤਾ ਪਿਗਰੀ ਫਾਰਮ ਦਾ ਦੌਰਾ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਬਹਿਰਾਮ ਵਿਖੇ ਸਥਾਨਕ ਸੂਰ ਪਾਲਣ ਫਾਰਮ ਦਾ ਵਿਆਪਕ ਦੌਰਾ ਕਰਕੇ ਇਸ ਦੇ ਬੁਨਿਆਦੀ ਢਾਂਚੇ ਅਤੇ ਵੰਨ-ਸੁਵੰਨੀਆਂ ਨਸਲਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ: ਚੰਦਰ ਪਾਲ ਸਿੰਘ, ਸਹਾਇਕ ਡਾਇਰੈਕਟਰ ਪਸ਼ੂ ਪਾਲਣ ਡਾ: ਸੁਖਵਿੰਦਰ ਸਿੰਘ ਅਤੇ ਸੀਨੀਅਰ ਵੈਟਰਨਰੀ ਅਫ਼ਸਰ ਡਾ: ਜਸਵਿੰਦਰ ਰਾਮ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਸੂਰਾਂ ਦੇ ਰੱਖ ਰਖਾਵ, ਵੈਕਸੀਨੇਸ਼ਨ ਅਤੇ ਖੁਰਾਕ ਸਬੰਧੀ ਜਾਣਕਾਰੀ ਹਾਸਿਲ ਕੀਤੀ ਅਤੇ ਵਧੀਆਂ ਮੈਨੇਜਮੈਂਟ ਅਤੇ ਰੱਖ ਰਖਾਵ ਦੀ ਸ਼ਲਾਘਾ ਕੀਤੀ । ਉਨ੍ਹਾਂ ਮੌਜੂਦਾ ਪਸ਼ੂ ਪਾਲਕਾਂ ਨੂੰ ਖੇਤੀਬਾੜੀ ਦੇ ਨਾਲ-ਨਾਲ ਅਜਿਹੇ ਸਹਾਇਕ ਧੰਦੇ ਵੀ ਅਪਨਾਉਣ ਲਈ ਉਤਸ਼ਾਹਿਤ ਕੀਤਾ। ਆਰਥਿਕ ਸੰਭਾਵਨਾਵਾਂ ਬਾਰੇ ਆਸ਼ਾਵਾਦ ਪ੍ਰਗਟ ਕਰਦੇ ਹੋਏ ਉਨ੍ਹਾਂ ਨੇ ਇਲਾਕਾ ਵਾਸੀਆਂ ਲਈ ਆਪਣੀ ਆਮਦਨ ਵਧਾਉਣ ਲਈ ਸੂਰ ਪਾਲਣ ਫਾਰਮ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਉਪਲਬਧ ਸਰੋਤਾਂ ਦਾ ਕੁਸ਼ਲਤਾ ਨਾਲ ਲਾਭ ਉਠਾਉਣ ਦੀ ਮਹੱਤਤਾ 'ਤੇ ਜੋਰ ਦਿੱਤਾ। ਡਿਪਟੀ ਕਮਿਸ਼ਨਰ ਨੇ ਨਿਰੀਖਣ ਦੌਰਾਨ ਟਿਕਾਊ ਵਿਕਾਸ ਲਈ ਗੋਬਰ ਗੈਸ ਪਲਾਂਟ ਦੀ ਸਥਾਪਨਾ ਦਾ ਸੁਝਾਅ ਦਿੱਤਾ, ਜਿਸ ਵਿੱਚ ਖੇਤੀ ਦੇ ਅਮਲਾਂ ਵਿੱਚ ਵਾਤਾਵਰਣ ਪ੍ਰਤੀ ਚੇਤਨਾ ਪ੍ਰਤੀ ਵਚਨਬੱਧਤਾ ਨੂੰ ਰੇਖਾਂਕਿਤ ਕੀਤਾ ਗਿਆ। ਇਹ ਪਹਿਲਕਦਮੀ ਖੇਤੀਬਾੜੀ ਸੈਕਟਰ ਦੇ ਅੰਦਰ ਈਕੋ-ਅਨੁਕੂਲ ਹੱਲਾਂ ਨੂੰ ਉਤਸ਼ਾਹਿਤ ਕਰਨ ਲਈ ਵਿਆਪਕ ਦ੍ਰਿਸ਼ਟੀਕੋਣ ਨਾਲ ਮੇਲ ਖਾਂਦੀ ਹੈ। ਉਨ੍ਹਾਂ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਰਗੀਆਂ ਸੰਸਥਾਵਾਂ ਤੋਂ ਬਚੇ ਹੋਏ ਭੋਜਨ ਦੀ ਵਰਤੋਂ ਕਰਨ ਲਈ ਫਾਰਮ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਜ਼ਿਲ੍ਹੇ ਦੀਆਂ ਹੋਰ ਵਿਦਿਅਕ ਸੰਸਥਾਵਾਂ ਨਾਲ ਹੋਰ ਸਹਿਯੋਗ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਆਪਸੀ ਲਾਭਦਾਇਕ ਭਾਈਵਾਲੀ ਦੀ ਸੰਭਾਵਨਾ 'ਤੇ ਜੋਰ ਦਿੱਤਾ ਜੋ ਸੂਰ ਪਾਲਣ ਫਾਰਮ ਦੇ ਸਮੁੱਚੇ ਵਿਕਾਸ ਅਤੇ ਭਾਈਚਾਰਕ ਵਿਕਾਸ ਨੂੰ ਉਤਸ਼ਾਹਿਤ ਕਰਨ ਵਿੱਚ ਯੋਗਦਾਨ ਪਾ ਸਕਦੇ ਹਨ। ਪਿਗਰੀ ਫਾਰਮ ਦੇ ਮਾਲਕ ਗੁਰਦਿਆਲ ਬੋਧ ਨੇ ਜਾਣਕਾਰੀ ਦਿੱਤੀ ਕਿ ਉਸਦੇ ਫਾਰਮ ਵਿੱਚ 450 ਦੇ ਕਰੀਬ ਸੂਰ/ਸੂਰੀਆਂ ਅਤੇ ਬੱਚੇ ਮੌਜੂਦ ਹਨ । ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਕਿ ਇਸ ਫਾਰਮ ਵਿੱਚ ਲਾਰਜ ਵਾਈਟ ਯਾਰਕਸਾਇਰ, ਲੈਂਡਰੇਸ, ਘੁੰਗਰੂ ਨਸਲ ਦੇ ਜਾਨਵਰ ਪਾਲੇ ਜਾਂਦੇ ਹਨ । ਇਸ ਤੋਂ ਇਲਾਵਾ ਲਾਰਜ ਵਾਈਟ ਯਾਰਕਸ਼ਾਇਰ ਅਤੇ ਘੁੰਗਰੂ ਨਸਲ ਨੂੰ ਕਰਾਸ ਕਰਾ ਕੇ ਇੱਕ ਨਵੀਂ ਲੋਕਲ ਨਸਲ ਵੀ ਤਿਆਰ ਕੀਤੀ ਗਈ ਹੈ। ਇਸ ਮੌਕੇ 'ਤੇ ਇਲਾਕੇ ਦੇ ਵੈਟਰਨਰੀ ਅਫਸਰ ਡਾ: ਅਰਨਜੀਤ ਸਿੰਘ ਅਤੇ ਡਾ: ਜਸਪ੍ਰੀਤ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।



# ਨਗਰ ਕੀਰਤਨ ਦੇ ਰਸਤੇ ਤੇ ਧਾਰਮਿਕ ਸਮਾਗਮ ਵਾਲੀ ਜਗ੍ਹਾ ਨੇੜੇ ਮੀਟ 'ਤੇ ਸ਼ਰਾਬ 'ਤੇ ਪਾਬੰਦੀ

**ਜਲੰਧਰ, (ਸੁਰਿੰਦਰ ਕੁਮਾਰ)**- ਜ਼ਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸਨਰ ਵਿਸ਼ੇਸ਼ ਸਾਰੰਗਲ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਵੱਖ-ਵੱਖ ਧਾਰਮਕ ਜਥੇਬੰਦੀਆਂ ਵਲੋਂ ਸਜਾਏ ਜਾ ਰਹੇ ਨਗਰ ਕੀਰਤਨ ਮੌਕੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦਿਆ ਫੌਜਦਾਰੀ ਜਾਬਤਾ ਸੰਘਤਾ ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਜਲੰਧਰ ਵਿੱਚ 25 ਨਵੰਬਰ ਨੂੰ ਨਗਰ ਕੀਰਤਨ ਦੇ ਰਸਤੇ ਅਤੇ ਧਾਰਮਿਕ ਸਮਾਗਮ ਵਾਲੀ ਜਗ੍ਹਾ ਨੇੜੇ ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ।

# ਪ੍ਰਕਾਸ਼ ਪੁਰਬ ਦੇ ਸੰਬੰਧ 'ਚ ਕੱਢੀ ਗਈ ਪ੍ਰਭਾਤ ਫੇਰੀ

**ਅੱਡੋ ਸਰਾਂ ( ਜਸਵੀਰ ਕਾਜਲ)** ਗੁਰਦੁਆਰਾ ਬਾਬਾ ਬਿਸ਼ਨ ਸਿੰਘ ਚੜ੍ਹਦੀ ਪੱਤੀ ਪਿੰਡ ਕੰਧਾਲਾ ਜੱਟਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ



ਅਤੇ ਉਤਸਾਹ ਨਾਲ ਮਨਾਇਆ ਜਾਵੇਗਾ। ਇਸ ਸੰਬੰਧੀ ਨਗਰ 'ਚ ਦੂਸਰੀ ਪ੍ਰਭਾਤ ਫੇਰੀ ਕੱਢੀ ਗਈ ਇਸੇ ਤਰ੍ਹਾਂ ਲਗਾਤਾਰ ਪੰਜ ਪ੍ਰਭਾਤ ਫੇਰੀਆਂ ਗੱਡੀਆਂ ਜਾਣਗੀਆਂ ਉਪਰੰਤ 26 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਨਾਂ ਦੇ ਭੋਗ 27 ਨੂੰ ਸਵੇਰੇ 9:30 ਵਜੇ ਪੈਣਗੇ, ਉਪਰੰਤ ਗੁਰੂ ਘਰ ਦਾ ਕੀਰਤਨ ਜਥਾ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕਰੇਗਾ। ਇਸ ਮੌਕੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ, ਪ੍ਰਧਾਨ ਗੁਰਵਿੰਦਰ ਸਿੰਘ ਗਿੱਤਾ, ਕੁਲਵੰਤ ਸਿੰਘ, ਭਾਈ ਦਾਤਾਰ ਸਿੰਘ ਦਾਤਾ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਕੁਲਵਿੰਦਰ ਸਿੰਘ ਸੋਨੀ, ਕੁਲਵਿੰਦਰ ਸਿੰਘ, ਸੁਬੇਦਾਰ ਗੁਰਮੇਲ ਸਿੰਘ, ਭਪਿੰਦਰ ਸਿੰਘ ਲੰਬੜਦਾਰ, ਕੁਲਦੀਪ ਸਿੰਘ ਕੀ ਪੀ, ਹਰਪ੍ਰੀਤ ਸਿੰਘ ਹੈਪੀ ਬਾਬਾ, ਗੁਰਜੋਤ ਸਿੰਘ ਜੋਤ, ਜਸਪਾਲ ਸਿੰਘ ਭੱਟੀ, ਅਕਾਸਦੀਪ ਸਿੰਘ, ਸੁੱਚਾ ਸਿੰਘ ਲੰਬੜਦਾਰ, ਰੇਸ਼ਮ ਸਿੰਘ, ਸਤਵਿੰਦਰ ਸਿੰਘ, ਇਕਬਾਲ ਸਿੰਘ ਬਾਲੀ, ਮਨਰਾਜ ਸਿੰਘ, ਪ੍ਰਭਸਿਮਰਤ ਸਿੰਘ, ਅਮ੍ਰਿਤ ਸਿੰਘ, ਗੁਰਤੇਜ ਸਿੰਘ, ਬਨੀਤ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਨੇ ਫਸਟ ਰਨਰਅੱਪ ਟਰਾਫੀ ਜਿੱਤਣ 'ਤੇ ਵਿਦਿਆਰਥੀ ਕਲਾਕਾਰ ਕੀਤੇ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੁਆਰਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅੰਤਰ-ਜ਼ੋਨਲ ਯੁਵਕ ਮੇਲੇ ਵਿੱਚ ਫਸਟ ਰੱਨਰ ਅੱਪ ਟ੍ਰਾਫ਼ੀ ਜਿੱਤਣ ਦੇ ਨਾਲ-ਨਾਲ ਮਿਊਜ਼ਿਕ ਅਤੇ ਫੋਕ ਇੰਵਟਸ ਦੀ ਵੀ ਫਸਟ ਰੱਨਰ ਅੱਪ ਟ੍ਰਾਫ਼ੀ ਜਿੱਤਣ 'ਤੇ ਇੱਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਯੁਵਕ ਮੇਲੇ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਦੇ ਇੰਚਾਰਜਾਂ ਅਤੇ ਵਿਦਿਆਰਥੀਆਂ ਨੇ ਟ੍ਰਾਫ਼ੀ ਜਿੱਤਣ ਦੀ ਖ਼ੁਸ਼ੀ ਪ੍ਰਧਾਨ ਗਵਰਨਿੰਗ ਕੌਂਸਲ ਬਲਬੀਰ ਕੌਰ, ਪ੍ਰਿੰਸੀਪਲ ਡਾ. ਜਸਪਾਲ ਸਿੰਘ ਅਤੇ ਵਾਈਸ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨਾਲ ਸਾਂਝੀ ਕੀਤੀ ਅਤੇ ਉਹਨਾਂ ਨੂੰ ਇਹ ਟ੍ਰਾਫ਼ੀਆਂ ਸੌਂਪੀਆਂ। ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਗਵਰਨਿੰਗ ਕੌਂਸਲ ਦੀ ਰਹਿਨੁਮਾਈ, ਇੰਚਾਰਜ ਸਾਹਿਬਾਨ ਅਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਤੇ ਲਗਨ ਸਦਕਾ ਇਹ ਟ੍ਰਾਫ਼ੀ ਜਿੱਤੀ ਹੈ। ਉਹਨਾਂ ਕਿਹਾ ਕਿ ਸਾਡੇ ਸਟਾਫ਼ ਅਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਅਤੇ ਲਗਨ ਸਦਕਾ ਕਾਲਜ ਨੇ ਇਹ ਜਿੱਤਾਂ ਪ੍ਰਾਪਤ ਕੀਤੀਆਂ ਹਨ। ਉਹਨਾਂ ਕਿਹਾ ਕਿ ਸਾਡੇ ਵਿਦਿਆਰਥੀ ਕਲਾਕਾਰ ਦੇਸ਼ਾਂ ਵਿਦੇਸ਼ਾਂ ਵਿੱਚ ਕਾਲਜ ਦਾ ਨਾਂਅ ਰੌਸ਼ਨ ਕਰ ਰਹੇ ਹਨ। ਉਹਨਾਂ ਕਿਹਾ ਕਿ ਸਾਨੂੰ ਆਪਣੇ ਪ੍ਰਤਿਭਾਵਾਨ ਵਿਦਿਆਰਥੀਆਂ 'ਤੇ ਬਹੁਤ ਮਾਣ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਿੱਖਿਆ, ਕਲਾ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਵਿਕਾਸ ਲਈ ਅਸੀਂ ਹਮੇਸ਼ਾਂ ਵਚਨਬਧ ਹਾਂ। ਉਹਨਾਂ ਕਾਲਜ ਦੁਆਰਾ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਮਦਦ ਦੇਣ ਦਾ ਭਰੋਸਾ ਦਿਵਾਇਆ। ਉਹਨਾਂ ਦੱਸਿਆ ਕਿ ਕਾਲਜ ਨੇ ਇੰਟਰ ਜ਼ੋਨਲ ਯੁਵਕ ਮੇਲੇ ਵਿੱਚ 4 ਆਈਟਮਾਂ ਵਿੱਚ ਪਹਿਲਾ ਸਥਾਨ, 7 ਵਿੱਚ ਦੂਜਾ ਸਥਾਨ ਅਤੇ 5 ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਇਹ ਟ੍ਰਾਫ਼ੀਆਂ ਆਪਣੇ ਨਾਂ ਕੀਤੀਆਂ ਹਨ। ਉਨਾਂ ਕਿਹਾ ਕਿ ਯੂਨੀਵਰਸਿਟੀ ਦੇ ਜ਼ੋਨਲ ਯੁਵਕ ਮੇਲੇ ਵਿੱਚ ਕਾਲਜ ਨੇ 'ਸੀ-ਜ਼ੋਨ' ਦੀ ਵੀ ਫਸਟ ਰੱਨਰ ਅਪ ਟਰਾਫੀ ਜਿੱਤੀ ਸੀ। ਇਸ ਮੌਕੇ ਵੱਖ-ਵੱਖ ਆਈਟਮਾਂ ਦੇ ਇੰਚਾਰਜਾਂ ਅਤੇ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੋ. ਪਲਵਿੰਦਰ ਸਿੰਘ, ਡੀਨ ਕਲਚਰਲ ਅਫੇਅਰਜ਼, ਡਾ. ਸੁਰਿੰਦਰਪਾਲ ਮੰਡ ਡੀਨ ਸਟੂਡੈਂਟ ਵੈਲਫੇਅਰਜ਼, ਪ੍ਰੋ. ਸੁਖਦੇਵ ਸਿੰਘ, ਮੁਖੀ ਸੰਗੀਤ ਵਿਭਾਗ, ਡਾ. ਹਰਜਿੰਦਰ ਸਿੰਘ ਇੰਚਾਰਜ ਥੀਏਟਰ ਟੀਮ, ਡਾ. ਅਜੀਤਪਾਲ ਸਿੰਘ ਇੰਚਾਰਜ ਫਾਈਨ ਆਰਟਸ, ਪ੍ਰੋ. ਸਤਪਾਲ ਸਿੰਘ ਇੰਚਾਰਜ ਐਲੋਕਿਊਸ਼ਨ ਤੇ ਡਿਬੇਟ, ਪ੍ਰੋ. ਨਵਜੋਤ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਹਰਜਿੰਦਰ ਕੌਰ, ਪ੍ਰੋ. ਨਵਨੀਤ ਕੌਰ, ਪ੍ਰੋ. ਰਵਨੀਤ ਕੌਰ, ਪ੍ਰੋ. ਨਿੱਧੀ ਸ਼ਰਮਾ, ਪ੍ਰੋ. ਕਿਰਨਦੀਪ ਕੌਰ, ਪ੍ਰੋ. ਪ੍ਰੀਤੀ, ਪ੍ਰੋ. ਬਲਰਾਜ ਸਿੰਘ, ਪ੍ਰੋ. ਭਾਵਨਾ, ਪ੍ਰੋ. ਪ੍ਰਿਆ ਕਟਾਰੀਆ, ਪ੍ਰੋ. ਸੋਨੀਆਂ, ਪ੍ਰੋ. ਓਂਕਾਰ ਸਿੰਘ, ਪ੍ਰੋ. ਮਨਦੀਪ ਸਿੰਘ ਤੇ ਵਿਦਿਆਰਥੀ ਹਾਜ਼ਰ



# ਜਸਕਰਨ ਸਿੰਘ ਨੇ ਮੋਹਾਲੀ ਵਿਖੇ ਏ ਡੀ ਜੀ ਪੀ ਰੂਪਨਗਰ ਰੇਂਜ ਵਜੋਂ ਅਹੁਦਾ ਸੰਭਾਲਿਆ

**ਮੋਹਾਲੀ (ਗੁਰਜੀਤ ਬਿੱਲਾ)**-ਸਾਲ 1998 ਬੈਚ ਦੇ ਆਈ ਪੀ ਐਸ ਅਧਿਕਾਰੀ ਜਸਕਰਨ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐੱਸ ਏ ਐੱਸ ਨਗਰ ਮੋਹਾਲੀ ਵਿਖੇ ਏ.ਡੀ.ਜੀ.ਪੀ. ਰੋਪੜ ਰੇਂਜ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਪੁਲਸ ਦੀ ਟੁਕੜੀ ਵੱਲੋਂ ਉਹਨਾਂ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਐਸ ਏ ਐਸ ਨਗਰ ਦੇ ਐਸ ਐਸ ਪੀ ਡਾ. ਸੰਦੀਪ ਗਰਗ ਅਤੇ ਐਸ ਪੀ (ਐਚ) ਜਯੋਤੀ ਯਾਦਵ ਨੇ ਉਨ੍ਹਾਂ ਨੂੰ ਰਸਮੀ ਤੌਰ 'ਤੇ ਜੀ ਆਇਆਂ ਕਿਹਾ। ਅਹੁਦਾ ਸੰਭਾਲਣ ਮੌਕੇ ਮੀਡੀਆ ਨੂੰ ਮੁਖ਼ਾਤਬ ਹੁੰਦਿਆਂ ਜਸਕਰਨ ਸਿੰਘ ਨੇ ਕਿਹਾ ਕਿ ਪੰਜਾਬ ਪੁਲਸ ਬਹੁਤ ਹੀ ਕਾਬਲ ਫੋਰਸ ਹੈ ਤੇ ਰੇਂਜ ਅਧੀਨ ਆਉਂਦੇ ਸਾਰੇ ਜ਼ਿਲ੍ਹਿਆਂ ਦੇ ਪੁਲਸ ਅਧਿਕਾਰੀਆਂ ਨਾਲ ਚੰਗੇ ਤਾਲਮੇਲ ਨਾਲ ਹਰ ਤਰ੍ਹਾਂ ਦੇ ਗ਼ੈਰਕਾਨੂੰਨੀ ਕੰਮਾਂ ਨੂੰ ਨੱਥ ਪਾਈ ਜਾਵੇਗੀ। ਜਸਕਰਨ ਸਿੰਘ ਨੇ ਕਿਹਾ ਕਿ ਪੁਲਸ ਦਾ ਕੰਮ ਲੋਕਾਂ ਨੂੰ ਸੁਖਾਵਾਂ ਤੇ ਸੁਰੱਖਿਅਤ ਮਾਹੌਲ ਪ੍ਰਦਾਨ ਕਰਨਾ ਹੈ, ਜਿਸ ਦੀ ਪੂਰਤੀ ਹਿੱਤ ਉਹ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ। ਜ਼ਿਕਰਯੋਗ ਹੈ ਕਿ ਜਸਕਰਨ ਸਿੰਘ ਇਸ ਵੇਲੇ ਬਤੌਰ ਰੋਪੜ ਰੇਂਜ ਦੇ ਏ ਡੀ ਜੀ ਪੀ ਦੇ ਨਾਲ ਏ ਡੀ ਜੀ ਪੀ ਇੰਟੈਲੀਜੈਂਸ-2 ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ।



# ਫੈਡਰੇਸ਼ਨ ਗਰੇਵਾਲ ਨੇ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਸੰਬੰਧੀ ਜਾਗਰੂਕ ਮੁਹਿੰਮ ਦਾ ਕੀਤਾ ਆਰੰਭ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦ ਬਿੰਦੀ)**

ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜੋ ਕਿ ਦੁਨੀਆ ਭਰ 'ਚ ਸਿੱਖ ਸਿਧਾਂਤ ਦੇ ਪ੍ਰਚਾਰ ਅਤੇ ਸਿੱਖ ਮਸਲਿਆਂ ਲਈ ਆਪਣੀ ਡਿਊਟੀ ਗੁਰੂ ਦੀ ਕਿਰਪਾ ਨਾਲ ਨਿਭਾਉਂਦੀ ਆ ਰਹੀ ਹੈ। ਉਸ ਸੰਸਥਾ ਦੀਆਂ ਵੋਟਾਂ ਬਣਾਉਣ ਦੇ ਐਲਾਨ ਤੋਂ ਬਾਅਦ ਦੇਖਣ 'ਚ ਆ ਰਿਹਾ ਹੈ ਕਿ ਵੋਟਾਂ ਬਣਾਉਣ ਦੀ ਪ੍ਰਕਿਰਿਆ 'ਚ ਲਾਗੂ ਕੀਤੀਆਂ ਜਾ ਰਹੀਆਂ ਸ਼ਰਤਾਂ ਕਾਰਨ ਬਹੁਤ ਘੱਟ ਵੋਟਾਂ ਬਣ ਰਹੀਆਂ ਹਨ ਜੋ ਕਿ ਸਿੱਖਾਂ ਦੀ ਗਿਣਤੀ ਅਤੇ ਸੰਸਥਾ ਲਈ ਵੱਡੀ ਚੁਣੌਤੀ ਬਣ ਸਕਦੀਆਂ ਹਨ। ਗੁਰਦੁਆਰਾ ਇਲੈਕਸ਼ਨ ਕਮਿਸ਼ਨ ਵੱਲੋਂ ਕਿਸੇ ਵੀ ਤਰ੍ਹਾਂ ਦਾ ਪ੍ਰਚਾਰ ਜਾਂ ਜਾਗਰੂਕਤਾ ਲਈ ਕੋਈ ਪ੍ਰੋਗਰਾਮ ਨਹੀਂ ਦਿੱਤਾ ਗਿਆ। ਸਿੱਖ ਸਟੂਡੈਂਟ ਫੈਡਰੇਸ਼ਨ ਵੋਟਾਂ ਘੱਟ ਬਣਨ ਪਿੱਛੇ ਕੀਤੀ ਜਾ ਰਹੀ ਸਾਜ਼ਿਸ਼ ਨੂੰ ਬਖੂਬੀ ਸਮਝਦਿਆਂ ਇਸ ਸਬੰਧੀ ਪ੍ਰਕਿਰਿਆ 'ਚ ਰੁਕਾਵਟਾਂ ਹਟਾਉਣ ਲਈ ਸਰਕਾਰ ਤੱਕ ਪਹੁੰਚ ਅਤੇ ਸਿੱਖ ਸੰਗਤਾਂ ਅੰਦਰ ਇਸ ਵੋਟਾਂ ਦੀ ਅਹਿਮੀਅਤ ਸਬੰਧੀ ਜਾਣੂ ਕਰਵਾਉਣ ਲਈ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪ੍ਰਚਾਰ ਮੁਹਿੰਮ ਦਾ ਆਰੰਭ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਫੈਡਰੇਸ਼ਨ ਦੇ ਮੁੱਖ ਸੇਵਾਦਾਰ ਭਾਈ ਗਰਚਰਨ ਸਿੰਘ ਗਰੇਵਾਲ ਅਤੇ ਸ਼੍ਰੋਮਣੀ ਕਮੇਟੀ ਦੇ ਮੀਤ ਪ੍ਰਧਾਨ ਭਾਈ ਗੁਰਬਖਸ਼ ਸਿੰਘ ਖਾਲਸਾ ਤੇ ਸਾਥੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਇੱਕ ਇਕੱਤਰਤਾ ਦੌਰਾਨ ਕੀਤਾ। ਇੱਥੇ ਜ਼ਿਕਰਯੋਗ ਹੈ ਕਿ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਗੁਰਬਖਸ਼ ਸਿੰਘ ਖਾਲਸਾ ਜਿਨਾਂ ਨੂੰ ਸ੍ਰੋਮਣੀ ਕਮੇਟੀ ਦੇ ਮੀਤ ਪ੍ਰਧਾਨ ਵਜੋਂ ਸੇਵਾ ਸੌਂਪੀ ਗਈ ਹੈ ਉਹ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਾਥੀਆਂ ਸਮੇਤ ਨਤਮਸਤਕ ਹੋਣ ਅਤੇ ਸ਼ੁਕਰਾਨਾ ਕਰਨ ਪਹੁੰਚੇ ਫੈਡਰੇਸ਼ਨ ਦੇ ਵਰਕਰਾਂ ਚ ਭਾਰੀ ਜੋਸ਼ ਦਿਖਾਈ ਦੇ ਰਿਹਾ ਸੀ। ਇਸ ਸਮੇਂ ਤਖਤ ਸਾਹਿਬ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਫੈਡਰੇਸ਼ਨ ਆਗੂਆਂ ਨੂੰ ਸਨਮਾਨਿਤ ਕੀਤਾ ਗਿਆ ਤੇ ਸਿੱਖਾਂ ਦੇ ਹਰਿਆਵਲ ਦਸਤੇ ਦੀਆਂ ਪੰਥ ਪ੍ਰਤੀ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਭਰਪੂਰ ਸਲਾਘਾ ਕੀਤੀ। ਉਹਨਾਂ ਕਿਹਾ ਕਿ ਕੌਮ ਤੇ ਹਰ ਨਵੀਂ ਸਵੇਰ ਸਾਜ਼ਿਸ਼ੀ ਢੰਗ ਨਾਲ ਹਮਲੇ ਹੋ ਰਹੇ ਹਨ ਸਾਨੂੰ ਇੱਕਜੁੱਟ ਹੋ ਕੇ ਇਹਨਾਂ ਖਿਲਾਫ ਲਾਮਬੰਦ ਹੋਣਾ ਚਾਹੀਦਾ ਹੈ। ਸਿੰਘ ਸਾਹਿਬ ਨੇ ਫੈਡਰੇਸ਼ਨ ਵੱਲੋਂ ਸ੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਸਬੰਧੀ ਜਾਗਰੂਕ ਮੁਹਿੰਮ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਹਰ ਸਿੱਖ ਪਰਵਾਰ ਵਧ ਚੜ੍ਹ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਾਉਣ ਲਈ ਅੱਗੇ ਆਵੇ। ਇਸ ਸਮੇਂ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਪ੍ਰੋਫੈਸਰ ਪ੍ਰੇਮ ਸਿੰਘ ਚੰਦ ਮਾਜਰਾ ਅਮਰਜੀਤ ਸਿੰਘ ਚਾਵਲਾ ਗੁਰਿੰਦਰ ਸਿੰਘ ਗੋਗੀ ਪਰਮਜੀਤ ਸਿੰਘ ਧਰਮ ਸਿੰਘ ਵਾਲਾ ਮੋਹਨ ਸਿੰਘ ਮੁਹੰਮਦੀਪੁਰ ਹਿੰਮਤ ਸਿੰਘ ਰਾਜਾ ਮਨਮੀਤ ਸਿੰਘ ਦਰਸ਼ਨ ਸਿੰਘ ਰਾਏ ਰਣਜੋਤ ਸਿੰਘ ਬਾਜ ਬਿਕਰਮਜੀਤ ਸਿੰਘ ਦਲਜੀਤ ਸਿੰਘ ਭੁੱਟੋ ਸਵਰਨਜੀਤ ਸਿੰਘ ਬੋਬੀ ਸਤਨਾਮ ਸਿੰਘ ਪ੍ਰਧਾਨ ਹਿਮਾਚਲ ਪ੍ਰਦੇਸ਼ ਜਰਨੈਲ ਸਿੰਘ ਵਾਹਦ ਸੁਖਦੀਪ ਸਿੰਘ ਸਾਕਰ ਜ਼ਿਲ੍ਹਾ ਪ੍ਰਧਾਨ ਜੁਗਿੰਦਰ ਸਿੰਘ ਅਟਾਲ ਕੁਲਵਿੰਦਰ ਸਿੰਘ ਢਾਹਾਂ ਸਤਨਾਮ ਸਿੰਘ ਲਾਤੀਆਂ ਗਦਾਵਰ ਸਿੰਘ ਪੱਲੀ ਚੱਕੀ ਪਰਮ ਸਿੰਘ ਖਾਲਸਾ ਜਥੇਦਾਰ ਤਾਰਾ ਸਿੰਘ ਕੁਲਵਿੰਦਰ ਸਿੰਘਲਾ ਅਜਮੇਰ ਸਿੰਘ ਭਾਰਾਪੁਰ ਰੁਪਿੰਦਰ ਸਿੰਘ ਸੈਣੀ ਮਨਜਿੰਦਰ ਸਿੰਘ ਬਰਾੜ ਹਰਦੀਪ ਸਿੰਘ ਕੋਟ ਰਾਂਝਾ ਹਰਜਾਪ ਸਿੰਘ ਲਾਡਲ ਜਸਵੀਰ ਸਿੰਘ ਅਨੰਦਪੁਰ ਸਾਹਿਬ ਦਲਜੀਤ ਸਿੰਘ ਲਾਡੀ ਹਜ਼ੂਰਾ ਸਿੰਘ ਪਹਿਲੀ ਚੌਧਰੀ ਅਸਸ਼ਕ ਕੁਮਾਰ ਚੌਧਰੀ ਰਮਨ ਨੰਦ ਲਾਲ ਸਵਰਨ ਕਜੋਲੀ ਰਣਜੀਤ ਸਿੰਘ ਯੋਧਾ ਜਤਿੰਦਰ ਸਿੰਘ ਹਰਸਿਮਰਨ ਸਿੰਘ ਲਖਵਿੰਦਰ ਸਿੰਘ ਸੈਣੀ ਮਾਜਰਾ ਅਮਰੀਕ ਸਿੰਘ ਨੂਰਪੁਰ ਬੇਦੀ ਦਲਵਿੰਦਰ ਸਿੰਘ ਅਨੰਦਪੁਰ ਸਾਹਿਬ ਆਦਿ ਹਾਜਰ ਸਨ।

# 'ਸੰਦੂਕੜੀ ਖੋਲ੍ਹ ਨਰੈਣਿਆ' ਦਾ ਸ.ਫਲ ਮੰਚਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਪਿੰਡ ਛੱਜਲਵੱਡੀ ਵਿਖੇ ਕਰਵਾਏ ਗਏ 19ਵੇਂ ਸ਼ਹੀਦ ਗਹਿਲ ਸਿੰਘ ਇਨਕਲਾਬੀ ਮੇਲੇ ਦੇ ਦੂਸਰੇ ਦਿਨ ਗੁਰਦਿਆਲ ਸਿੰਘ ਬੱਲ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਜਤਿੰਦਰ ਸਿੰਘ ਛੀਨਾ, ਜਰਮਨਜੀਤ ਸਿੰਘ, ਰਵਿੰਦਰ ਸਿੰਘ ਛੱਜਲਵੱਡੀ ਅਤੇ ਪ੍ਰਕਾਸ਼ ਸਿੰਘ ਥੋਥੀਆਂ ਨੇ ਕਿਹਾ ਕਿ ਭਾਰਤੀ ਹਾਕਮਾਂ ਵੱਲੋਂ ਦੇਸ਼ ਅੰਦਰ ਕਿਰਤੀਆਂ ਦਾ ਸੋਸ਼ਣ ਕਰਨ ਲਈ ਫਿਰਕਾਪ੍ਰਸਤੀ ਨੂੰ ਅੰਧਾਧੁੰਦ ਉਭਾਰਿਆ ਜਾ ਰਿਹਾ ਹੈ, ਜਿਸ ਦਾ ਮੁਕਾਬਲਾ ਕੇਵਲ ਚੇਤਨ ਕਿਰਤੀ ਲੋਕ ਹੀ ਕਰ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਇਹੋ ਜਿਹੇ ਇਨਕਲਾਬੀ ਮੇਲੇ ਕਿਰਤੀ ਲੋਕਾਂ ਦੀ ਚੇਤਨਾ ਨੂੰ ਉੱਚਾ ਕਰਕੇ ਸੰਘਰਸ਼ ਕਰਨ ਦੀ ਪ੍ਰੇਰਨਾ ਦਿੰਦੇ ਹਨ। ਮੇਲੇ ਵਿੱਚ ਡਾ. ਸਾਹਿਬ ਸਿੰਘ ਵੱਲੋਂ ਖੇਡੇ ਗਏ ਨਾਟਕ 'ਸੰਦੂਕੜੀ ਖੋਲ੍ਹ ਨਰੈਣਿਆ' ਨੂੰ ਪੰਡਾਲ ਵਿੱਚ ਮੌਜੂਦ ਸੈਂਕੜੇ ਲੋਕਾਂ ਨੇ ਨਮ ਅੱਖਾਂ ਨਾਲ ਵੇਖਿਆ। ਨਾਟਕ ਵਿੱਚ ਮਾਸਟਰ ਦੀ ਭੂਮਿਕਾ ਵਿੱਚ ਡਾ. ਸਾਹਿਬ ਸਿੰਘ ਵੱਲੋਂ ਨਰੈਣੇ ਦੀ ਸੰਦੂਕੜੀ 'ਚੋਂ ਕਿਰਤੀ ਲੋਕਾਂ ਦੇ ਰੌਸ਼ਨ ਭਵਿੱਖ ਲਈ ਸਾਂਭ ਕੇ ਰੱਖੇ ਹੋਏ ਫੁੱਲਾਂ ਨੂੰ ਪੰਡਾਲ ਵਿੱਚ ਮੌਜੂਦ ਲੋਕਾਂ 'ਤੇ ਬਰਸਾ ਕੇ ਇੱਕ ਚੇਤਨ ਸਮਾਜ ਸਿਰਜਣ ਦੇ ਦਿੱਤੇ ਹੋਕੇ ਨੂੰ ਦਰਸ਼ਕਾਂ ਨੇ ਖੜੇ ਹੋ ਕੇ ਜੀ ਆਇਆਂ ਆਖਿਆ। ਮੇਲੇ ਦੇ ਦੂਸਰੇ ਦਿਨ ਕਰਵਾਏ ਗਏ ਕੋਰੀਓਗ੍ਰਾਫੀ ਮੁਕਾਬਲਿਆਂ ਵਿੱਚ ਸੰਤ ਬਾਬਾ ਨੱਥਾ ਸਿੰਘ ਹਾਈ ਸਕੂਲ ਬੁਤਾਲਾ ਦੀ ਟੀਮ ਪਹਿਲੇ, ਸੇਂਟ ਸੋਲਜਰ ਸੀਨੀਅਰ ਸੈਕੰਡਰੀ ਸਕੂਲ ਠੱਠੀਆਂ ਦੂਸਰੇ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਦਿਆਲਗੜ੍ਹ



ਤੀਸਰੇ ਸਥਾਨ 'ਤੇ ਰਹੇ। ਮੇਲੇ ਵਿੱਚ ਸ਼ਹੀਦ ਗਹਿਲ ਸਿੰਘ ਦੀ ਬੇਟੀ ਡਾ. ਇਕਬਾਲ ਕੌਰ ਨੇ ਸਮਾਜ ਵਿੱਚ ਮੇਲੇ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਮੇਲੇ ਵਿੱਚ ਬੱਚਿਆਂ ਦੇ ਪੇਂਟਿੰਗ ਮੁਕਾਬਲਿਆਂ ਦੇ ਸੀਨੀਅਰ ਵਰਗ ਵਿੱਚ ਕਿਰਨਜੀਤ ਕੌਰ ਸੇਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਪਹਿਲੇ, ਰਵਨੀਤ ਕੌਰ ਸੇਂਟ ਸੋਲਜਰ ਸਕੂਲ ਚਵਿੰਡਾ ਦੇਵੀ ਦੂਸਰੇ ਅਤੇ ਗੁਰਭੇਜ ਸਿੰਘ ਸੰਤ ਬਾਬਾ ਨੱਥਾ ਸਿੰਘ ਹਾਈ ਸਕੂਲ ਬੁਤਾਲਾ ਤੀਸਰੇ ਸਥਾਨ 'ਤੇ ਰਹੇ। ਪੇਂਟਿੰਗ ਜੂਨੀਅਰ ਵਰਗ ਵਿੱਚ ਜਾਨਵੀ ਸੰਤ ਬਾਬਾ ਨੱਥਾ ਸਿੰਘ ਹਾਈ ਸਕੂਲ ਬੁਤਾਲਾ ਪਹਿਲੇ, ਗੁਰਸ਼ਰਨ ਸਿੰਘ ਸੇਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਦੂਸਰੇ ਅਤੇ ਅਵਲਪ੍ਰੀਤ ਕੌਰ ਬੀ. ਡੀ. ਐੱਸ. ਸੀਨੀਅਰ ਸੈਕੰਡਰੀ ਸਕੂਲ ਧਾਰੜ ਤੀਸਰੇ ਸਥਾਨ 'ਤੇ ਰਹੇ। ਪੇਂਟਿੰਗ ਸਬ ਜੂਨੀਅਰ ਵਰਗ ਵਿੱਚ ਪ੍ਰਨੀਤ ਕੌਰ ਸੇਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਪਹਿਲੇ, ਗੁਰਸੇਵਕ ਸਿੰਘ ਸੰਤ ਬਾਬਾ ਨੱਥਾ ਸਿੰਘ ਹਾਈ ਸਕੂਲ ਬੁਤਾਲਾ ਦੂਸਰੇ ਅਤੇ ਏਕਮਪ੍ਰੀਤ ਕੌਰ ਬੀ. ਡੀ. ਐੱਸ. ਸੀਨੀਅਰ ਸੈਕੰਡਰੀ ਸਕੂਲ ਧਾਰੜ ਤੀਸਰੇ ਸਥਾਨ 'ਤੇ ਰਹੇ। ਇਸ ਮੌਕੇ ਯੁੱਧਬੀਰ ਸਿੰਘ ਸਰਜਾ, ਇੰਦਰਬੀਰ ਸਿੰਘ ਰਸਲ, ਹਰਿੰਦਰ ਦੁਸਾਂਝ, ਗੁਰਿੰਦਰਜੀਤ ਸਿੰਘ, ਚੰਨਣ ਸਿੰਘ ਚੰਨਾ, ਸੁਖਚੈਨ ਸਿੰਘ, ਗੁਰਕੰਵਰ ਸਿੰਘ, ਸਰਬਜੀਤ ਕੌਰ, ਮਹਿੰਦਰ ਸਿੰਘ, ਸੁਰਜੀਤ ਪਲਵਾ, ਗੁਰਦੀਪ ਸਿੰਘ, ਜਗਤਾਰ ਸਿੰਘ ਥੋਥੀਆਂ, ਡਾ. ਮੁਖ਼ਤਾਰ ਸਿੰਘ ਭੋਰਛੀ, ਹਰਪਾਲ ਸਿੰਘ ਭੋਰਛੀ, ਕੰਵਲਜੀਤ ਕੌਰ, ਹਰਜਿੰਦਰ ਸਿੰਘ ਟਾਂਗਰਾ, ਜਸਪਾਲ ਸਿੰਘ ਹੀਰਾ, ਰਾਜੇਸ਼ ਕੁਮਾਰ ਰਾਜੂ, ਲੱਖਾ ਸਿੰਘ ਅਤੇ ਸੁਖਬੀਰ ਕੌਰ ਸੋਨੀ ਆਦਿ ਵੀ ਸ਼ਾਮਲ ਸਨ। ਜੱਜਮੈਂਟ ਦੀ ਭੂਮਿਕਾ ਡਾ. ਗੁਰਦਿਆਲ ਸਿੰਘ ਅਤੇ ਸੰਜੀਵ ਸਿਆਲ ਵੱਲੋਂ ਨਿਭਾਈ ਗਈ।